ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਸੋਮਵਾਰ, 22 ਦਸੰਬਰ 2025 (ਨਾਨਕਸ਼ਾਹੀ ਸੰਮਤ : ੫੫੭, ੮ ਪੋਹ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

## ਸ਼ਹੀਦੀ ਹਫ਼ਤਾ (੮ ਪੋਹ)

ਸਿੱਖ ਧਰਮ ਵਿੱਚ 6 ਪੋਹ ਤੋਂ ਲੈ ਕੇ ਅਗਲਾ ਇੱਕ ਹਫ਼ਤਾ ਸ਼ਹੀਦੀ ਹਫ਼ਤੇ ਦੇ ਤੌਰ 'ਤੇ ਮਨਾਉਂਦੇ ਹਨ। ਇਸ ਇੱਕ ਹਫ਼ਤੇ ਵਿੱਚ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪੂਰਾ ਪਰਿਵਾਰ ਸ਼ਹੀਦ ਹੋ ਗਿਆ ਸੀ। ਨਾਨਕਸ਼ਾਹੀ ਕੈਲੰਡਰ ਦੇ ਅਨੁਸਾਰ 20 ਦਸੰਬਰ ਤੋਂ ਲੈ ਕੇ 28 ਦਸੰਬਰ ਤੱਕ ਨੂੰ ਸਿੱਖ ਕੌਮ ਸ਼ਹੀਦੀ ਹਫ਼ਤੇ ਦੇ ਤੌਰ 'ਤੇ ਯਾਦ ਕਰਦੀ ਹੈ। ਸ਼ਰਧਾਵਾਨ ਸਿੱਖ ਜ਼ਮੀਨ 'ਤੇ ਸੌਂ ਕੇ ਮਾਤਾ ਗੁਜਰੀ ਜੀ ਨੂੰ ਯਾਦ ਕਰਦੇ ਹਨ। ਦਰਅਸਲ ਦਸੰਬਰ ਦੀ ਇਸ ਕੜਕੜਾਉਂਦੀ ਠੰਢ ਵਿੱਚ ਮਾਤਾ ਗੁਜਰੀ ਜੀ ਅਤੇ ਦੋਨੋਂ ਛੋਟੇ ਸਾਹਿਬਜ਼ਾਦਿਆਂ ਨੂੰ ਸਰਹਿੰਦ ਦੇ ਠੰਡੇ ਬੁਰਜ ਵਿੱਚ ਖੁੱਲ੍ਹੇ ਆਸਮਾਨ ਹੇਠ ਕੈਦ ਕਰਕੇ ਰੱਖਿਆ ਗਿਆ ਸੀ। ਪੂਰਾ ਹਫ਼ਤੇ ਵਿੱਚ ਕਿਸ ਦਿਨ ਕੀ ਹੋਇਆ, ਰੋਜ਼ਾਨਾ ਦੱਸ ਰਹੇ ਹਾਂ।



**ਇਸ ਦਿਨ** ਚਮਕੌਰ ਦਾ ਯੁੱਧ ਹੋਇਆ, ਜਿਸ ਵਿੱਚ ਮੁਗਲਾਂ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਸੈਨਾ ਆਹਮਣੇ-ਸਾਹਮਣੇ ਸੀ। ਅਜਿਹਾ ਕਿਹ ਜਾਂਦਾ ਹੈ ਕਿ ਮੁਗਲਾਂ ਦੀ ਸੈਨਾ ਹਜ਼ਾਰਾਂ ਦੀ ਗਿਣਤੀ ਵਿੱਚ ਸੀ ਜਦਕਿ ਸਿੱਖਾਂ ਦੀ ਗਿਣਤੀ ਬਹੁਤ ਘੱਟ ਸੀ। ਇਸਦੇ ਬਾਵਜੂਦ ਉਨ੍ਹਾਂ ਨੇ ਬਹਾਦਰੀ ਦਿਖਾਉਂਦੇ ਹੋਏ ਮੁਗਲਾਂ ਨਾਲ ਲੋਹਾ ਲਿਆ। ਯੁੱਧ ਵਿੱਚ ਆਪਣੇ ਸੈਨਿਕਾਂ ਨੂੰ ਸ਼ਹੀਦ ਹੁੰਦੇ ਦੇਖ ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਨੇ ਗੁਰੂ ਗੋਬਿੰਦ ਸਿੰਘ ਜੀ ਨੂੰ ਕਿਹਾ ਕਿ ਉਹ ਯੁੱਧ ਵਿੱਚ ਜਾ ਕੇ ਕੌਮ ਦੇ ਲਈ ਲੜਨਾ ਚਾਹੁੰਦੇ ਹਨ। ਗੁਰੂ ਗੋਬਿੰਦ ਸਿੰਘ ਜੀ ਨੇ ਉਨ੍ਹਾਂ ਨੂੰ ਆਗਿਆ ਦਿੰਦੇ ਹੋਏ ਯੁੱਧ ਵਿੱਚ ਉਤਾਰਿਆ, ਜਿਸ ਵਿੱਚ ਉਨ੍ਹਾਂ ਨੇ ਇੱਕ ਦੇ ਬਾਅਦ ਇੱਕ ਮੁਗਲ ਸੈਨਿਕਾਂ ਨੂੰ ਮੌਤ ਦੇ ਘਾਟ ਉਤਾਰ ਦਿੱਤਾ। ਇਸ ਦਰਮਿਆਨ ਉਹ ਖ਼ੁਦ ਵੀ ਸ਼ਹੀਦ ਹੋ ਗਏ। ਵੱਡੇ ਭਰਾ ਨੂੰ ਯੁੱਧ ਵਿੱਚ ਸ਼ਹੀਦ ਹੁੰਦਾ ਦੇਖ ਬਾਬਾ ਜੁਝਾਰ ਸਿੰਘ ਵੀ ਪਿਤਾ ਜੀ ਦੀ ਆਗਿਆ ਲੈ ਕੇ ਯੁੱਧ ਵਿੱਚ ਉਤਰੇ ਅਤੇ ਉਨ੍ਹਾਂ ਨੇ ਵੀ ਮੁਗਲੀਆ ਸੈਨਾ ਨਾਲ ਲੋਹਾ ਲਿਆ। ਛੋਟੀ ਜਿਹੀ ਉਮਰ ਵਿੱਚ ਉਨ੍ਹਾਂ ਨੇ ਕਈ ਮੁਗਲਾਂ ਨੂੰ ਮੌਤ ਦੇ ਘਾਟ ਉਤਾਰਿਆ ਅਤੇ ਉਹ ਵੀ ਸ਼ਹੀਦ ਹੋ ਗਏ। ਇਹ ਪੂਰਾ ਨਜ਼ਾਰਾ ਗੁਰੂ ਗੋਬਿੰਦ ਸਿੰਘ ਜੀ ਚਮਕੌਰ ਦੇ ਕਿਲੇ ਤੋਂ ਦੇਖ ਰਹੇ ਸਨ। ••

ਆਵਾਜ਼ਿ ਕੌਮ AWAZE QAUM International Newspaper & WEB TV





## ਇੰਗਲੈਂਡ 'ਚ 3 ਪੰਜਾਬੀਆਂ ਨੂੰ ਹੋਈ 11 ਸਾਲ ਦੀ ਜੇਲ੍ਹ, ਡਰਬੀ ਕਬੱਡੀ ਟੂਰਨਾਮੈਂਟ 'ਚ ਹੋਈ ਹਿੰਸਾ 'ਚ ਸ਼ਾਮਲ ਸਨ ਮੁਲਜ਼ਮ

**ਲੰਡਨ , 21 ਦਸੰਬਰ (ਆਵਾਜ਼ਿ ਕੌਮ ਬਿਊਰੋ)**- 2023 ਵਿੱਚ ਯੂਕੇ ਦੇ ਡਰਬੀ ਵਿੱਚ ਇੱਕ ਕਬੱਡੀ ਟੂਰਨਾਮੈਂਟ ਦੌਰਾਨ ਭੜਕੀ ਹਿੰਸਾ ਲਈ ਤਿੰਨ ਭਾਰਤੀ ਮੂਲ ਦੇ ਵਿਅਕਤੀਆਂ ਨੂੰ ਜੇਲ੍ਹ ਦੀ ਸਜ਼ਾ ਸੁਣਾਈ ਗਈ ਹੈ। ਡਰਬੀ ਪੁਲਿਸ ਦੇ ਅਨੁਸਾਰ ਬੂਟਾ ਸਿੰਘ, ਦਮਨਜੀਤ ਸਿੰਘ ਅਤੇ ਰਾਜਵਿੰਦਰ ਤੱਖਰ ਸਿੰਘ ਨੂੰ ਨਵੰਬਰ ਵਿੱਚ ਇੱਕ ਮੁਕੱਦਮੇ ਵਿੱਚ ਦੋਸ਼ੀ ਪਾਏ ਜਾਣ ਤੋਂ ਬਾਅਦ 19 ਦਸੰਬਰ ਨੂੰ ਡਰਬੀ ਕਰਾਊਨ ਕੋਰਟ ਵਿੱਚ ਸਜ਼ਾ ਸੁਣਾਈ ਗਈ ਸੀ।ਦਰਅਸਲ, 20 ਅਗਸਤ, 2023 ਦੀ ਸ਼ਾਮ ਨੂੰ ਯੂਕੇ ਦੇ ਡਰਬੀ ਵਿੱਚ ਇੱਕ ਕਬੱਡੀ ਟੂਰਨਾਮੈਂਟ ਦੌਰਾਨ ਦੋ ਵਿਰੋਧੀ ਸਮੂਹਾਂ ਵਿਚਕਾਰ ਪਹਿਲਾਂ ਤੋਂ ਯੋਜਨਾਬੱਧ ਝੜਪ ਹੋਈ ਸੀ। ਘਟਨਾ ਤੋਂ ਬਾਅਦ ਮੌਕੇ 'ਤੇ ਪਹੁੰਚੇ ਪੁਲਿਸ ਅਧਿਕਾਰੀਆਂ ਨੇ ਵੀਡੀਓ ਫੁਟੇਜ ਪ੍ਰਾਪਤ ਕੀਤੀ ਜਿਸ ਵਿੱਚ ਬੂਟਾ ਸਿੰਘ ਨੂੰ ਵਿਰੋਧੀ ਸਮੂਹ ਦੇ ਮੈਂਬਰਾਂ ਦਾ ਪਿੱਛਾ ਕਰਦੇ ਦੇਖਿਆ ਜਾ ਸਕਦਾ ਹੈ। ਪੁਲਿਸ ਨੇ ਦੋ ਦਿਨ ਬਾਅਦ ਉਸਦੀ ਕਾਰ ਨੂੰ ਰੋਕਿਆ ਅਤੇ ਟਰੰਕ ਵਿੱਚੋਂ ਦੋ ਤੇਜ਼ਧਾਰ ਹਥਿਆਰ ਬਰਾਮਦ ਕੀਤੇ। ਫੁਟੇਜ ਵਿੱਚ ਦਮਨਜੀਤ ਸਿੰਘ ਅਤੇ ਰਾਜਵਿੰਦਰ ਤੱਖਰ ਸਿੰਘ ਨੂੰ ਦੰਗਿਆਂ ਦੌਰਾਨ ਵੱਡੇ ਚਾਕੂ ਲੈ ਕੇ ਜਾਂਦੇ ਹੋਏ ਵੀ ਦਿਖਾਇਆ ਗਿਆ।ਤਿੰਨਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ ਅਤੇ ਹਿੰਸਕ ਅਰਾਜਕਤਾ ਦੇ ਦੋਸ਼ ਲਗਾਏ ਗਏ ਸਨ।ਨਵੰਬਰ ਵਿੱਚ ਡਰਬੀ ਕਰਾਊਨ ਕੋਰਟ ਵਿੱਚ ਦੋਸ਼ੀ ਪਾਇਆ ਗਿਆ।

### ਪੰਜਾਬ ਸਰਕਾਰ ਵੱਲੋਂ

## 3 ਸ਼ਹਿਰਾਂ ਨੂੰ ਦਿੱਤਾ ਗਿਆ 'ਹੋਲੀ ਸਿਟੀ' ਦਾ ਦਰਜਾ, ਨੋਟੀਫਿਕੇਸ਼ਨ ਜਾਰੀ

**ਚੰਡੀਗੜ੍ਹ, 21 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਸੂਬੇ ਦੇ ਤਿੰਨ ਪ੍ਰਮੁੱਖ ਧਾਰਮਿਕ ਸ਼ਹਿਰਾਂ ਨੂੰ ਪਵਿੱਤਰ ਸ਼ਹਿਰ ਦਾ ਦਰਜਾ ਦੇਣ ਦੇ ਆਪਣੇ ਫ਼ੈਸਲੇ ਨੂੰ ਪੰਜਾਬ ਸਰਕਾਰ ਨੇ ਲਾਗੂ ਕਰ ਦਿੱਤਾ ਹੈ। ਇਸ ਸਬੰਧ ਵਿੱਚ ਸਰਕਾਰ ਵੱਲੋਂ ਇਕ ਅਧਿਕਾਰਤ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਗਿਆ ਹੈ।ਇਸ ਦੀ ਜਾਣਕਾਰੀ ਮੁੱਖ ਮੰਤਰੀ ਭਗਵੰਤ ਮਾਨ ਨੇ ਸੋਸ਼ਲ ਮੀਡੀਆ 'ਤੇ ਲਾਈਵ ਹੋ ਕੇ ਦਿੱਤੀ। ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਇਸ ਫ਼ੈਸਲੇ ਦਾ ਐਲਾਨ ਸਭ ਤੋਂ ਪਹਿਲਾਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਪੁਰਬ ਮੌਕੇ ਸ੍ਰੀ ਆਨੰਦਪੁਰ ਸਾਹਿਬ



ਵਿੱਚ ਕੀਤਾ ਗਿਆ ਸੀ।ਉਨ੍ਹਾਂ ਨੇ ਇਹ ਮਹੱਤਵਪੂਰਨ ਫ਼ੈਸਲਾ ਲੈਣ ਦੀ ਤਾਕਤ ਦੇਣ ਲਈ ਪ੍ਰਮਾਤਮਾ ਦਾ ਧੰਨਵਾਦ ਕੀਤਾ। ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਸਿੱਖ ਧਰਮ ਨਾਲ ਜੁੜੇ ਪੰਜ ਤਖ਼ਤਾਂ ਵਿੱਚੋਂ ਤਿੰਨ ਪੰਜਾਬ ਵਿੱਚ ਸਥਿਤ ਹਨ। ਇਨ੍ਹਾਂ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਅੰਮ੍ਰਿਤਸਰ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਆਨੰਦਪੁਰ ਸਾਹਿਬ ਸ਼ਾਮਲ ਹਨ।ਹੁਣ ਇਨ੍ਹਾਂ ਤਿੰਨਾਂ ਸ਼ਹਿਰਾਂ ਨੂੰ ਅਧਿਕਾਰਤ ਤੌਰ 'ਤੇ ਵਿਸ਼ਵਾਸ ਦੇ ਕੇਂਦਰਾਂ ਅਤੇ ਪਵਿੱਤਰ ਸ਼ਹਿਰਾਂ ਦਾ ਦਰਜਾ ਦੇ ਦਿੱਤਾ ਗਿਆ ਹੈ। ਮੁੱਖ ਮੰਤਰੀ ਮਾਨ ਨੇ ਕਿਹਾ ਕਿ ਸਰਕਾਰ ਇਨ੍ਹਾਂ ਸ਼ਹਿਰਾਂ ਵਿੱਚ ਸ਼ਰਧਾਲੂਆਂ ਲਈ ਈ-ਰਿਕਸ਼ਾ, ਮਿੰਨੀ ਬੱਸਾਂ, ਸ਼ਟਲ ਬੱਸਾਂ ਅਤੇ ਹੋਰ ਜਨਤਕ ਆਵਾਜਾਈ ਸਹੂਲਤਾਂ ਪ੍ਰਦਾਨ ਕਰੇਗੀ, ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਆਉਣ ਵਾਲੇ ਸੰਗਤ ਨੂੰ ਕੋਈ ਅਸੁਵਿਧਾ ਨਾ ਹੋਵੇ। ਇਨ੍ਹਾਂ ਸ਼ਹਿਰਾਂ ਵਿੱਚ ਮਾਸ, ਸ਼ਰਾਬ, ਤੰਬਾਕੂ ਅਤੇ ਨਸ਼ੀਲੇ ਪਦਾਰਥਾਂ ਦੀ ਵਿਕਰੀ 'ਤੇ ਪੂਰੀ ਤਰ੍ਹਾਂ ਪਾਬੰਦੀ ਹੋਵੇਗੀ। ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਮੈਂ ਤੁਹਾਨੂੰ ਭਰੋਸਾ ਦਿਵਾਉਂਦਾ ਹਾਂ ਕਿ ਇਨ੍ਹਾਂ ਸ਼ਹਿਰਾਂ ਦੇ ਵਿਕਾਸ ਵਿੱਚ ਕੋਈ ਕਸਰ ਨਹੀਂ ਛੱਡੀ ਜਾਵੇਗੀ। ਇਹ ਤਿੰਨੋਂ ਸ਼ਹਿਰ ਨਾ ਸਿਰਫ਼ ਸਾਡੇ ਧਾਰਮਿਕ, ਸਗੋਂ ਸਾਡੀ ਸੱਭਿਆਚਾਰਕ ਵਿਰਾਸਤ ਦੇ ਵੀ ਪ੍ਰਮੁੱਖ ਕੇਂਦਰ ਹਨ। ਮੈਂ ਸਮੁੱਚੇ ਸਿੱਖ ਭਾਈਚਾਰੇ ਨੂੰ ਵਧਾਈ ਦਿੰਦਾ ਹਾਂ। ਪਵਿੱਤਰ ਸ਼ਹਿਰਾਂ ਬਾਰੇ ਇਹ ਫ਼ੈਸਲਾ ਬਹੁਤ ਪਹਿਲਾਂ ਲਾਗੂ ਹੋ ਜਾਣਾ ਚਾਹੀਦਾ ਸੀ।

## ਨਿਊਜ਼ੀਲੈਂਡ 'ਚ ਨਗਰ ਕੀਰਤਨ ਨੂੰ ਰੋਕਣਾ ਅਤਿ ਨਿੰਦਣ ਯੋਗ ਘਟਨਾ :- ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਮੁਖੀ ਦਮਦਮੀ ਟਕਸਾਲ

**ਚੌਕ ਮਹਿਤਾ, 21 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਨਿਊਜ਼ੀਲੈਂਡ ਵਿਚ ਸਥਾਨਕ ਕੁਝ ਕੁ ਲੋਕਾਂ ਨੇ ਸਿੱਖਾਂ ਵੱਲੋਂ ਕੱਢਿਆ ਜਾ ਰਿਹਾ ਨਗਰ ਕੀਰਤਨ ਰੋਕਿਆ ਅਤੇ ਉਨ੍ਹਾਂ ਦਾ ਕਹਿਣਾ ਸੀ ਕਿ ਇਹ ਸਾਡੀ ਧਰਤੀ ਹੈ



ਇਥੋ ਵਾਪਿਸ ਜਾਓ । ਸਿੱਖ ਧਰਮ ਦੀ ਮੂਲ ਸਿੱਖਿਆ "ਸਰਬੱਤ ਦਾ ਭਲਾ" ਹੈ। ਇਸ ਮਸਲੇ ਵਿਚ ਕਿਸੇ ਵੀ ਉਕਸਾਏ ਜਾਂ ਭਾਵੁਕ ਨਾਅਰਿਆਂ, ਤਕਰਾਰ ਜਾਂ ਹਿੰਸਕ ਪ੍ਰਤੀਕਿਰਿਆ ਤੋਂ ਬਚਿਆ ਜਾਣਾ ਚਾਹੀਦਾ ਸੀ ਜਦਕਿ ਸਿੱਖਾਂ ਵੱਲੋਂ ਬਹੁਤ ਸ਼ਾਂਤਮਈ ਵਿਵਹਾਰ ਸਦਕਾ ਇਸ ਘਟਨਾ ਨਾਲ ਨਜਿੱਠਿਆ ਗਿਆ ਜੋ ਕਿ ਸਿੱਖੀ ਦੀ ਅਸਲ ਤਾਕਤ ਹੈ। ਇਸ ਮਸਲੇ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਭਾਰਤ ਸਰਕਾਰ ਆਪਣੇ ਤੌਰ ਤੇ ਅਤੇ ਸਮੂਹ ਸਿੱਖਾਂ ਦੇ ਨੁਮਾਇੰਦਿਆਂ ਨੂੰ ਇਕੱਤਰ ਹੋਕੇ ਸਥਾਨਕ (ਮਾਓਰੀ ਜਾਂ ਹੋਰ) ਸਮੁਦਾਇ ਦੇ ਨੁਮਾਇੰਦਿਆਂ ਨਾਲ ਗੱਲਬਾਤ ਕਰਨੀ ਚਾਹੀਦੀ ਹੈ ਅਤੇ ਉਥੋਂ ਦੀ ਸਰਕਾਰ ਨੂੰ ਮਿਲਕੇ ਵੀ ਇਸ ਮਸਲੇ ਤੋਂ ਜਾਣੂ ਕਰਵਾਉਣਾ ਚਾਹੀਦਾ ਹੈ। ਉਥੋਂ ਦੇ ਲੋਕਾਂ ਨੂੰ ਅਤੇ ਸਰਕਾਰਾ ਨੂੰ ਦੱਸਣਾ ਚਾਹੀਦਾ ਹੈ ਕਿ ਸਿੱਖ ਕਿਸੇ ਦੀ ਧਰਤੀ 'ਤੇ ਕਬਜ਼ਾ ਕਰਨ ਨਹੀਂ ਆਏ, ਸਿੱਖ ਹਰ ਦੇਸ਼ ਦੇ ਕਾਨੂੰਨ ਅਤੇ ਸਥਾਨਕ ਸੱਭਿਆਚਾਰ ਦਾ ਅਤੇ ਧਾਰਮਿਕ ਰਹੁ ਰੀਤਾਂ ਦਾ ਸਨਮਾਨ ਕਰਦੇ ਹਨ, ਨਗਰ ਕੀਰਤਨ ਸਿਰਫ਼ ਆਤਮਿਕ ਅਤੇ ਸ਼ਾਂਤਮਈ ਧਾਰਮਿਕ ਪ੍ਰਕਿਰਿਆ ਹੈ। ਨਿਊਜ਼ੀਲੈਂਡ ਦੀ ਸਰਕਾਰ ਨੂੰ ਵੀ ਪੂਰੀ ਸ਼ਖਤੀ ਵਰਤੇ ਹੋਏ ਦੋਸ਼ੀਆਂ ਤੇ ਕਾਨੂੰਨੀ ਕਾਰਵਾਈ ਕਰਨੀ ਚਾਹੀਦੀ ਹੈ ਤਾਂ ਜੋ ਸਿੱਖ ਪੰਥ ਅੰਦਰ ਪੈਦਾ ਹੋ ਰਹੇ ਰੋਸ ਨੂੰ ਸ਼ਾਂਤ ਕੀਤਾ ਜਾ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV

# ਸਿੱਖ ਕ੍ਰਿਸਮਸ ਨਹੀਂ, ਸ਼ਹੀਦੀ ਹਫਤਾ ਮਨਾਉਂਦੇ ਹਨ

ਇਸ ਹਫ਼ਤੇ ਜਿੱਥੇ ਹਰ ਪਾਸੇ ਕ੍ਰਿਸਮਸ ਦੀ ਧੂਮ ਹੈ, ਉਥੇ ਹੀ ਸਿੱਖ ਭਾਈਚਾਰੇ ਦੇ ਲੋਕ ਇਸਨੂੰ ਸ਼ਹੀਦੀ ਹਫ਼ਤੇ ਦੇ ਤੌਰ 'ਤੇ ਮਨਾਉਂਦੇ ਹਨ। ਇਸ ਇੱਕ ਹਫ਼ਤੇ ਵਿੱਚ ਗੁਰੂ ਗੋਬਿੰਦ ਸਿੰਘ ਜੀ ਦਾ ਪੂਰਾ ਪਰਿਵਾਰ ਸ਼ਹੀਦ ਹੋ ਗਿਆ ਸੀ। ਨਾਨਕਸ਼ਾਹੀ ਕੈਲੰਡਰ ਦੇ ਅਨੁਸਾਰ 21 ਦਸੰਬਰ ਤੋਂ ਲੈ ਕੇ 29 ਦਸੰਬਰ ਤੱਕ ਨੂੰ ਸਿੱਖ ਕੌਮ ਸ਼ਹੀਦੀ ਹਫ਼ਤੇ ਦੇ ਤੌਰ 'ਤੇ ਯਾਦ ਕਰਦੀ ਹੈ। ਸ਼ਰਧਾਵਾਨ ਸਿੱਖ ਜ਼ਮੀਨ 'ਤੇ ਸੌਂ ਕੇ ਮਾਤਾ ਗੁਜਰੀ ਜੀ ਨੂੰ ਯਾਦ ਕਰਦੇ ਹਨ। ਦਰਅਸਲ ਦਸੰਬਰ ਦੀ ਇਸ ਕੜਕੜਾਉਂਦੀ ਠੰਢ ਵਿੱਚ ਮਾਤਾ ਗੁਜਰੀ ਜੀ ਅਤੇ ਦੋਨੋਂ ਛੋਟੇ ਸਾਹਿਬਜ਼ਾਦਿਆਂ ਨੂੰ ਸਰਹਿੰਦ ਦੇ ਠੰਡੇ ਬੁਰਜ ਵਿੱਚ ਖੁੱਲ੍ਹੇ ਆਸਮਾਨ ਹੇਠ ਕੈਦ ਕਰਕੇ ਰੱਖਿਆ ਗਿਆ ਸੀ। ਪੂਰੇ ਹਫ਼ਤੇ ਵਿੱਚ ਕਿਸ ਦਿਨ ਕੀ ਹੋਇਆ, ਦੱਸ ਰਹੇ ਹਾਂ। - ਸਿਮਰਨਜੀਤ ਸਿੰਘ




**ਇਸ ਦਿਨ** ਗੁਰੂ ਗੋਬਿੰਦ ਸਿੰਘ ਜੀ ਆਪਣੇ ਚਾਰੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੇ ਨਾਲ ਆਨੰਦਪੁਰ ਸਾਹਿਬ ਦਾ ਕਿਲਾ ਛੱਡ ਕੇ ਚਲੇ ਗਏ ਸਨ। ਅਚਾਨਕ ਮੁਗਲਾਂ ਦੀ ਵਿਸ਼ਾਲ ਸੈਨਾ ਨੇ ਆਨੰਦਪੁਰ ਸਾਹਿਬ ਕਿਲੇ 'ਤੇ ਹਮਲਾ ਕਰ ਦਿੱਤਾ ਸੀ। ਗੁਰੂ ਸਾਹਿਬ ਉਨ੍ਹਾਂ ਨਾਲ ਲੜਨਾ ਚਾਹੁੰਦੇ ਸਨ ਪਰ ਉਥੇ ਮੌਜੂਦ ਹੋਰ ਸਿੱਖਾਂ ਨੇ ਉਨ੍ਹਾਂ ਨੂੰ ਉਥੋਂ ਜਾਣ ਲਈ ਕਿਹਾ, ਜਿਸ ਤੋਂ ਬਾਅਦ ਗੁਰੂ ਗੋਬਿੰਦ ਸਾਹਿਬ ਨੇ ਆਪਣੇ ਪਰਿਵਾਰ ਦੇ ਨਾਲ ਆਨੰਦਪੁਰ ਸਾਹਿਬ ਦਾ ਕਿਲਾ ਛੱਡ ਦਿੱਤਾ। ••




**ਆਨੰਦਪੁਰ** ਸਾਹਿਬ ਦਾ ਕਿਲਾ ਛੱਡ ਕੇ ਗੁਰੂ ਸਾਹਿਬ ਜਦੋਂ ਪਰਿਵਾਰ ਸਮੇਤ ਸਰਸਾ ਨਦੀ ਪਾਰ ਕਰਨ ਲੱਗੇ ਤਾਂ ਪਾਣੀ ਦਾ ਵਹਾਅ ਇੰਨਾ ਤੇਜ਼ ਸੀ ਕਿ ਉਨ੍ਹਾਂ ਦਾ ਪੂਰਾ ਪਰਿਵਾਰ ਵਿਛੜ ਗਿਆ। ਵਿਛੜਨ ਤੋਂ ਬਾਅਦ ਗੁਰੂ ਸਾਹਿਬ ਆਪਣੇ ਦੋਵੇਂ ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਅਤੇ ਬਾਬਾ ਜੁਝਾਰ ਸਿੰਘ ਸਮੇਤ ਚਮਕੌਰ ਪਹੁੰਚ ਗਏ। ਉਥੇ ਮਾਤਾ ਗੁਜਰੀ ਅਤੇ ਦੋਵੇਂ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ ਅਤੇ ਬਾਬਾ ਫ਼ਤਹਿ ਸਿੰਘ ਜੀ ਨੂੰ ਗੁਰੂ ਸਾਹਿਬ ਦਾ ਸੇਵਕ ਰਹਿ ਚੁੱਕਾ ਗੰਗੂ ਨਾਮਕ ਬ੍ਰਾਹਮਣ ਆਪਣੇ ਨਾਲ ਲੈ ਗਿਆ, ਪਰ ਉਸਨੇ ਸਰਹਿੰਦ ਦੇ ਨਵਾਬ ਵਜ਼ੀਰ ਖ਼ਾਨ ਨੂੰ ਇਸਦੀ ਸੂਚਨਾ ਦੇ ਦਿੱਤੀ। ਫਿਰ ਵਜ਼ੀਰ ਖ਼ਾਨ ਨੇ ਉਨ੍ਹਾਂ ਨੂੰ ਕੈਦ ਕਰ ਲਿਆ। ••




**ਇਸ ਦਿਨ** ਚਮਕੌਰ ਦਾ ਯੁੱਧ ਹੋਇਆ, ਜਿਸ ਵਿੱਚ ਮੁਗਲਾਂ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਸੈਨਾ ਆਹਮਣੇ-ਸਾਹਮਣੇ ਸੀ। ਅਜਿਹਾ ਕਿਹ ਜਾਂਦਾ ਹੈ ਕਿ ਮੁਗਲਾਂ ਦੀ ਸੈਨਾ ਹਜ਼ਾਰਾਂ ਦੀ ਗਿਣਤੀ ਵਿੱਚ ਸੀ ਜਦਕਿ ਸਿੱਖਾਂ ਦੀ ਗਿਣਤੀ ਬਹੁਤ ਘੱਟ ਸੀ। ਇਸਦੇ ਬਾਵਜੂਦ ਉਨ੍ਹਾਂ ਨੇ ਬਹਾਦਰੀ ਦਿਖਾਉਂਦੇ ਹੋਏ ਮੁਗਲਾਂ ਨਾਲ ਲੋਹਾ ਲਿਆ। ਯੁੱਧ ਵਿੱਚ ਆਪਣੇ ਸੈਨਿਕਾਂ ਨੂੰ ਸ਼ਹੀਦ ਹੁੰਦੇ ਦੇਖ ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਨੇ ਗੁਰੂ ਗੋਬਿੰਦ ਸਿੰਘ ਜੀ ਨੂੰ ਕਿਹਾ ਕਿ ਉਹ ਯੁੱਧ ਵਿੱਚ ਜਾ ਕੇ ਕੌਮ ਦੇ ਲਈ ਲੜਨਾ ਚਾਹੁੰਦੇ ਹਨ। ਗੁਰੂ ਗੋਬਿੰਦ ਸਿੰਘ ਜੀ ਨੇ ਉਨ੍ਹਾਂ ਨੂੰ ਆਗਿਆ ਦਿੰਦੇ ਹੋਏ ਯੁੱਧ ਵਿੱਚ ਉਤਾਰਿਆ, ਜਿਸ ਵਿੱਚ ਉਨ੍ਹਾਂ ਨੇ ਇੱਕ ਦੇ ਬਾਅਦ ਇੱਕ ਮੁਗਲ ਸੈਨਿਕਾਂ ਨੂੰ ਮੌਤ ਦੇ ਘਾਟ ਉਤਾਰ ਦਿੱਤਾ। ਇਸ ਦਰਮਿਆਨ ਉਹ ਖ਼ੁਦ ਵੀ ਸ਼ਹੀਦ ਹੋ ਗਏ। ਵੱਡੇ ਭਰਾ ਨੂੰ ਯੁੱਧ ਵਿੱਚ ਸ਼ਹੀਦ ਹੁੰਦਾ ਦੇਖ ਬਾਬਾ ਜੁਝਾਰ ਸਿੰਘ ਵੀ ਪਿਤਾ ਜੀ ਦੀ ਆਗਿਆ ਲੈ ਕੇ ਯੁੱਧ ਵਿੱਚ ਉਤਰੇ ਅਤੇ ਉਨ੍ਹਾਂ ਨੇ ਵੀ ਮੁਗਲੀਆ ਸੈਨਾ ਨਾਲ ਲੋਹਾ ਲਿਆ। ਛੋਟੀ ਜਿਹੀ ਉਮਰ ਵਿੱਚ ਉਨ੍ਹਾਂ ਨੇ ਕਈ ਮੁਗਲਾਂ ਨੂੰ ਮੌਤ ਦੇ ਘਾਟ ਉਤਾਰਿਆ ਅਤੇ ਉਹ ਵੀ ਸ਼ਹੀਦ ਹੋ ਗਏ। ਇਹ ਪੂਰਾ ਨਜ਼ਾਰਾ ਗੁਰੂ ਗੋਬਿੰਦ ਸਿੰਘ ਜੀ ਚਮਕੌਰ ਦੇ ਕਿਲੇ ਤੋਂ ਦੇਖ ਰਹੇ ਸਨ। ••





**ਸ੍ਰੀ ਗੁਰੂ** ਗੋਬਿੰਦ ਸਿੰਘ ਜੀ ਇਸ ਯੁੱਧ ਵਿੱਚ ਜਾਣਾ ਚਾਹੁੰਦੇ ਸਨ ਪਰ ਹੋਰ ਸਿੱਖਾਂ ਨੇ ਆਪਣੇ ਅਧਿਕਾਰਾਂ ਦਾ ਇਸਤੇਮਾਲਕਰਦਿਆਂ ਹੋਇਆਂ ਗੁਰੂ ਗੋਬਿੰਦ ਸਿੰਘ ਜੀ ਨੂੰ ਉਥੋਂ ਜਾਣ ਲਈ ਕਿਹਾ। ਗੁਰੂ ਸਾਹਿਬ ਇਸਨੂੰ ਮੰਨਣ ਨੂੰ ਤਿਆਰ ਨਹੀਂ ਸਨ ਪਰ ਹੋਰ ਸਿੱਖਾਂ ਦੇ ਅੱਗੇ ਉਨ੍ਹਾਂ ਨੂੰ ਮਜਬੂਰ ਹੋ ਕੇ ਉਥੋਂ ਜਾਣਾ ਪਿਆ। ਇਸ ਦਰਮਿਆਨ ਉਥੇ ਬਚੇ ਸਿੱਖਾਂ ਨੇ ਮੁਗਲੀਆ ਸੈਨਾ ਨਾਲ ਯੁੱਧ ਕੀਤਾ ਅਤੇ ਲੜਦੇ-ਲੜਦੇ ਸ਼ਹੀਦ ਹੋ ਗਏ। ••




**ਜਦੋਂ ਸ੍ਰੀ** ਗੁਰੂ ਗੋਬਿੰਦ ਸਿੰਘ ਜੀ ਇੱਕ ਪਿੰਡ ਪਹੁੰਚੇ ਤਾਂ ਉਥੇ ਉਨ੍ਹਾਂ ਨੂੰ ਬੀਬੀ ਹਰਸ਼ਰਨ ਕੌਰ ਮਿਲੀ, ਜੋ ਗੁਰੂ ਗੋਬਿੰਦ ਸਿੰਘ ਜੀ ਨੂੰ ਆਦਰਸ਼ ਮੰਨਦੀ ਸੀ। ਉਨ੍ਹਾਂ ਨੇ ਸਾਹਿਬਜ਼ਾਦਿਆਂ ਬਾਰੇ ਪੁੱਛਿਆ, ਤਦ ਉਨ੍ਹਾਂ ਦੀ ਸ਼ਹੀਦੀ ਬਾਰੇ ਪਤਾ ਲੱਗਾ। ਇਹ ਸੁਣ ਕੇ ਬੀਬੀ ਹਰਸ਼ਰਨ ਕੌਰ ਤੁਰੰਤ ਚਮਕੌਰ ਪਹੁੰਚੀ, ਜਿੱਥੇ ਉਨ੍ਹਾਂ ਨੇ ਸ਼ਹੀਦ ਸਿੰਘਾਂ ਦੀਆਂ ਲਾਸ਼ਾਂ ਨੂੰ ਦੇਖਿਆ। ਮੁਗਲ ਚਾਹੁੰਦੇ ਸਨ ਕਿ ਇਨ੍ਹਾਂ ਦਾ ਅੰਤਿਮ ਸੰਸਕਾਰ ਨਾ ਕੀਤਾ ਜਾ ਸਕੇ ਅਤੇ ਚੀਲਾਂ, ਗਿੱਧ ਇਨ੍ਹਾਂ ਨੂੰ ਖਾਣ, ਪਰ ਬੀਬੀ ਹਰਸ਼ਰਨ ਕੌਰ ਨੇ ਉਥੇ ਪਹੁੰਚ ਕੇ ਸਾਹਿਬਜ਼ਾਦਿਆਂ ਦਾ ਅੰਤਿਮ ਸੰਸਕਾਰ ਕੀਤਾ। ਇਹ ਸਭ ਮੁਗਲ ਸੈਨਾ ਨੇ ਦੇਖ ਲਿਆ। ਉਨ੍ਹਾਂ ਨੇ ਬੀਬੀ ਹਰਸ਼ਰਨ ਕੌਰ ਨੂੰ ਗੁਰੂ ਸਾਹਿਬ ਬਾਰੇ ਪੁੱਛਿਆ ਪਰ ਉਨ੍ਹਾਂ ਕੁਝ ਨਹੀਂ ਦੱਸਿਆ, ਇਸ ਤੋਂ ਬਾਅਦ ਮੁਗਲਾਂ ਨੇ ਉਨ੍ਹਾਂ ਨੂੰ ਵੀ ਅੱਗ ਵਿੱਚ ਧਕੇਲ ਦਿੱਤਾ ਅਤੇ ਉਹ ਸ਼ਹੀਦ ਹੋ ਗਈ। ••




**ਮਾਤਾ ਗੁਜਰੀ** ਅਤੇ ਛੋਟੇ ਸਾਹਿਬਜ਼ਾਦਿਆਂ ਨੂੰ ਵਜ਼ੀਰ ਖ਼ਾਂ ਨੇ ਕੈਦ ਕਰ ਲਿਆ ਸੀ। ਇਸ ਦਿਨ ਉਸਦੀ ਕਚਹਿਰੀ ਵਿੱਚ ਛੋਟੇ ਸਾਹਿਬਜ਼ਾਦਿਆਂ ਦੀ ਪੇਸ਼ੀ ਸੀ, ਜਿੱਥੇ ਵਜੀਰ ਖਾਨ ਨ ਛੋਟੇ ਸਾਹਿਬਜ਼ਾਦਿਆਂ ਨੂੰ ਬੇਹੱਦ ਡਰਾਇਆ-ਧਮਕਾਇਆ ਅਤੇ ਉਨ੍ਹਾਂ ਨੂੰ ਧਰਮ ਪਰਿਵਰਤਨ ਕਰਨ ਲਈ ਕਿਹਾ, ਪਰ ਛੋਟੇ ਸਾਹਿਬਜ਼ਾਦਿਆਂ ਨੇ ਬਹਾਦਰੀ ਨਾਲ ਜਵਾਬ ਦਿੰਦੇ ਹੋਏ ਕਿਹਾ ਕਿ 'ਅਸੀਂ ਗੋਬਿੰਦ ਸਿੰਘ ਦੇ ਬੇਟੇ ਹਾਂ। ਮਰ ਜਾਵਾਂਗੇ ਪਰ ਧਰਮ ਨਹੀਂ ਤਿਆਗਾਂਗੇ।' ਇਸ ਦੌਰਾਨ ਉਨ੍ਹਾਂ ਨੇ ਜੋ ਬੋਲੇ ਸੋ ਨਿਹਾਲ, ਸਤਿ ਸ੍ਰੀ ਅਕਾਲ ਦੇ ਜੈਕਾਰੇ ਵੀ ਲਗਾਏ, ਜਿਸਨੂੰ ਸੁਣ ਕੇ ਵਜ਼ੀਰ ਖਾਂ ਅਤੇ ਹੋਰ ਲੋਕ ਗੁੱਸੇ ਵਿੱਚ ਆ ਗਏ ਅਤੇ ਉਨ੍ਹਾਂ ਨੇ ਅਗਲੇ ਦਿਨ ਆਉਣ ਲਈ ਕਿਹਾ ਅਤੇ ਨਾਲ ਹੀ ਇਹ ਵੀ ਕਿਹਾ ਕਿ ਕਲ ਜਾਂ ਤਾਂ ਧਰਮ ਪਰਿਵਰਤਨ ਕਰੋ ਜਾਂ ਮਰਨ ਲਈ ਤਿਆਰ ਰਹੋ। ••




**ਠੰਡੇ ਬੁਰਜ** ਵਿੱਚ ਕੈਦ ਸਾਹਿਬਜ਼ਾਦਿਆਂ ਦੀ ਦਾਦੀ ਮਾਤਾ ਗੁਜਰੀ ਜੀ ਨੇ ਦੋਵੇਂ ਸਾਹਿਬਜ਼ਾਦਿਆਂ ਨੂੰ ਬੇਹੱਦ ਪਿਆਰ ਨਾਲ ਤਿਆਰ ਕਰਕੇ ਦੋਬਾਰਾ ਸੂਬੇ ਦੀ ਕਚਹਿਰੀ ਵਿੱਚ ਭੇਜਿਆ। ਇੱਥੇ ਇੱਕ ਵਾਰ ਫਿਰ ਵਜ਼ੀਰ ਖ਼ਾਨ ਨੇ ਸਾਹਿਬਜ਼ਾਦਿਆਂ ਨੂੰ ਧਰਮ ਬਦਲਣ ਲਈ ਕਿਹਾ ਪਰ ਸਾਹਿਬਜ਼ਾਦਿਆਂ ਨੇ ਫਿਰ ਮਨਾ ਕਰ ਦਿੱਤਾ। ਇੱਕ ਵਾਰ ਫਿਰ ਜੈਕਾਰੇ ਲੱਗਣ ਲੱਗੇ। ਇਹ ਸੁਣ ਵਜ਼ੀਰ ਖ਼ਾਨ ਤਿਲਮਿਲਾ ਉੱਠਿਆ ਅਤੇ ਉਸਨੇ ਦੋਹਾਂ ਸਾਹਿਬਜ਼ਾਦਿਆਂ ਨੂੰ ਜ਼ਿੰਦਾ ਦੀਵਾਰ ਵਿੱਚ ਚਿਣਵਾਉਣ ਦਾ ਹੁਕਮ ਦੇ ਦਿੱਤਾ। ਇਹ ਸੁਣਕੇ ਵੀ ਛੋਟੇ ਸਾਹਿਬਜਦਿਆਂ ਦਾ ਹੌਸਲਾ ਨਹੀਂ ਡਗਮਗਾਇਆ। ਇਸ ਤਰ੍ਹਾਂ ਵਜ਼ੀਰ ਖ਼ਾਨ ਨੇ ਦੋਹਾਂ ਸਾਹਿਬਜ਼ਾਦਿਆਂ ਨੂੰ ਦੀਵਾਰ ਵਿੱਚ ਚਿਣਵਾ ਕੇ ਸ਼ਹੀਦ ਕਰ ਕਰਵਾ ਦਿੱਤਾ। ਜਿਉਂ ਹੀ ਮਾਤਾ ਗੁਜਰੀ ਜੀ ਤੱਕ ਇਹ ਖ਼ਬਰ ਪਹੁੰਚੀ, ਉਨ੍ਹਾਂ ਨੇ ਵੀ ਪ੍ਰਾਣ ਤਿਆਗ ਦਿੱਤੇ ਅਤੇ ਇਸ ਇੱਕ ਦਿਨ ਮਾਤਾ ਗੁਜਰੀ ਜੀ ਅਤੇ ਦੋਵੇਂ ਛੋਟੇ ਸਾਹਿਬਜ਼ਾਦੇ ਸ਼ਹੀਦ ਹੋ ਗਏ। ••





**ਵਜ਼ੀਰ ਖ਼ਾਨ** ਨੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦਾ ਅੰਤਿਮ ਸੰਸਕਾਰ ਕਰਨ ਤੋਂ ਮਨ੍ਹਾ ਕਰ ਦਿੱਤਾ ਸੀ, ਪਰ ਦੀਵਾਨ ਟੋਡਰ ਮੱਲ ਨੇ ਵਜ਼ੀਰ ਖ਼ਾਨ ਤੋਂ ਉਨ੍ਹਾਂ ਦਾ ਅੰਤਿਮ ਸੰਸਕਾਰ ਕਰਨ ਦੀ ਇਜਾਜ਼ਤ ਮੰਗੀ। ਵਜ਼ੀਰ ਖ਼ਾਨ ਨੇ ਟੋਡਰਮੱਲ ਅੱਗੇ ਸ਼ਰਤ ਰੱਖੀ ਕਿ ਉਹ ਜਿੰਨੀ ਜਗ੍ਹਾ 'ਤੇ ਸੰਸਕਾਰ ਕਰਨਾ ਚਾਹੁੰਦਾ ਹੈ, ਉਨੀ ਜਗ੍ਹਾ 'ਤੇ ਸੋਨੇ ਦੀਆਂ ਮੋਹਰਾਂ ਵਿਛਾ ਦੇਵੇ। ਇਹ ਸੁਣਕੇ ਟੋਡਰਮੱਲ ਨੇ ਉਸ ਪੂਰੇ ਹਿੱਸੇ 'ਤੇ ਸੋਨੇ ਦੀਆਂ ਮੋਹਰਾਂ ਵਿਛਾ ਕੇ ਜ਼ਮੀਨ ਲੈ ਲਈ ਅਤੇ ਮਾਤਾ ਗੁਜਰੀ ਜੀ ਅਤੇ ਦੋਵੇਂ ਸਾਹਿਬਜ਼ਾਦਿਆਂ ਦਾ ਅੰਤਿਮ ਸੰਸਕਾਰ ਕਰ ਦਿੱਤਾ। ••

ਆਵਾਜ਼ਿ ਕੌਮ AWAZE QAUM International Newspaper & WEB TV

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net

ਦਮਦਮੀ ਟਕਸਾਲ ਜਥਾ ਭਿੰਡਰਾਂ (ਮਹਿਤਾ)

www.damdamitaksal.net

ਨਾਮ ਜਪੋ ਕਿਰਤ ਕਰੋ ਵੰਡ ਛਕੋ

Naam Japo Kirat Karo Vand Shako

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**

Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**

Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**

Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**

Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net



ਆਵਾਜ਼ਿ ਕੌਮ

Daily Newspaper from U.K.

Publisher/Chief Editor

**Raghbir Singh Walsal**

E-mail : awazeqaumtv@gmail.com

www.awazeqaumtv.com

for **AWAZE QAUM** Channel

https://youtu.be/LQwolgxDu7I

Contact :

+447458381111

+447976210161

+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ

ਯੂ.ਕੇ. ਮੁੱਖ ਸੰਪਾਦਕ

Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। **-ਸੰਪਾਦਕ**


ਦਮਦਮੀ ਟਕਸਾਲ

# ਸੰਤ ਗਿਆਨੀ ਗੁਰਬਚਨ ਸਿੰਘ ਜੀ

# ਖਾਲ਼ਸਾ ਮੈਮੋਰੀਅਲ ਹਸਪਤਾਲ

## ਇੱਥੇ ਹਰ ਸ਼ਨੀਵਾਰ ਅੱਖਾਂ ਦੇ ਫ੍ਰੀ ਆਪ੍ਰੇਸ਼ਨ ਕੀਤੇ ਜਾਂਦੇ ਹਨ।



**+91 98767-50784 +91 98767-50784**

ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ

ਮੁਖੀ ਦਮਦਮੀ ਟਕਸਾਲ, ਪ੍ਰਧਾਨ ਸੰਤ ਸਮਾਜ

**ਮਹਿਤਾ ਚੌਂਕ, ਅੰਮ੍ਰਿਤਸਰ**



ਸਾਂਝਾ ਪੰਜਾਬ
VEG & NON-VEG INDIAN
WE CATER FOR
★★★★★
Birthday
Weddings
Parties
All Other Occasions
Ram Mandir
Sanjay Foods
Mirch Masala
HSBC
Night Pharmacy
Ladlee Direct
Clothing store
Ross Walk Launderette
Shiva Shakti Foods
Chai Paani
Cossington Recreation ground
Roopkala Beauty Salon
Heena Tailor
Hyderabad Wala - Leicester
Belgrave Neighbourhood Centre
Belgrave Health Centre
Health Centre Car Park
Milans
Department store
Brandon Street Surgery
Shiv Sagar Veg
Punjabi Tarka
Shivalaya The Leicestershire Brahma...
0784 102 9416
SANJHA PUNJAB
VEG & NON-VEG INDIAN
TAKE AWAY MENU
0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com
SANJHA PUNJAB
VEG & NON-VEG INDIAN
0116 291 1565
visit us : www.sanjhapunjab.co.uk
email: sanjha47@hotmail.com
ALLERGY ADVICE !!
Please ask a member of staff if you have any food intolerance or allergies.
ਆਵਾਜ਼ਿ ਕੌਮ
AWAZE QAUM
International Newspaper & WEB TV




# SAROA DENTAL CLINIC & IMPLANT CENTRE

**A Multispeciality Dental Clinic...**

- DENTAL CHECKUP
- CLEANING
- ROOT CANALS
- PREVENTIVE CARE

**LATEST FACILITIES AVAILABLE :**

Dental Implants
Dental Laset
Tooth Coloured Braces
Digital IOPA x-ray
Digital OPG x-ray

**DR. KAMALJIT SAROA**
B.D.S., Dental Surgeon
Moti Nagar, Near Railway
Crossing, Maqsudan
Jalandhar-144 008

**Contact :**
**98150-83338**
**70879-59639**



ਮੈਂ ਖ਼ੁਦ ਆਪਣਾ ਇਲਾਜ ਆਪਣੀ ਇੰਡੀਆ ਵਿਜਿਟ ਦੌਰਾਨ ਇੱਥੋਂ ਕਰਵਾਇਆ ਹੈ ਅਤੇ ਮੈਂ ਸਮੂਹ ਐਨ. ਆਰ. ਆਈਜ਼ ਅਤੇ ਲੋਕਲ ਵਸਨੀਕਾਂ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਸਰੋਆ ਡੈਂਟਲ ਕਲੀਨਿਕ ਅਤੇ ਇੰਪਲਾਂਟ ਸੈਂਟਰ ਵੱਲੋਂ ਬਹੁਤ ਹੀ ਵਧੀਆ ਅਤੇ ਵਾਜਬ ਸੇਵਾਵਾਂ ਪ੍ਰਦਾਨ ਕੀਤੀਆਂ ਹਨ ਅਤੇ ਇਸੇ ਕਾਰਨ ਮੈਂ ਅਪੀਲ ਕਰਦਾ ਹਾਂ ਕਿ ਜੇਕਰ ਕਿਸੇ ਨੂੰ ਵੀ, ਕਿਸੇ ਵੀ ਤਰ੍ਹਾਂ ਦੀ ਦੰਦਾਂ ਨਾਲ ਸੰਬੰਧਤ ਕੋਈ ਤਕਲੀਫ਼ ਹੈ ਤਾਂ ਇੱਕ ਵਾਰ ਇੱਥੇ ਜ਼ਰੂਰ ਵਿਜ਼ਿਟ ਕਰੋ।

-ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ 'ਆਵਾਜ਼ਿ ਕੌਮ, ਯੂ. ਕੇ.'


ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ
ਅਤੇ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ, ਭਾਈ ਦਿਆਲਾ ਜੀ ਦੀ
350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ
ਚਾਰ ਸਾਹਿਬਜ਼ਾਦੇ ਅਤੇ ਮਾਤਾ ਗੁਜਰ ਕੌਰ ਜੀ ਦੀ ਯਾਦ ਵਿੱਚ ਤਿੰਨ ਰੋਜ਼ਾ
ਮਹਾਨ ਸ਼ਹੀਦੀ ਸਮਾਗਮ
ਦਮਦਮੀ ਟਕਸਾਲ ਦੇ ਮੌਜੂਦਾ ਮੁਖੀ
ਸ੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ
ਦੀ ਅਗਵਾਈ ਵਿੱਚ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਾਊਥਹਾਲ ਦੀ ਪ੍ਰਬੰਧਕ ਕਮੇਟੀ ਵੱਲੋਂ
ਦਮਦਮੀ ਟਕਸਾਲ ਦੇ ਵਿਦਿਆਰਥੀ, ਨੌਜਵਾਨ ਵੀਰ ਅਤੇ ਸਮੂਹ ਸਾਧ ਸੰਗਤ ਦੇ ਸਹਿਯੋਗ
ਨਾਲ ਸਾਊਥਹਾਲ ਵਿਖੇ ਬੜੀ ਸ਼ਰਧਾ ਭਾਵਨਾ ਨਾਲ ਕਰਵਾਇਆ ਜਾ ਰਿਹਾ ਹੈ।
ਦਮਦਮੀ ਟਕਸਾਲ ਦੇ 15ਵੇਂ ਮੁਖੀ ਸੱਚਖੰਡ ਵਾਸੀ
ਸ੍ਰੀਮਾਨ ਸੰਤ ਬਾਬਾ ਠਾਕੁਰ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੀ
21ਵੀਂ ਸਾਲਾਨਾ ਬਰਸੀ
ਸੰਗਤਾਂ ਨੂੰ ਬੇਨਤੀ ਹੈ ਕਿ ਇਹਨਾਂ ਸਮਾਗਮਾਂ ਵਿੱਚ ਸ਼ਾਮਿਲ ਹੋ ਕੇ ਲਾਹਾ ਪ੍ਰਾਪਤ ਕਰੋ ਜੀ।
Address, 2-8 PARK AVENUE GURDWARA SOUTHHALL UB1 3AG
ਵਲੋਂ:-ਸਮੂਹ ਸਾਧ ਸੰਗਤ ਤੇ ਗੁਰਦੁਆਰਾ ਸਿੰਘ ਸਭਾ ਪ੍ਰਬੰਧਕ ਕਮੇਟੀ ਮੈਂਬਰ
ਵਿਸ਼ੇਸ਼ ਨੋਟ
ਸ੍ਰੀ ਅਖੰਡ ਪਾਠ ਸਾਹਿਬ
ਆਰੰਭ
22 ਦਸੰਬਰ 2025, ਦਿਨ ਸੋਮਵਾਰ, ਦੁਪਹਿਰ 2 ਵਜੇ
ਭੋਗ
24 ਦਸੰਬਰ 2025, ਦਿਨ ਬੁੱਧਵਾਰ, ਦੁਪਹਿਰ 2 ਵਜੇ


21st ANNUAL BARSI
OF SANT BABA THAKUR SINGH JI KHALSA BHINDRANWALE
&
IN MEMORY OF SAHIBZADE AND MATA GUJAR KAUR JI
3DAY MAHAAN SHAHEEDI SMAGAM
Dedicated To
THE 350TH SHAHEEDI GURPURB OF
SHRI GURU TEGH BAHADUR JI AND BHAI MATI DAS JI
BHAI SATI DAS JI, BHAI DAYALA JI
The Guidance of
SANT GIANI HARNAM SINGH JI KHALSA BHINDRANWALE
Mukhi Damdami Taksal Jatha Bhindra Mehta, Pardhan Sant Samaj
Organised By
MANAGING COMMITTEE AND SAADH SANGAT OF
GURDWARA SHRI GURU SINGH SABHA SOUTHHALL
& STUDENTS OF DAMDAMI TAKSAL
ADDRESS: 2-8 PARK AVENUE GURDWARA SOUTHHALL UB1 3AG
PROGRAM
SHRI AKHAND PATH SAHIB
BEGINING
22 Dec 2025, Monday, 2pm
BHOG
24 Dec 2025, Wednesday, 2pm
From: Samuh Sadh Sangat and SGSS management committee




# ਨਿਊਜ਼ੀਲੈਂਡ ਵਿੱਚ ਨਗਰ ਕੀਰਤਨ ਨੂੰ ਰੋਕਣ ਦੀ ਕੋਸ਼ਿਸ਼ ਧਾਰਮਿਕ ਆਜ਼ਾਦੀ ’ਤੇ ਸਿੱਧਾ ਹਮਲਾ : ਪ੍ਰੋ. ਸਰਚਾਂਦ ਸਿੰਘ ਖਿਆਲਾ

## ਪ੍ਰਧਾਨ ਮੰਤਰੀ ਮੋਦੀ ਅਤੇ ਵਿਦੇਸ਼ ਮੰਤਰੀ ਡਾ. ਐੱਸ. ਜੈ ਸ਼ੰਕਰ ਨੂੰ ਪੱਤਰ ਲਿਖ ਕੇ ਨਿਊਜ਼ੀਲੈਂਡ ਸਰਕਾਰ ਕੋਲ ਕੂਟਨੀਤਕ ਪੱਧਰ ’ਤੇ ਮਾਮਲਾ ਉਠਾਉਣ ਦੀ ਕੀਤੀ ਅਪੀਲ

**ਅੰਮ੍ਰਿਤਸਰ, 21 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਬੁਲਾਰੇ ਅਤੇ ਸਿੱਖ ਚਿੰਤਕ ਪ੍ਰੋਫੈਸਰ ਸਰਚਾਂਦ ਸਿੰਘ ਖਿਆਲਾ ਨੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਅਤੇ ਕੇਂਦਰੀ ਵਿਦੇਸ਼ ਮੰਤਰੀ ਡਾ. ਐੱਸ. ਜੈ ਸ਼ੰਕਰ ਨੂੰ ਪੱਤਰ ਲਿਖ ਕੇ ਨਿਊਜ਼ੀਲੈਂਡ ਸਰਕਾਰ ਕੋਲ ਕੂਟਨੀਤਕ ਪੱਧਰ ’ਤੇ ਮਾਮਲਾ ਉਠਾ ਕੇ ਉਥੇ ਭਵਿੱਖ ਵਿੱਚ ਨਗਰ ਕੀਰਤਨ ਵਰਗੇ ਧਾਰਮਿਕ ਸਮਾਗਮਾਂ ਦੀ ਨਿਰਵਿਘਨਤਾ, ਸਿੱਖ ਭਾਈਚਾਰੇ ਦੇ ਧਾਰਮਿਕ ਅਧਿਕਾਰਾਂ ਦੀ ਪੂਰੀ ਸੁਰੱਖਿਆ ਅਤੇ ਹਿੰਦੂ-ਸਿੱਖ ਸਮੇਤ ਸਮੂਹ ਭਾਰਤੀ ਭਾਈਚਾਰੇ ਲਈ ਸੁਰੱਖਿਅਤ ਤੇ ਸਹਿਯੋਗੀ ਮਾਹੌਲ ਮੁਹੱਈਆ ਕਰਾਉਣ ਦੀ ਅਪੀਲ ਕੀਤੀ ਹੈ।ਇਸ ਦੇ ਨਾਲ ਹੀ ‘ਹਾਕਾ’ ਕਰਕੇ ਸਮਾਜਿਕ ਸਾਂਝ ਨੂੰ ਨੁਕਸਾਨ ਪਹੁੰਚਾਉਣ ਵਾਲੇ ਕੱਟੜਪੰਥੀ ਅਤੇ ਨਫ਼ਰਤੀ ਤੱਤਾਂ ਦੀਆਂ ਸਰਗਰਮੀਆਂ ’ਤੇ ਰੋਕ ਲਗਾਉਣ ਦੀ ਮੰਗ ਵੀ ਕੀਤੀ ਗਈ ਹੈ। ਪ੍ਰੋ. ਖਿਆਲਾ ਨੇ ਕਿਹਾ ਕਿ ਨਿਊਜ਼ੀਲੈਂਡ, ਜੋ ਦੁਨੀਆ ਦੇ ਸਭ ਤੋਂ ਅਮਨ-ਪਸੰਦ ਦੇਸ਼ਾਂ ਵਿੱਚੋਂ ਇੱਕ ਮੰਨਿਆ ਜਾਂਦਾ ਹੈ, ਵਿੱਚ ਸਿੱਖ ਭਾਈਚਾਰੇ ਵੱਲੋਂ ਸ਼ਹੀਦੀ ਦਿਹਾੜਿਆਂ ਦੇ ਸੰਦਰਭ ’ਚ ਪੂਰੀ ਸ਼ਾਂਤੀ ਅਤੇ ਧਾਰਮਿਕ ਮਰਿਆਦਾ ਅਨੁਸਾਰ ਸਜਾਏ ਗਏ ਨਗਰ ਕੀਰਤਨ ਨੂੰ ਉੱਥੋਂ ਦੇ ਇੱਕ ਚਰਚਿਤ ਅਤੇ ਵਿਵਾਦਿਤ ਕੱਟੜਪੰਥੀ ਬ੍ਰਾਇਨ ਤਮਾਕੀ ਦੀ ਅਗਵਾਈ ਵਾਲੇ “ਡੈਸਟਨੀ ਗਰੁੱਪ” ਵੱਲੋਂ ਰੋਕਣ ਅਤੇ ਖ਼ਲਲ ਪਾਉਣ ਦੀ ਕੀਤੀ ਗਈ ਕੋਸ਼ਿਸ਼ ਨੇ ਸਿੱਖ ਭਾਈਚਾਰੇ ਨੂੰ ਗਹਿਰੀ ਚਿੰਤਾ ਅਤੇ ਰੋਸ ਵਿੱਚ ਧੱਕ ਦਿੱਤਾ ਹੈ। ਖ਼ਾਸ ਤੌਰ ’ਤੇ ਇਸ ਸੰਵੇਦਨਸ਼ੀਲ ਮਾਹੌਲ ਵਿੱਚ ਵੀ ਸਿੱਖ ਭਾਈਚਾਰੇ ਨੇ ਅਤੁੱਲ ਸੰਜਮ, ਸਹਿਣਸ਼ੀਲਤਾ ਅਤੇ ਸ਼ਾਂਤੀ ਦਾ ਪ੍ਰਦਰਸ਼ਨ ਕਰਦਿਆਂ ਕਿਸੇ ਵੀ ਤਰ੍ਹਾਂ ਦੇ ਟਕਰਾਅ ਤੋਂ ਪਰਹੇਜ਼ ਕੀਤਾ। ਇਹ ਵਰਤਾਓ ਸਿੱਖ ਧਰਮ ਦੀ ਮੂਲ ਸਿੱਖਿਆ “ਸਰਬੱਤ ਦਾ ਭਲਾ”, ਭਰਾਤਰੀ ਭਾਵ ਅਤੇ ਮਨੁੱਖਤਾ ਦੀ ਸੇਵਾ ਦੀ ਜਿਊਂਦੀ ਜਾਗਦੀ ਮਿਸਾਲ ਹੈ। ਉਨ੍ਹਾਂ ਕਿਹਾ ਕਿ ਨਫ਼ਰਤ ਭਰੀ ਨਾਅਰੇਬਾਜ਼ੀ ਅਤੇ ਉਕਸਾਉਂਦੇ ਬੈਨਰਾਂ ਰਾਹੀਂ ਧਾਰਮਿਕ ਸਮਾਗਮ ਨੂੰ ਨਿਸ਼ਾਨਾ ਬਣਾਉਣਾ ਬੇਹੱਦ ਦੁਖਦਾਈ ਅਤੇ ਨਿੰਦਣਯੋਗ ਹੈ। ਇਹ ਘਟਨਾ ਸਿਰਫ਼ ਧਾਰਮਿਕ ਆਜ਼ਾਦੀ ’ਤੇ ਹੀ ਨਹੀਂ, ਸਗੋਂ ਬਹੁ-ਸਭਿਆਚਾਰਕ ਸਮਾਜਿਕ ਸਾਂਝ ਅਤੇ ਅੰਤਰਰਾਸ਼ਟਰੀ ਧਾਰਮਿਕ ਸਹਿਣਸ਼ੀਲਤਾ ਦੇ ਮੂਲ ਅਸੂਲਾਂ ’ਤੇ ਵੀ ਗੰਭੀਰ ਸਵਾਲ ਖੜੇ ਕਰਦੀ ਹੈ। ਉਨ੍ਹਾਂ ਕਿਹਾ ਕਿ ਅਜਿਹੇ ਤੱਤ ਪ੍ਰਵਾਸੀ ਭਾਈਚਾਰਿਆਂ ਪ੍ਰਤੀ ਨਫ਼ਰਤ ਦਾ ਜ਼ਿਹਰ ਘੋਲਨ ਦੀ ਕੋਸ਼ਿਸ਼ ਕਰ ਰਹੇ ਹਨ। ਪ੍ਰੋ. ਖਿਆਲਾ ਨੇ ਕਿਹਾ ਕਿ ਨਗਰ ਕੀਰਤਨ ਸਿੱਖ ਧਰਮ ਦੀ ਇੱਕ ਪਵਿੱਤਰ, ਇਤਿਹਾਸਕ ਅਤੇ ਵਿਸ਼ਵ ਪੱਧਰੀ ਮਾਨਤਾ ਪ੍ਰਾਪਤ ਧਾਰਮਿਕ ਪਰੰਪਰਾ ਹੈ, ਜੋ ਸਿਰਫ਼ ਸਿੱਖ ਭਾਈਚਾਰੇ ਤੱਕ ਸੀਮਤ ਨਹੀਂ ਰਹਿੰਦੀ, ਸਗੋਂ ਸਮੂਹ ਸਮਾਜ ਨੂੰ ਪ੍ਰੇਮ, ਏਕਤਾ ਅਤੇ ਸ਼ਾਂਤੀ ਦਾ ਸੰਦੇਸ਼ ਦਿੰਦੀ ਹੈ।ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੋਂ ਲੈ ਕੇ ਦੁਨੀਆ ਦੇ ਹਰ ਉਸ ਦੇਸ਼ ਤੱਕ, ਜਿੱਥੇ ਵੀ ਸਿੱਖ ਵੱਸਦਾ ਹੈ, ਨਗਰ ਕੀਰਤਨ ਸਿੱਖੀ ਦੀ ਸ਼ਾਂਤੀਪੂਰਵਕ ਪਹਿਚਾਣ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਸਿੱਖ ਭਾਈਚਾਰਾ ਦੁਨੀਆ ਭਰ ਵਿੱਚ ਸਦਾ ਹੀ ਸਥਾਨਕ ਕਾਨੂੰਨਾਂ, ਸਭਿਆਚਾਰਾਂ ਅਤੇ ਸਮਾਜਕ ਮਰਿਆਦਾਵਾਂ ਦਾ ਸਤਿਕਾਰ ਕਰਦਾ ਆਇਆ ਹੈ ਅਤੇ ਸਖ਼ਤ ਮਿਹਨਤ ਤੇ ਇਮਾਨਦਾਰੀ ਨਾਲ ਆਪਣੀ ਵਿਲੱਖਣ ਪਛਾਣ ਬਣਾਈ ਹੈ। ਲੰਗਰ, ਨਿਸ਼ਕਾਮ ਸੇਵਾ ਅਤੇ ਮਨੁੱਖਤਾ ਦੀ ਭਲਾਈ ਰਾਹੀਂ ਸਿੱਖਾਂ ਨੇ ਹਰ ਦੇਸ਼ ਵਿੱਚ ਸਮਾਜਿਕ ਸਾਂਝ ਨੂੰ ਮਜ਼ਬੂਤ ਕੀਤਾ ਹੈ ਅਤੇ ਕੁਦਰਤੀ ਆਫ਼ਤਾਂ ਦੇ ਸਮੇਂ ਹਮੇਸ਼ਾਂ ਅੱਗੇ ਵਧ ਕੇ ਸੇਵਾ ਕਰਨੀ ਆਪਣਾ ਕਰਤੱਵ ਮੰਨਿਆ ਹੈ। ਇਸ ਪ੍ਰਸੰਗ ਵਿੱਚ ਪ੍ਰੋ. ਖਿਆਲਾ ਨੇ ਕਿਹਾ ਕਿ ਧਾਰਮਿਕ ਆਜ਼ਾਦੀ, ਆਪਸੀ ਸਤਿਕਾਰ ਅਤੇ ਬਹੁ-ਸਭਿਆਚਾਰਕ ਸਹਿਣਸ਼ੀਲਤਾ ਹੀ ਕਿਸੇ ਵੀ ਲੋਕਤੰਤਰਿਕ ਅਤੇ ਵਿਕਸਤ ਸਮਾਜ ਦੀ ਅਸਲ ਪਛਾਣ ਹੁੰਦੀ ਹੈ। ਭਾਰਤ, ਜੋ ਸਦਾ ਤੋਂ ਹੀ ਵਿਸ਼ਵ ਨੂੰ ਸ਼ਾਂਤੀ ਦਾ ਮਾਰਗਦਰਸ਼ਨ ਦਿੰਦਾ ਆਇਆ ਹੈ, ਇਸ ਮਾਮਲੇ ਵਿੱਚ ਵੀ ਆਪਣੀ ਨੈਤਿਕ ਅਤੇ ਕੂਟਨੀਤਕ ਭੂਮਿਕਾ ਨਿਭਾਏ, ਇਹ ਸਮੂਹ ਸਿੱਖ ਭਾਈਚਾਰੇ ਦੀ ਭਾਵਨਾ ਹੈ ।ਉਨ੍ਹਾਂ ਆਸ ਪ੍ਰਗਟ ਕੀਤੀ ਕਿ ਭਾਰਤ ਸਰਕਾਰ ਇਸ ਮਸਲੇ ’ਤੇ ਸੰਵੇਦਨਸ਼ੀਲਤਾ, ਗੰਭੀਰਤਾ ਅਤੇ ਦ੍ਰਿੜ੍ਹਤਾ ਨਾਲ ਕਦਮ ਉਠਾਏਗੀ। ਉਨ੍ਹਾਂ ਨਿਊਜ਼ੀਲੈਂਡ ਦੇ ਮੋਹਰੀ ਸਿੱਖਾਂ ਨੂੰ ਵੀ ਅਪੀਲ ਕੀਤੀ ਕਿ ਇਸ ਘਟਨਾ ਸਬੰਧੀ ਉੱਥੋਂ ਦੀ ਸਰਕਾਰ ਅਤੇ ਵਿਰੋਧ ਪ੍ਰਦਰਸ਼ਨ ਕਰਨ ਵਾਲੇ ਤੱਤਾਂ, ਜਿਨ੍ਹਾਂ ਨੂੰ ਸਥਾਨਕ ਲੋਕਾਂ ਦਾ ਭਾਵ ਕਿ ਕੋਈ ਸਹਿਯੋਗ ਤੇ ਸਮਰਥਨ ਵੀ ਹਾਸਲ ਨਹੀਂ ਹੈ, ਨਾਲ ਸੰਵਾਦ ਅਤੇ ਵਿਚਾਰ-ਚਰਚਾ ਦਾ ਰਾਹ ਅਪਣਾਇਆ ਜਾਵੇ ਅਤੇ ਗੁਰੂ ਉਪਦੇਸ਼ਾਂ ਦੀ ਸੇਧ ਵਿੱਚ ਹੀ ਇਸ ਮਸਲੇ ਨੂੰ ਸੁਲਝਾਉਣ ਲਈ ਯਤਨ ਕੀਤੇ ਜਾਣ, ਤਾਂ ਜੋ ਤਲਖ਼ੀ ਅਤੇ ਟਕਰਾਅ ਵਾਲੇ ਮਾਹੌਲ ਤੋਂ ਬਚਿਆ ਜਾ ਸਕੇ।ਪ੍ਰੋ. ਖਿਆਲਾ ਨੇ ਸਪਸ਼ਟ ਕੀਤਾ ਕਿ ਵਿਸ਼ੇਸ਼ ਧਾਰਮਿਕ ਮੌਕਿਆਂ ’ਤੇ ਕੀਰਤਨ ਕਰਦਿਆਂ ਨਗਰ ਵਿੱਚੋਂ ਸ਼ਰਧਾ, ਪ੍ਰੇਮ ਅਤੇ ਸਤਿਕਾਰ ਨਾਲ ਗੁਜ਼ਿਰਆ ਜਾਂਦਾ ਨਗਰ ਕੀਰਤਨ ਨਿਰੋਲ ਧਾਰਮਿਕ ਅਤੇ ਸਿੱਖੀ ਪ੍ਰਚਾਰ ਦਾ ਸਾਧਨ ਹੈ, ਜਿਸ ਵਿੱਚ ਗੱਤਕਾ, ਗੁਰਬਾਣੀ ਕਥਾ-ਵਿਚਾਰ, ਢਾਡੀ ਅਤੇ ਕਵੀਸ਼ਰੀ ਪਰੰਪਰਾਵਾਂ ਵਰਗੇ ਸਿੱਖ ਵਿਰਸੇ ਨਾਲ ਜੁੜੇ ਪਵਿੱਤਰ ਤੱਤ ਸ਼ਾਮਲ ਹੁੰਦੇ ਹਨ। ਇਹ ਨਾ ਤਾਂ ਕਿਸੇ ਵਿਵਾਦ ਦਾ ਵਿਸ਼ਾ ਹਨ ਅਤੇ ਨਾ ਹੀ ਇਨ੍ਹਾਂ ’ਤੇ ਕੋਈ ਸੁਆਲ ਉਠਣ ਦੀ ਗੁੰਜਾਇਸ਼ ਹੈ। ਉਨ੍ਹਾਂ ਅਖੀਰ ਵਿੱਚ ਕਿਹਾ ਕਿ ਨਗਰ ਕੀਰਤਨ ਅਕਾਲ ਪੁਰਖ ਦੇ ਜੱਸ ਅਤੇ ਕੀਰਤੀ ਦਾ ਉਹ ਪ੍ਰਵਾਹ ਹੈ, ਜੋ ਨਗਰ ਵਿੱਚੋਂ ਗੁਜ਼ਰਦਿਆਂ ਸਾਰੇ ਸਮਾਜ ਨੂੰ ਸ਼ਾਂਤੀ, ਪ੍ਰੇਮ ਅਤੇ ਏਕਤਾ ਦੇ ਰੰਗਾਂ ਨਾਲ ਭਿੱਜਾ ਦਿੰਦਾ ਹੈ। ਇਹ ਸੰਦੇਸ਼ ਅਤੇ ਉਦੇਸ਼ ਬਾਰੇ ਵਿਸ਼ਵ ਨੂੰ ਜਾਣੂ ਕਰਾਉਣ ਦੀ ਜ਼ਿੰਮੇਵਾਰੀ ਸ਼੍ਰੋਮਣੀ ਕਮੇਟੀ ਅਤੇ ਸਿੱਖ ਸੰਸਥਾਵਾਂ ਦੀ ਹੈ। ••

ਆਵਾਜ਼ਿ ਕੌਮ AWAZE QAUM International Newspaper & WEB TV



ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਅੰਮ੍ਰਿਤ ਸੰਚਾਰ

## 27 ਦਸੰਬਰ 2025

ਧੰਨ ਧੰਨ ਸ਼੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੇ ਪਰਿਵਾਰ ਨੂੰ ਸਮਰਪਿਤ ਅੰਮ੍ਰਿਤ ਸੰਚਾਰ ਹੋਵੇਗਾ

ਸ਼ਨਿੱਚਰਵਾਰ 27 ਦਸੰਬਰ ਬਾਅਦ ਦੁਪਹਿਰ 2 ਵਜੇ ਅੰਮ੍ਰਿਤ ਦਾ ਬਾਟਾ ਤਿਆਰ ਹੋਵੇਗਾ।



ਕੱਕਾਰਾ ਦੀ ਸੇਵਾ ਗੁਰਦੁਆਰਾ ਸਾਹਿਬ ਜੀ ਵੱਲੋਂ ਭੇਟਾਂ ਰਹਿਤ ਦਿੱਤੇ ਜਾਣਗੇ।

ਅੰਮ੍ਰਿਤ ਛਕਣ ਵਾਲੀ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ 2 ਘੰਟੇ ਪਹਿਲਾਂ 12 ਵਜੇ ਪਹੁੰਚਣ ਦੀ ਕਿਰਪਾਲਤਾ ਕਰਨੀ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।

☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778




**ਬੀਬੀ ਸ਼ਹਿਰੀਨ ਕੌਰ ਖਾਲਸਾ ਅਤੇ ਪਰਮਿੰਦਰ ਸਿੰਘ ਹਠੂਰ ਨੇ ਸਤਿਗੁਰਾਂ ਦਾ ਕੀਤਾ ਸ਼ੁਕਰਾਨਾ, ਅਤੇ ਵੋਟਰਾਂ ਦਾ ਕੀਤਾ ਧੰਨਵਾਦ**

# ਸਮਾਜ ਸੇਵੀ ਦਵਿੰਦਰ ਸਿੰਘ ਬੱਬੀ ਗਰੇਵਾਲ ਹਠੂਰ ਟੀਮ ਨੇ ਕੀਤਾ ਵਿਸ਼ੇਸ਼ ਤੌਰ 'ਤੇ ਸਨਮਾਨਿਤ

ਹਠੂਰ/ਜਗਰਾਉਂ -(ਵਰਿਆਮ ਹਠੂਰ) ਮਾਣੂੰਕੇ ਜੋਨ ਤੋਂ ਜ਼ਿਲ੍ਹਾ ਪ੍ਰੀਸ਼ਦ ਦੀ ਚੋਣ ਜਿੱਤਣ ਤੋਂ ਬਾਅਦ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਬੀਬੀ ਸ਼ਹਿਰੀਨ ਕੌਰ ਖਾਲਸਾ ਅਤੇ ਹਠੂਰ-ਬੁਰਜ ਕਲਾਰਾ ਤੋਂ ਬਲਾਕ ਸੰਮਤੀ ਮੈਂਬਰ ਪਰਮਿੰਦਰ ਸਿੰਘ ਹਠੂਰ ਸਤਿਗੁਰਾਂ ਦਾ ਸ਼ੁਕਰਾਨਾ ਕਰਨ ਲਈ ਅਤੇ ਨਾਲ ਨਾਲ ਵੋਟਰਾਂ ਅਤੇ ਸਪੋਟਰਾਂ



ਦਾ ਧੰਨਵਾਦ ਕਰਨ ਲਈ ਇਤਿਹਾਸਕ ਗੁਰਦੁਆਰਾ ਪਾਤਸ਼ਾਹੀ ਛੇਵੀਂ ਹਠੂਰ ਵਿਖੇ ਪਹੁੰਚੇ, ਜਿੱਥੇ ਪਹਿਲਾਂ ਸਤਿਗੁਰਾਂ ਦੀ ਇਲਾਹੀ ਬਾਣੀ ਦੇ ਜਾਪ ਹੋਏ ਤੇ ਅਰਦਾਸ ਉਪਰੰਤ ਸਮਾਝ ਸੇਵੀ ਦਵਿੰਦਰ ਸਿੰਘ ਬੱਬੀ ਗਰੇਵਾਲ ਹਠੂਰ ਦੀ ਸਮੁੱਚੀ ਟੀਮ ਵੱਲੋਂ ਅਤੇ ਇਤਿਹਾਸਕ ਗੁਰਦੁਆਰਾ ਪਾਤਸ਼ਾਹੀ ਛੇਵੀਂ ਦੀ ਪ੍ਰਬੰਧਕ ਕਮੇਟੀ ਪ੍ਰਧਾਨ ਰਜਿੰਦਰ ਸਿੰਘ ਧਾਲੀਵਾਲ ਅਤੇ ਹੋਰ ਸੰਗਤਾਂ ਵੱਲੋਂ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਬੀਬੀ ਸ਼ਹਿਰੀਨ ਕੌਰ ਖਾਲਸਾ ਅਤੇ ਬਲਾਕ ਸੰਮਤੀ ਮੈਂਬਰ ਪਰਮਿੰਦਰ ਸਿੰਘ ਹਠੂਰ ਨੂੰ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ ਗਿਆ, ਇਸ ਮੌਕੇ ਸਮਾਜ ਸੇਵੀ ਦਵਿੰਦਰ ਸਿੰਘ ਬੱਬੀ ਗਰੇਵਾਲ ਹਠੂਰ ਨੇ ਇਕੱਤਰ ਗੁਰਸੰਗਤਾਂ ਨਾਲ ਆਪਣੇ ਵਿਚਾਰਾਂ ਦੀ ਸਾਂਝ ਪਾਈ, ਉਨ੍ਹਾਂ ਕਿਹਾ ਕਿ ਮਾਣੂੰਕੇ ਜੋਨ ਤੋਂ ਜ਼ਿਲ੍ਹਾ ਪ੍ਰੀਸ਼ਦ ਦੀ ਚੋਣ ਜਿੱਤਣ ਵਾਲੇ ਬੀਬੀ ਸ਼ਹਿਰੀਨ ਕੌਰ ਖਾਲਸਾ ਧਰਮ ਪਤਨੀ ਕਥਾਵਾਚਕ ਭਾਈ ਗੁਰਜੰਟ ਸਿੰਘ ਖਾਲਸਾ ਰਸੂਲਪੁਰ ਅਤੇ ਬਲਾਕ ਸੰਮਤੀ ਮੈਂਬਰ ਪਰਮਿੰਦਰ ਸਿੰਘ ਹਠੂਰ ਨੂੰ ਆਪਣਾ ਕੀਮਤੀ ਵੋਟ ਦੇ ਕੇ ਜਿਤਾਉਣ ਵਾਲੇ ਸਮੂਹ ਵੋਟਰਾਂ ਅਤੇ ਸਪੋਟਰਾਂ ਦਾ ਧੰਨਵਾਦ, ਉਨ੍ਹਾਂ ਕਿਹਾ ਕਿ ਕਥਾਵਾਚਕ ਭਾਈ ਗੁਰਜੰਟ ਸਿੰਘ ਖਾਲਸਾ ਰਸੂਲਪੁਰ ਇਤਿਹਾਸਕ ਗੁਰਦੁਆਰਾ ਪਾਤਸ਼ਾਹੀ ਛੇਵੀਂ ਗੁਰੂ ਘਰ ਦੇ ਵਜੀਰ ਹਨ। ਜੋ ਰੋਜ਼ਾਨਾ ਸੰਗਤਾਂ ਨੂੰ ਸਤਿਗੁਰਾਂ ਦੀ ਇਲਾਹੀ ਬਾਣੀ ਅਤੇ ਕਥਾ ਵਿਚਾਰਾਂ ਰਾਹੀਂ ਨਿਹਾਲ ਕਰਦੇ ਹਨ। ਤੇ ਇਸ ਗੁਰਸਿੱਖ ਪਰਿਵਾਰ ਤੇ ਸਤਿਗੁਰਾਂ ਨੇ ਕ੍ਰਿਪਾ ਕੀਤੀ ਹੈ। ਤੇ ਇਸ ਦੇ ਨਾਲ ਨਾਲ ਨਾਲ ਬਲਾਕ ਸੰਮਤੀ ਮੈਂਬਰ ਪਰਮਿੰਦਰ ਸਿੰਘ ਹਠੂਰ ਤੇ ਮਿਹਰ ਹੋਈ ਹੈ। ਤੇ ਗੁਰੂ ਦੀ ਕ੍ਰਿਪਾ ਸਦਕਾ ਤੁਸੀਂ ਸਭ ਨੇ ਪਿਆਰ ਬਖਸ਼ਿਆ, ਹੈ। ਮੈਂ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਬੀਬੀ ਸ਼ਹਿਰੀਨ ਕੌਰ ਖਾਲਸਾ ਅਤੇ ਬਲਾਕ ਸੰਮਤੀ ਮੈਂਬਰ ਪਰਮਿੰਦਰ ਸਿੰਘ ਹਠੂਰ ਨੂੰ ਬੇਨਤੀ ਕਰਦਾ ਹਾਂ ਕਿ ਪਾਰਟੀ ਬਾਜੀ ਤੋਂ ਉੱਪਰ ਉੱਠ ਕੇ ਆਪਣੇ ਅਹੁਦੇ ਦਾ ਸਹੀ ਇਸਤੇਮਾਲ ਕਰਨ, ਅੰਤ ਵਿੱਚ ਉਨ੍ਹਾਂ ਸਮੂਹ ਗੁਰਸੰਗਤਾਂ ਦਾ ਹਾਜ਼ਰੀਆਂ



ਭਰਨ ਲਈ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ, ਇਸ ਮੌਕੇ ਕਥਾਵਾਚਕ ਭਾਈ ਗੁਰਜੰਟ ਸਿੰਘ ਖਾਲਸਾ ਨੇ ਵੀ ਆਪਣੇ ਵਿਚਾਰਾਂ ਦੀ ਸਾਂਝ ਪਾਈ, ਪ੍ਰੈਸ ਨਾਲ ਗੱਲਬਾਤ ਕਰਦਿਆਂ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਬੀਬੀ ਸ਼ਹਿਰੀਨ ਕੌਰ ਖਾਲਸਾ ਨੇ ਕਿਹਾ ਕਿ ਜੋ ਜ਼ਿਲ੍ਹਾ ਪ੍ਰੀਸ਼ਦ ਦੇ ਕੰਮ ਹਨ ਉਨ੍ਹਾਂ ਨੂੰ ਅਸੀਂ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਕਰਾਂਗੇ, ਤੇ ਜਿਸ ਆਸ ਤੇ ਵਿਸ਼ਵਾਸ ਨਾਲ ਸੰਗਤਾਂ ਨੂੰ ਉਨ੍ਹਾਂ ਨੂੰ ਆਪਣਾ ਕੀਮਤੀ ਵੋਟ ਦਿੱਤਾ ਹੈ। ਉਹ ਆਪਣਾ ਅਹਿਮ ਰੋਲ ਅਦਾ ਕਰਨਗੇ, ਗੱਲਬਾਤ ਕਰਦਿਆਂ ਬਲਾਕ ਸੰਮਤੀ ਮੈਂਬਰ ਪਰਮਿੰਦਰ ਸਿੰਘ ਹਠੂਰ ਨੇ ਕਿਹਾ ਉਹ ਲੋਕਾਂ ਦੀ ਸੋਚ ਤੇ ਖਰੇ ਉਤਰਨਗੇ ਤੇ ਜੋ ਬਲਾਕ ਸੰਮਤੀ ਮੈਂਬਰ ਦੇ ਕੰਮ ਹਨ ਉਨ੍ਹਾਂ ਨੂੰ ਕਰਨ ਲਈ ਹਮੇਸ਼ਾ




ਤੱਤਪਰ ਰਹਾਂਗਾ, ਇਸ ਮੌਕੇ ਬਲਾਕ ਪ੍ਰਧਾਨ ਤਰਸੇਮ ਸਿੰਘ ਹਠੂਰ, ਜਥੇਦਾਰ ਹਰਪ੍ਰੀਤ ਸਿੰਘ ਖਾਲਸਾ, ਆੜ੍ਹਤੀਆ ਅਤੇ ਪੰਚ ਜਗਦੇਵ ਸਿੰਘ ਬੱਬੂ ਗਰੇਵਾਲ, ਪ੍ਰਧਾਨ ਰਜਿੰਦਰ ਸਿੰਘ ਧਾਲੀਵਾਲ, ਯੂਥ ਕੋਆਰਡੀਨੇਟਰ ਬਲਵਿੰਦਰ ਸਿੰਘ ਬਿੰਦਾ ਹਠੂਰ, ਗੁਰਮੀਤ ਕੌਰ, ਪੰਚ ਜਗਦੀਪ ਸਿੰਘ ਦੀਪ, ਦੇਸਰਾਜ ਸਿੰਘ ਖਾਲਸਾ, ਪਰਮਜੀਤ ਸਿੰਘ ਬੇਦੀ, ਬਬਲਾ ਹਠੂਰ, ਸਮੇਤ ਅਨੇਕਾਂ ਸੰਗਤਾਂ ਹਾਜ਼ਰ ਸਨ।





**ਸਫ਼ਰ-ਏ-ਸ਼ਹਾਦਤ ਦੇ ਚੱਲ ਰਹੇ ਗੁਰਮਤਿ ਸਮਾਗਮਾਂ ਦੀ ਲੜੀ ਦੌਰਾਨ ਇੱਥੇ ਧਰਮ ਗਿਆਨ ਪ੍ਰਚਾਰ ਮਿਸ਼ਨ ਵੱਲੋਂ**

# ਉੱਘੇ ਸਿੱਖ ਚਿੰਤਕ ਤੇ ਪੰਥਕ ਬੁਲਾਰੇ ਭਗਵਾਨ ਸਿੰਘ ਜੌਹਲ ਤੇ ਵਿਸ਼ਵ ਪ੍ਰਸਿੱਧ ਸਿੱਖ ਵਿਦਵਾਨ ਤੇ ਕਥਾਵਾਚਕ ਗਿਆਨੀ ਪਿੰਦਰਪਾਲ ਸਿੰਘ ਦਾ ਸਨਮਾਨ

ਜਲੰਧਰ, 21 ਦਸੰਬਰ (ਆਵਾਜ਼ਿ ਕੌਮ ਬਿਊਰੋ)– ਸਫ਼ਰ–ਏ–ਸ਼ਹਾਦਤ ਦੇ ਚੱਲ ਰਹੇ ਗੁਰਮਤਿ ਸਮਾਗਮਾਂ ਦੀ ਲੜੀ ਦੌਰਾਨ ਇੱਥੇ ਧਰਮ ਗਿਆਨ ਪ੍ਰਚਾਰ ਮਿਸ਼ਨ ਵੱਲੋਂ ਸੇਵਾਦਾਰ ਭਾਈ ਬਾਲੇ ਵਾਲੀ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਜਨਮਸਾਖੀ ਮਿਸਲ ਭਾਈ ਜਸਵੀਰ ਸਿੰਘ ਵੱਲੋਂ ਭਾਈ ਸਾਹਿਬ ਗਿਆਨੀ ਪਿੰਦਰਪਾਲ ਸਿੰਘ ਦੀ ਕਥਾ ਤੋਂ ਪਿੱਛੋਂ ਦੋ ਉੱਘੀਆਂ ਧਾਰਮਿਕ ਸ਼ਖਸੀਅਤਾਂ, ਉੱਘੇ ਸਿੱਖ ਚਿੰਤਕ ਤੇ ਪੰਥਕ ਬੁਲਾਰੇ ਭਗਵਾਨ ਸਿੰਘ ਜੌਹਲ ਵਿਸ਼ਵ ਪ੍ਰਸਿਧ ਸਿੱਖ ਵਿਦਵਾਨ ਤੇ ਕਥਾਵਾਚਕ ਗਿਆਨੀ ਪਿੰਦਰਪਾਲ ਸਿੰਘ ਨੂੰ ਭੇਂਟ ਕੀਤੀ ਗਈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਪ੍ਰਿੰਸੀਪਲ ਜਸਵੀਰ ਕੌਰ ਗਿੱਲ ਤੋਂ ਇਲਾਵਾ ਅਨੇਕਾਂ ਪਤਵੰਤੇ ਸੱਜਣ ਵੀ ਸ਼ਾਮਲ ਸਨ।




ਆਵਾਜ਼ਿ ਕੌਮ AWAZE QAUM International Newspaper & WEB TV

### ਗੁਰਦੁਆਰਾ ਸੀਸ ਗੰਜ ਸਾਹਿਬ ਚਾਂਦਨੀ ਚੌਂਕ ਦਿੱਲੀ ਵਿਖੇ

# ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਲੜੀਵਾਰ ਗੁਰਬਾਣੀ ਕਥਾ ਵਿਆਖਿਆ ਦੀ ਹਾਜ਼ਰੀ ਭਰੀ














ਗੁਰਦੁਆਰਾ ਸੀਸ ਗੰਜ ਸਾਹਿਬ ਚਾਂਦਨੀ ਚੌਂਕ ਦਿੱਲੀ ਵਿਖੇ ਅੱਜ ਲੜੀਵਾਰ ਗੁਰਬਾਣੀ ਕਥਾ ਵਿਆਖਿਆ ਦੀ ਹਾਜ਼ਰੀ ਭਰਦੇ ਹੋਏ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਜੀ ਦੇ ਸਤਿਕਾਰਯੋਗ ਪਿਤਾ ਸਰਦਾਰ ਦਲਜੀਤ ਸਿੰਘ ਕਾਲੜਾ ਜੀ ਦੀ ਪਹਿਲੀ ਬਰਸੀ 'ਤੇ

# ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਹੋਰ ਧਾਰਮਿਕ ਤੇ ਰਾਜਨੀਤਿਕ ਸਮਾਜਿਕ ਆਗੂਆਂ ਨੇ ਹਾਜ਼ਰੀ ਭਰੀ









ਆਵਾਜ਼ਿ ਕੌਮ AWAZE QAUM International Newspaper & WEB TV





ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਜੀ ਦੇ ਸਤਿਕਾਰਯੋਗ ਪਿਤਾ ਸਰਦਾਰ ਦਲਜੀਤ ਸਿੰਘ ਕਾਲੜਾ ਜੀ ਦੀ ਪਹਿਲੀ ਬਰਸੀ ਤੇ ਗੁਰਦੁਆਰਾ ਰਕਾਬਗੰਜ ਸਾਹਿਬ ਭਾਈ ਲੱਖੀ ਸ਼ਾਹ ਵਣਜਾਰਾ ਦੀਵਾਨ ਹਾਲ ਵਿੱਚ ਸ਼ਰਧਾਂਜਲੀ ਭੇਂਟ ਕਰਦੇ ਹੋਏ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਹਾਜ਼ਰ ਸੰਤ ਮਹਾਂਪੁਰਖ ਧਾਰਮਿਕ ਰਾਜਨੀਤਿਕ ਸਮਾਜਿਕ ਆਗੂ ਸਾਹਿਬਾਨ ਅਤੇ ਸਿੱਖ ਸੰਗਤਾਂ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ


ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

**22 ਤੋਂ 24 ਦਸੰਬਰ ਤੱਕ ਜੋੜ-ਮੇਲ 'ਤੇ ਵਿਸ਼ੇਸ਼**

# ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਮਾਛੀਵਾੜਾ



ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਮਾਛੀਵਾੜਾ ਉਹ ਪਵਿੱਤਰ ਅਸਥਾਨ ਹੈ। ਜਿੱਥੇ ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਚਮਕੌਰ ਦੀ ਗੜ੍ਹੀ ਵਿੱਚ ਆਪਣੇ ਦੋਵੇਂ ਸਾਹਿਬਜ਼ਾਦਿਆਂ ਬਾਬਾ ਅਜੀਤ ਸਿੰਘ ਅਤੇ ਬਾਬਾ ਜੁਝਾਰ ਸਿੰਘ ਨੂੰ ਮੁਗ਼ਲ ਫ਼ੌਜਾਂ ਨਾਲ ਜੂਝਦਿਆਂ ਛੱਡ ਕੇ 8 ਪੋਹ ਸੰਮਤ 1761 ਬਿਕਰਮੀ, ਸੰਨ 1704 ਈ: ਦੀ ਰਾਤ ਨੂੰ ਨੰਗੇ ਪੈਰੀਂ, ਲਹੂ-ਲੁਹਾਨ, ਫਟੇ ਹੋਏ ਬਸਤਰ, ਪੈਰਾਂ ਵਿੱਚ ਛਾਲੇ, ਸਿਰ ਉੱਤੇ ਤਾਜ ਨਹੀਂ, ਹੱਥ ਵਿੱਚ ਬਾਜ਼ ਨਹੀਂ, ਕੰਡਿਆਲੇ ਅਤੇ ਬਿਖਮ ਪੈਂਡੇ ਤੋਂ ਹੁੰਦੇ ਹੋਏ ਇੱਥੇ ਪਹੁੰਚੇ ਸਨ। ਗੁਲਾਬੇ ਖੱਤਰੀ ਦੇ ਬਾਗ਼ ਵਿੱਚ ਖੂਹ ਤੋਂ ਜਲ ਛਕਣ ਉਪਰੰਤ ਖੂਹ ਤੋਂ 70 ਗਜ਼ ਦੀ ਦੂਰੀ 'ਤੇ ਸਥਿਤ ਜੰਡ ਦੇ ਦਰਖਤ ਹੇਠ ਟਿੰਡ ਦੇ ਸਰ੍ਹਾਣਾ ਬਣਾ ਕੇ, ਹੱਥ ਵਿੱਚ ਨੰਗੀ ਸ਼ਮਸ਼ੀਰ (ਕ੍ਰਿਪਾਨ) ਫੜ ਕੇ ਵਿਸ਼ਰਾਮ ਕਰਨ ਲੱਗ ਪਏ। ਸਾਹਿਬਜ਼ਾਦਾ ਅਜੀਤ ਸਿੰਘ ਅਤੇ ਸਾਹਿਬਜ਼ਾਦਾ ਜੁਝਾਰ ਸਿੰਘ ਸ਼ਹੀਦ ਹੋ ਚੁੱਕੇ ਹਨ। ਜਾਨ ਤੋਂ ਪਿਆਰੇ ਸਿੰਘ ਵਿੱਛੜ ਗਏ। ਪਰ ਇੰਨਾ ਕੁਝ ਹੋਣ ਤੇ ਵੀ ਦਸਮੇਸ਼ ਪਿਤਾ ਦਾ ਸਿਦਕ ਨਹੀਂ ਡੋਲ੍ਹਿਆ ਸਗੋਂ ਅਕਾਲ ਪੁਰਖ ਨੂੰ ਸੰਬੋਧਿਤ ਹੁੰਦਿਆਂ ਇਹਨਾਂ ਸ਼ਬਦਾਂ ਨਾਲ ਯਾਦ ਕੀਤਾ।

ਮਿਤ੍ਰ ਪਿਆਰੇ ਨੂੰ ਹਾਲ ਮੁਰੀਦਾਂ ਦਾ ਕਹਿਣਾ॥
ਤੁਧੁ ਬਿਨੁ ਰੋਗੁ ਰਜਾਈਆਂ ਦਾ ਓਢਣ ਨਾਗ ਨਿਵਾਸਾਂ ਦੇ ਰਹਿਣਾ॥
ਸੂਲ ਸੁਰਾਹੀ ਖੰਜਰੁ ਪਿਆਲਾ ਬਿੰਗ ਕਸਾਈਆਂ ਦਾ ਸਹਿਣਾ॥
ਯਾਰੜੇ ਦਾ ਸਾਨੂੰ ਸੱਥਰੁ ਚੰਗਾ ਭੱਠ ਖੇੜਿਆਂ ਦਾ ਰਹਿਣਾ॥1॥

(ਦਸਮ ਗ੍ਰੰਥ ਸਾਹਿਬ ਜੀ, ਅੰਗ 710-711)

ਇੱਥੇ ਹੀ ਅੰਮ੍ਰਿਤ ਵੇਲੇ ਚਮਕੌਰ ਦੇ ਘੇਰੇ ਵਿੱਚੋਂ ਨਿਕਲ ਕੇ ਪੰਜ ਪਿਆਰਿਆਂ ਵਿੱਚੋਂ ਦੋ ਪਿਆਰੇ ਭਾਈ ਦਇਆ ਸਿੰਘ, ਭਾਈ ਧਰਮ ਸਿੰਘ ਅਤੇ ਇੱਕ ਸਿੰਘ ਭਾਈ ਮਾਨ ਸਿੰਘ ਗੁਰੂ ਸਾਹਿਬ ਦੇ ਹੁਕਮ ਅਨੁਸਾਰ ਤਾਰਿਆਂ ਦੀ ਸੇਧ ਵਿੱਚ ਪਹੁੰਚੇ। ਗੁਰੂ ਸਾਹਿਬ ਦੇ ਬਸਤਰ ਲੀਰੋ-ਲੀਰ ਪੈਰ ਜ਼ਖ਼ਮੀ ਹੋਏ ਹੋਣ ਦੇ ਬਾਵਜੂਦ ਪਰਮਾਤਮਾ ਦੇ ਸ਼ੁਕਰਾਨੇ ਵਜੋਂ ਪੜ੍ਹੇ ਜਾ ਰਹੇ ਸ਼ਬਦ ਨੂੰ ਸੁਣ ਕੇ ਫੁੱਟ-ਫੁੱਟ ਰੋ ਪਏ। ਗੁਰੂ ਸਾਹਿਬ ਨੇ ਸਿੰਘਾਂ ਨੂੰ ਬੜੇ ਪਿਆਰ ਨਾਲ ਹੌਸਲਾ ਦਿੱਤਾ। ਗੁਰੂ ਜੀ ਅਤੇ ਸਿੰਘਾਂ ਨੇ ਖੂਹ ਦੇ ਜਲ ਨਾਲ ਇਸ਼ਨਾਨ ਕਰਨ ਉਪਰੰਤ ਨਿੱਤ-ਨੇਮ ਕੀਤਾ। ਉਸ ਸਮੇਂ ਨੇੜੇ ਬਾਗ਼ ਦਾ ਰਾਖਾ ਉਧਰ ਆ ਗਿਆ। ਉਸ ਨੇ ਗੁਰੂ ਜੀ ਅਤੇ ਸਿੰਘਾਂ ਨੂੰ ਉੱਥੇ ਬੈਠੇ ਵੇਖਿਆ ਤਾਂ ਉਸ ਨੇ ਬਾਗ਼ ਦੇ ਮਾਲਕ ਤੇ ਗੁਰੂ ਜੀ ਦੇ ਦੋ ਸ਼ਰਧਾਲੂ ਭਰਾਵਾਂ ਗੁਲਾਬੇ ਤੇ ਪੰਜਾਬੇ ਨੂੰ ਜਾ ਦੱਸਿਆ। ਉਹ ਦੋਵੇਂ ਭਰਾ ਗੁਰੂ ਜੀ ਦੇ ਦਰਸ਼ਨ ਕਰਕੇ ਨਿਹਾਲ ਹੋ ਗਏ।

ਮਹਾਨ ਕੋਸ਼ ਦੇ ਕਰਤਾ ਭਾਈ ਕਾਨ੍ਹ ਸਿੰਘ ਨਾਭਾ ਅਨੁਸਾਰ ਚਮਕੌਰ ਸਾਹਿਬ ਤੋਂ ਆ ਕੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਸੰਮਤ 1761 ਵਿੱਚ ਗੁਲਾਬ ਚੰਦ ਮਸੰਦ ਦੇ ਘਰ ਠਹਿਰੇ ਸਨ। ਗੁਲਾਬੇ ਦੇ ਘਰ ਵਾਲੀ ਥਾਂ ਤੇ ਗੁਰਦੁਆਰਾ (ਚਰਨ ਕੰਵਲ) ਨਹੀਂ ਬਣਾਇਆ ਗਿਆ। ਗੁਲਾਬੇ ਦੇ ਬਾਗ਼ ਵਿੱਚ ਜਿੱਥੇ ਕਲਗੀਧਰ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਠਹਿਰੇ ਸਨ ਅਤੇ ਜਿਸ ਥਾਂ ਭਾਈ ਧਰਮ ਸਿੰਘ, ਭਾਈ ਦਇਆ ਸਿੰਘ ਤੇ ਭਾਈ ਮਾਨ ਸਿੰਘ ਚਮਕੌਰ ਸਾਹਿਬ ਤੋਂ ਆ ਕੇ ਸਤਿਗੁਰੂ ਨੂੰ ਮਿਲੇ, ਉੱਥੇ ਚਰਨ ਕੰਵਲ ਹੈ, ਜੋ ਕਸਬੇ ਤੋਂ ਇੱਕ ਮੀਲ ਪੂਰਬ ਵੱਲ ਹੈ। ਮਹਾਰਾਜਾ ਰਣਜੀਤ ਸਿੰਘ ਜੀ ਦੀ ਲਗਾਈ 270 ਵਿੱਘੇ ਜ਼ਮੀਨ ਹੈ।

ਭਾਈ ਗੁਲਾਬੇ ਤੇ ਪੰਜਾਬੇ ਨੇ ਗੁਰੂ ਜੀ ਦੇ ਦਰਸ਼ਨ ਕਰਨ ਉਪਰੰਤ ਸਤਿਕਾਰ ਨਾਲ ਉਹਨਾਂ ਨੂੰ ਘਰ ਲਿਆ ਕੇ ਪਹਿਲਾਂ ਇਸ਼ਨਾਨ ਕਰਵਾਇਆ ਅਤੇ ਫਿਰ ਜ਼ਖ਼ਮਾਂ ਉੱਤੇ ਮਲ੍ਹਮ ਲਗਾਈ। ਘੋੜਿਆਂ ਦੇ ਸੌਦਾਗਰ (ਵਪਾਰੀ) ਭਾਈ ਗਨੀ ਖਾਂ ਨਬੀ ਖਾਂ (ਜੋ ਕਾਬਲ ਤੋਂ ਵਧੀਆ ਨਸਲ ਦੇ ਘੋੜੇ ਲਿਆ ਕੇ ਦਿਆ ਕਰਦੇ ਸਨ) ਨੂੰ ਜਦੋਂ ਗੁਰੂ ਸਾਹਿਬ ਦੀ ਆਮਦ ਦਾ ਪਤਾ ਲੱਗਾ ਤਾਂ ਉਹ ਗੁਰੂ ਜੀ ਨੂੰ ਭਾਈ ਗੁਲਾਬੇ ਅਤੇ ਪੰਜਾਬੇ ਦੇ ਘਰੋਂ ਆਪਣੇ ਘਰ ਲੈ ਗਏ। ਦੋਵਾਂ ਭਰਾਵਾਂ ਨੇ ਬੜੀ ਸ਼ਰਧਾ ਨਾਲ ਗੁਰੂ ਜੀ ਦੀ ਸੇਵਾ ਕੀਤੀ। ਭਾਈ ਗਨੀ ਖਾਂ ਨਬੀ ਖਾਂ ਦੇ ਘਰ ਬੈਠ ਕੇ ਸਾਰਿਆਂ ਨੇ ਗੁਰੂ ਸਾਹਿਬ ਨੂੰ ਮੁਗ਼ਲਾਂ ਦੀ ਫ਼ੌਜ ਦੇ ਘੇਰੇ ਵਿੱਚੋਂ ਕੱਢਣ ਦੀ ਵਿਉਂਤ ਬਣਾਈ। ਇਸ ਸਮੇਂ ਭਾਈ ਗੁਲਾਬੇ, ਭਾਈ ਪੰਜਾਬੇ, ਗਨੀ ਖਾਂ, ਨਬੀ ਖਾਂ ਤੋਂ ਇਲਾਵਾ ਪੰਜ ਪੀਰ ਸੱਯਦ ਅਨਾਇਤ ਅਲੀ ਨੂਰਪੁਰੀਆ, ਕਾਜ਼ੀ ਪੀਰ ਮੁਹੰਮਦ, ਸੁਬੇਗ ਸ਼ਾਹ ਹਲਵਾਰੀਆ, ਸੱਯਦ ਹਸਨ ਅਲੀ ਅਤੇ ਕਾਜ਼ੀ ਚਿਰਾਗ਼ ਸ਼ਾਹ ਵੀ ਮੌਜੂਦ ਦੱਸੇ ਜਾਂਦੇ ਹਨ। ਇੱਥੇ ਹੀ ਗੁਰੂ ਜੀ ਨੇ ਮਾਤਾ ਹਰਦੇਈ ਨੂੰ ਦਰਸ਼ਨ ਦਿੱਤੇ ਅਤੇ ਮਾਤਾ ਜੀ ਵੱਲੋਂ ਬੜੀ ਸ਼ਰਧਾ ਅਤੇ ਪਿਆਰ ਨਾਲ ਤਿਆਰ ਕੀਤੀ ਖੱਦਰ ਦੀ ਪੋਸ਼ਾਕ (ਚੋਲਾ) ਗ੍ਰਹਿਣ ਕਰਨ ਉਪਰੰਤ ਲਲਾਰੀ ਕੋਲੋਂ ਨੀਲੇ ਰੰਗ ਵਿੱਚ ਰੰਗਵਾਇਆ ਇੱਥੋਂ ਗੁਰੂ ਸਾਹਿਬ ਨੀਲੇ ਬਸਤਰ ਧਾਰਨ ਕਰਕੇ ਸਿਰ ਤੇ ਢਿੱਲਾ ਜਿਹਾ ਪਰਨਾ ਅਤੇ ਕੇਸ ਪਿੱਛੇ ਨੂੰ ਖੁੱਲ੍ਹੇ ਛੱਡ ਕੇ ਉੱਚ ਦੇ ਪੀਰ ਦੇ ਭੇਖ ਵਿੱਚ ਬਾਣਾ ਬਣਾ ਕੇ ਇੱਕ ਪਲੰਘ ਉੱਤੇ ਬੈਠ ਗਏ। ਗਨੀ ਖਾਂ ਤੇ ਨਬੀ ਖਾਂ ਭਰਾਵਾਂ ਨੇ ਪਲੰਘ ਨੂੰ ਅਗਲੇ ਪਾਸਿਓਂ ਅਤੇ ਭਾਈ ਦਇਆ ਸਿੰਘ ਤੇ ਭਾਈ ਧਰਮ ਸਿੰਘ ਨੇ ਪਲੰਘ ਨੂੰ ਪਿਛਲੇ ਪਾਸਿਓਂ ਚੁੱਕ ਲਿਆ ਅਤੇ ਤੁਰ ਪਏ। ਭਾਈ ਮਾਨ ਸਿੰਘ ਉੱਚ ਦੇ ਪੀਰ ਨੂੰ ਚੌਰ (ਚਵਰ) ਕਰ ਰਹੇ ਸਨ। ਪਿੰਡ ਤੋਂ ਬਾਹਰ ਨਿਕਲਦਿਆਂ ਹੀ ਫ਼ੌਜ ਨੇ ਰੋਕ ਲਿਆ। ਮੁਗ਼ਲ ਜਰਨੈਲ ਦਿਲਾਵਰ ਖਾਂ ਨੇ ਪੁੱਛਿਆ ਕਿ ਪਲੰਘ ਤੇ ਕੌਣ ਹੈ ? ਤਾਂ ਗਨੀ ਖਾਂ ਤੇ ਨਬੀ ਖਾਂ ਨੇ ਕਿਹਾ ਕਿ ਸਾਡੇ ਉੱਚ ਦੇ ਪੀਰ ਹਨ। ਨੇੜੇ ਦੇ ਪਿੰਡ ਨੂਰਪੁਰ ਦੇ ਸੱਯਦ ਪੀਰ ਮੁਹੰਮਦ ਕਾਜ਼ੀ ਨੂੰ ਸੁਨੇਹਾ ਭੇਜਿਆ ਗਿਆ। ਉਸ ਨੇ ਭਾਵੇਂ ਆਉਂਦਿਆਂ ਹੀ ਗੁਰੂ ਸਾਹਿਬ ਨੂੰ ਪਛਾਣ ਲਿਆ ਕਿਉਂਕਿ ਗੁਰੂ ਸਾਹਿਬ ਨੇ ਉਸ ਕੋਲੋਂ ਫ਼ਾਰਸੀ ਪੜ੍ਹੀ ਸੀ ਪਰ ਸ਼ਰਧਾ ਵਿੱਚ ਗੜੁੱਚ ਕਾਜ਼ੀ ਨੇ ਪਰਮਾਤਮਾ ਦੀ ਰਜ਼ਾ ਅਨੁਸਾਰ ਕਹਿ ਦਿੱਤਾ ਕਿ ਇਹ ਉੱਚ ਦੇ ਪੀਰ ਹਨ। ਇਹਨਾਂ ਨੂੰ ਨਾ ਰੋਕਿਆ ਜਾਵੇ। ਜੇ ਰੋਕਿਆ ਤਾਂ ਕਿਆਮਤ ਆ ਜਾਵੇਗੀ।

ਮਹਾਨ ਕੋਸ਼ ਦੇ ਕਰਤਾ ਭਾਈ ਕਾਨ੍ਹ ਸਿੰਘ ਨਾਭਾ ਅਨੁਸਾਰ ਗਨੀ ਖਾਂ ਅਤੇ ਨਬੀ ਖਾਂ ਦੋਵੇਂ ਭਰਾ ਦਸਮੇਸ਼ ਪਿਤਾ ਜੀ ਕੋਲ ਕੁਝ ਸਾਲ (ਸਮਾਂ) ਨੌਕਰ ਰਹੇ ਹਨ। ਜਦ ਚਮਕੌਰ ਸਾਹਿਬ ਤੋਂ ਚੱਲ ਕੇ ਕਲਗ.ੀਧਰ ਪਾਤਸ਼ਾਹ ਮਾਛੀਵਾੜਾ ਆਏ ਤਦ ਇਹ ਪ੍ਰੇਮ ਭਾਵ ਨਾਲ ਸਤਿਗੁਰੂ ਦੀ ਸੇਵਾ ਵਿੱਚ ਹਾਜ਼ਰ ਹੋਏ ਅਤੇ ਸਤਿਗੁਰੂ ਦਾ ਪਲੰਘ ਉਠਾ ਕੇ ਹੇਹਰ ਪਿੰਡ ਤੱਕ ਸਾਥ ਰਹੇ। ਜਗਤ ਗੁਰੂ ਨੇ ਇਸ ਥਾਂ ਤੋਂ ਇਹਨਾਂ ਨੂੰ ਵਿਦਾ ਕਰਨ ਵੇਲੇ (ਸਮੇਂ) ਹੁਕਮਨਾਮਾ ਬਖ਼ਸ਼ਿਆ, ਜਿਸ ਵਿੱਚ ਲਿਖਿਆ ਹੈ ਕਿ ਗਨੀ ਖਾਂ ਅਤੇ ਨਬੀ ਖਾਂ ਸਾਨੂੰ ਪੁੱਤਰਾਂ ਤੋਂ ਵੱਧ ਪਿਆਰੇ ਹਨ।

ਇਸ ਪਵਿੱਤਰ ਅਸਥਾਨ ਤੇ ਗੁਰੂ ਸਾਹਿਬ ਨੇ ਦੋ ਦਿਨ ਤੇ ਦੋ ਰਾਤਾਂ ਆਰਾਮ ਕੀਤਾ। ਦਸਮੇਸ਼ ਪਿਤਾ ਜੀ ਵੱਲੋਂ ਬਖ਼ਸ਼ਿਸ਼ ਹੁਕਮਨਾਮਾ ਅੱਜ ਵੀ ਗਨੀ ਖਾਂ ਅਤੇ ਨਬੀ ਖਾਂ ਦੀ ਨੌਵੀਂ ਪੀੜ੍ਹੀ ਕੋਲ ਅਦਬ ਸਤਿਕਾਰ ਨਾਲ ਜ਼ਿਲ੍ਹਾ ਲਾਹੌਰ (ਪਾਕਿਸਤਾਨ) ਵਿੱਚ ਸੰਭਾਲਿਆ ਹੋਇਆ ਹੈ। ਗਨੀ ਖਾਂ, ਨਬੀ ਖਾਂ ਦੇ ਘਰ ਉਹਨਾਂ ਦੀਆਂ ਸਮਾਧਾਂ ਬਣੀਆਂ ਹਨ। ਇਹ ਸੁੰਦਰ ਗੁਰਦੁਆਰਾ ਬੱਸ ਸਟੈਂਡ ਦੇ ਨਜ਼ਦੀਕ ਹੀ ਸਥਿਤ ਹੈ।

ਭਾਈ ਸੰਤੋਖ ਸਿੰਘ ਅਨੁਸਾਰ ਦਿਲਾਵਰ ਖਾਂ ਨੇ ਚਮਕੌਰ ਦੀ ਜੰਗ ਵਿੱਚ ਆਪਣੀ ਜਾਨ ਬਚਾਉਣ ਲਈ ਉੱਚ ਦੇ ਪੀਰ ਅੱਗੇ ਪੰਜ ਸੌ ਮੋਹਰਾਂ ਦੀ ਮੰਨਤ ਮੰਨੀ ਸੀ। ਉਹ ਪੰਜ ਸੌ ਮੋਹਰਾਂ ਗੁਰੂ ਜੀ ਨੇ ਦਿਲਾਵਰ ਖਾਂ ਪਾਸੋਂ ਮੰਗ ਕੇ ਆਪਣੇ ਆਪ ਨੂੰ ਉੱਚ ਦਾ ਪੀਰ ਸਿੱਧ ਕੀਤਾ, ਜਿੱਥੇ ਫ਼ੌਜਾਂ ਨੇ ਗੁਰੂ ਸਾਹਿਬ ਨੂੰ ਰੋਕਿਆ, ਉੱਥੇ ਗੁਰਦੁਆਰਾ ਕ੍ਰਿਪਾਨ ਭੇਟ ਸਸ਼ੋਭਿਤ ਹੈ। ਇੱਥੋਂ ਚੱਲ ਕੇ ਪਿੰਡ ਘੁਲਾਲ, ਫਿਰ ਲੱਲਾ ਵਿਖੇ ਦੋ ਪਹਿਰ ਵਿਸ਼ਰਾਮ ਕਰਨ ਉਪਰੰਤ ਛੇਵੇਂ ਪਾਤਸ਼ਾਹ ਗੁਰੂ ਹਰਿਗੋਬਿੰਦ ਸਾਹਿਬ ਜੀ ਦੀ ਚਰਨ-ਛੋਹ ਪ੍ਰਾਪਤ ਅਸਥਾਨ ਕਟਾਣਾ ਸਾਹਿਬ ਪਹੁੰਚੇ। ਗੁਰੂ ਜੀ ਨੇ ਇੱਥੇ ਹੀ ਪਲੰਘ ਰਖਵਾਇਆ ਤੇ ਅਰਦਾਸ ਕਰਕੇ ਦੇਗ਼ ਕਰਵਾਈ। ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਵਿਖੇ ਅੱਜ ਵੀ ਉਹ ਇਤਿਹਾਸਕ ਖੂਹ ਅਤੇ ਜੰਡ ਮੌਜੂਦ ਹਨ। ਗੁਰੂ ਸਾਹਿਬ ਦਾ ਹੱਥ ਲਿਖਤ ਹੁਕਮਨਾਮਾ ਵੀ ਇੱਥੇ ਮੌਜੂਦ ਹੈ। ਗੁਰਦੁਆਰਾ ਸ੍ਰੀ ਚਰਨ ਕੰਵਲ ਮਾਛੀਵਾੜਾ, ਸਮਰਾਲਾ-ਮਾਛੀਵਾੜਾ ਲਿੰਕ ਸੜਕ ਤੇ ਲੁਧਿਆਣਾ ਤੋਂ 38 ਕਿਲੋਮੀਟਰ ਦੀ ਦੂਰੀ ਤੇ ਸਥਿਤ ਹੈ ਅਤੇ ਬੱਸ ਸਟੈਂਡ ਤੋਂ ਅੱਧਾ ਕਿਲੋਮੀਟਰ ਦੂਰ ਹੈ।

ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਮਾਛੀਵਾੜਾ (ਲੁਧਿਆਣਾ) ਵਿਖੇ 22, 23 ਅਤੇ 24 ਦਸੰਬਰ ਦਿਨ ਸੋਮਵਾਰ, ਮੰਗਲਵਾਰ ਅਤੇ ਬੁੱਧਵਾਰ ਨੂੰ ਤਿੰਨ ਰੋਜ਼ਾ ਜੋੜ-ਮੇਲ ਮਨਾਇਆ ਜਾ ਰਿਹਾ ਹੈ। 22 ਦਸੰਬਰ ਨੂੰ ਅਖੰਡ-ਪਾਠ ਆਰੰਭ ਹੋਵੇਗਾ। 23 ਦਸੰਬਰ ਨੂੰ ਵਿਸ਼ੇਸ਼ ਦੀਵਾਨ ਸਜੇਗਾ। ਜਿਸ ਵਿੱਚ ਪੰਥ ਪ੍ਰਸਿੱਧ ਰਾਗੀ, ਢਾਡੀ, ਪ੍ਰਚਾਰਕ, ਕਵੀ ਗੁਰੂ ਜਸ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ। 24 ਦਸੰਬਰ ਨੂੰ ਅਖੰਡ-ਪਾਠ ਦੀ ਸਮਾਪਤੀ ਹੋਵੇਗੀ। ਇਸੇ ਦਿਹਾੜੇ ਸਵੇਰੇ 11 ਵਜੇ ਨਗਰ-ਕੀਰਤਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ-ਛਾਇਆ ਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਆਰੰਭ ਹੋਵੇਗਾ ਜੋ ਨਗਰ ਦੇ ਮੁੱਖ ਮਾਰਗਾਂ ਤੋਂ ਹੁੰਦਾ ਹੋਇਆ ਵਾਪਸ ਗੁਰਦੁਆਰਾ ਸਾਹਿਬ ਵਿਖੇ ਸਮਾਪਤ ਹੋਵੇਗਾ। ਗੁਰੂ ਕਾ ਲੰਗਰ ਅਤੁੱਟ ਵਰਤੇਗਾ।

**-ਕਰਨੈਲ ਸਿੰਘ ਐੱਮ.ਏ.ਲੁਧਿਆਣਾ**
**#1138/63-ਏ, ਗੁਰੂ ਤੇਗ਼ ਬਹਾਦਰ ਨਗਰ,**
**ਗਲੀ ਨੰਬਰ 1, ਚੰਡੀਗੜ੍ਹ ਰੋਡ, ਜਮਾਲਪੁਰ, ਲੁਧਿਆਣਾ**

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243
ਆਵਾਜ਼ਿ ਕੌਮ AWAZE QAUM International Newspaper & WEB TV

## ਬੀਬੀ ਰਾਜਵਿੰਦਰ ਕੌਰ ਦੀ ਜਿੱਤ ਤੇ ਵਰਕਰ ਖੁਸ਼ : ਜੱਥੇ. ਪ੍ਰਗਟ ਸਿੰਘ



ਚੌਂਕ ਮਹਿਤਾ, 21 ਦਸੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)- ਬਲਾਕ ਸੰਮਤੀ ਜੋਨ ਖੱਬੇ ਰਾਜਪੂਤਾਂ ਤੋਂ ਆਮ ਆਦਮੀ ਪਾਰਟੀ ਦੀ ਉਮੀਦਵਾਰ ਬੀਬੀ ਰਾਜਵਿੰਦਰ ਕੌਰ ਪਤਨੀ ਜਥੇਦਾਰ ਹਰਜੀਤ ਸਿੰਘ ਮਹਿਤੀਆ ਦੀ ਸ਼ਾਨਦਾਰ ਜਿੱਤ ਹੋਣ ਤੇ ' ਆਪ ' ਵਰਕਰਾਂ ਵਿਚ ਖੁਸ਼ੀ ਦਾ ਮਹੌਲ ਹੈ। ਇਹ ਪ੍ਰਗਟਾਵਾ ਜੱਥੇ ਪ੍ਰਗਟ ਸਿੰਘ ਮਹਿਤੀਆ ਨੇ ਕੀਤਾ। ਉਨਾਂ ਨੇ ਜੋਨ ਖੱਬੇ ਰਾਜਪੂਤਾਂ ਅਧੀਨ ਪੈਂਦੇ ਪਿੰਡਾਂ ਦੇ ਵੋਟਰਾਂ ਦਾ ਇਸ ਚੋਣ ਵਿਚ ਸਾਥ ਦੇਣ 'ਤੇ ਤਹਿ ਦਿਲੋਂ ਧੰਨਵਾਦ ਕੀਤਾ।

## ਯਤਿੰਨ ਗੋਇਲ ਨੇ ਵੱਡੇ ਮਾਰਜਨ ਨਾਲ ਜਿੱਤਣ ਤੇ ਹਰਜਿੰਦਰ ਸਿੰਘ ਕਾਂਝਲਾ ਨੂੰ ਦਿੱਤੀ ਮੁਬਾਰਕਵਾਦ



ਧੂਰੀ ( ਰਣਜੀਤ ਸਿੰਘ ਪੇਧਨੀ )-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹਲਕੇ ਵਿੱਚ ਪੈਂਦੇ ਪਿੰਡ ਬਾਲੀਆਂ ਜੋਨ ਤੋਂ ਆਪ ਦੇ ਉਮੀਦਵਾਰ ਹਰਜਿੰਦਰ ਸਿੰਘ ਕਾਂਝਲਾ ਵੋਟਾਂ ਦੀ ਵੱਡੀ ਲੀਡ ਨਾਲ ਜਿੱਤਣ ਤੇ ਮੁਬਾਰਕਵਾਦ ਦਿੰਦਿਆ ਯਤਿੰਨ ਗੋਇਲ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆਂ ਲੋਕ ਭਲਾਈ ਨੀਤੀਆਂ ਦੇ ਕਾਰਨ ਬਾਲੀਆਂ ਜੋਨ ਵਿੱਚ ਪੈਂਦੇ 23 ਪਿੰਡਾਂ ਦੇ ਲੋਕਾਂ ਨੇ ਠੇਕੇਦਾਰ ਹਰਜਿੰਦਰ ਸਿੰਘ ਕਾਂਝਲਾ ਦੇ ਹੱਕ ਵਿੱਚ ਵੋਟਾਂ ਪਾ ਕੇ ਇਤਿਹਾਸ ਰਚਿਆ ਹੈਅਤੇ ਜਿੱਥੇ ਬਾਲੀਆਂ ਜੋਨ ਜਿੱਤੇ ਠੇਕੇਦਾਰ ਕਾਂਝਲਾ ਨੂੰ ਮੁਬਾਰਕਬਾਦ ਦਿੰਦੇ ਹਾਂ ਉੱਥੇ ਹੀ ਬਾਲੀਆਂ ਜੋਨ ਦੇ ਵਿੱਚ ਪੈਂਦੇ ਪਿੰਡਾਂ ਦੇ ਲੋਕਾਂ ਨੂੰ ਵੀ ਵੱਡੀ ਮੁਬਾਰਕਬਾਦ ਦਿੰਦੇ ਹਾਂ ।ਇਸ ਮੌਕੇ ਸਿਮਰਨਜੀਤ ਸਿੰਘ ਬਟੂਹਾਂ, ਸਰਪੰਚ ਅਮਰੀਕ ਸਿੰਘ ਕਿਲਾ ਹਕੀਮਾਂ, ਸਰਪੰਚ ਦਲਵੀਰ ਸਿੰਘ ਧੰਦੀਵਾਲ, ਸਰਪੰਚ ਹਰਜੀਤ ਸਿੰਘ ਬੁਗਰਾ, ਸਰਪੰਚ ਮਨਪ੍ਰੀਤ ਸਿੰਘ ਰਾਜੋਮਾਜਰਾ, ਸਰਪੰਚ ਜਗਜੀਤ ਸਿੰਘ ਕੱਕੜਵਾਲ, ਸਰਪੰਚ ਸੁਖਚੈਨ ਸਿੰਘ ਮੂਲੋਂਵਾਲ, ਸਰਪੰਚ ਗੁਰਸੇਵਕ ਸਿੰਘ ਕੁੰਭੜਵਾਲ, ਸਰਪੰਚ ਗੋਪਾਲ ਕ੍ਰਿਸਨ ਬੇਨੜਾ ਹਾਜ਼ਰ ਸਨ।

## ਪੰਜਾਬ ਸਬੌਡੀਨੇਟ ਸਰਵਿਸ ਫੈਡਰੇਸ਼ਨ (ਵਿਗਿਆਨਕ) ਸੰਗਰੂਰ ਦੇ ਅਹੁਦੇਦਾਰਾਂ ਦੀ ਹੋਈ ਚੋਣ

ਧੂਰੀ ( ਰਣਜੀਤ ਸਿੰਘ ਪੇਧਨੀ )-ਪੰਜਾਬ ਸਬੌਡੀਨੇਟ ਸਰਵਿਸ ਫੈਡਰੇਸ਼ਨ(ਵਿਗਿਆਨਕ) ਸੰਗਰੂਰ ਦੇ ਮੁਲਾਜ਼ਮਾਂ ਦੀ ਮੀਟਿੰਗ ਹੋਈ ਜਿਸ ਵਿੱਚ ਹੇਠ ਲਿਖੇ ਨਵੇਂ ਅਹੁਦੇਦਾਰਾਂ ਦੀ ਸਰਬ ਸੰਮਤੀ ਨਾਲ ਚੋਣ ਕੀਤੀ ਗਈ :

1ਪਰਧਾਨ ਭਰਪੂਰ ਸਿੰਘ ਛਾਜਲੀ PWD
2 ਜਰਨਲ ਸਕੱਤਰ ਅਸ਼ੋਕ ਕੁਮਾਰ HEALTH
3 ਸੀਨੀਅਰ ਮੀਤ ਪ੍ਰਧਾਨ ਹਰਦੀਪ ਕੁਮਾਰ PWD ਅਤੇ ਸੁਖਜਿੰਦਰ ਸਿੰਘ HEALTH
4 ਪਰੈਸ ਸਕੱਤਰ ਜਰਨੈਲ ਸਿੰਘ HEALTH
5 ਵਿੱਤ ਸਕੱਤਰ ਗੁਰਜੰਟ ਸਿੰਘ HEALTH
6 ਮੀਤ ਪ੍ਰਧਾਨ ਨਿਰਭੈ ਸਿੰਘ HEALTH ਪ੍ਰੇਮ ਸਿੰਘ ਅਤੇ ਗੁਰਦੀਪ ਸਿੰਘ PWD
7 ਜੁਇੰਟ ਸਕੱਤਰ ਦਲਜੀਤ ਸਿੰਘ HEALTH
8 ਪ੍ਰਚਾਰ ਸਕੱਤਰ ਕੁਲਦੀਪ ਸਿੰਘ
9 ਚੀਫ ਆਰਗਨਾਈਜਰ ਅਮਰੀਕ ਸਿੰਘ HEALTH ਆਰਗਨਾਈਜ਼ਰ ਜੋਰਾ ਸਿੰਘ OWD
10 ਮੁੱਖ ਸਲਾਹਕਾਰ ਜੁਗਰਾਜ ਸਿੰਘ ਸਲਾਹਕਾਰ ਸ਼ਮਸ਼ੇਰ ਸਿੰਘ
11 ਐਡੀਟਰ ਬਿੰਦਰ ਸਿੰਘ PWD ਸਹਾਇਕ ਐਡੀਟਰ ਸੁਰਿੰਦਰ ਸਿੰਘ HEALTH
12 ਸਹਾਇਕ ਸਕੱਤਰ ਰਾਜਵੀਰ ਸਿੰਘ HEALTH
13 ਸਹਾਇਕ ਵਿੱਤ ਸਕੱਤਰ ਬਿੰਦਰ ਪਾਲ ਸ਼ਰਮਾ PWD ਅਹੁਦੇਦਾਰ ਚੁਣੇ ਗਏ।

## ਮਨਰੇਗਾ ਕਾਨੂੰਨ ਨੂੰ ਵਿੰਗ ਵਲਾਵਾਂ ਪਾ ਕੇ ਖਤਮ ਕਰਨ ਦਾ ਫੈਸਲਾ 12 ਕਰੋੜ ਮਨਰੇਗਾ ਮਜ਼ਦੂਰਾਂ ਨਾਲ ਧੋਖਾ :.ਨਿਸ਼ਾਨ ਸਿੰਘ ਅਰਜਨ ਮਾਂਗਾ



**ਚੌਕ ਮਹਿਤਾ, 21ਦਸੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਆਮ ਆਦਮੀ ਪਾਰਟੀ ਹਲਕਾ ਮਜੀਠਾ ਦੇ ਮੀਡੀਆ ਕੋਆਰਡੀਨੇਟਰ ਡਾਕਟਰ ਨਿਸ਼ਾਨ ਸਿੰਘ ਅਰਜਨ ਮਾਂਗਾ ਨੇ ਮੀਡੀਆ ਨਾਲ ਗੱਲ ਕਰਦਿਆਂ ਕਿਹਾ ਕਿ ਇੰਡੀਆ ਸਰਕਾਰ ਵੱਲੋਂ ਲੰਬੇ ਸਮੇਂ ਤੋਂ ਚੱਲ ਰਹੀ ਅਤੇ ਪੇਂਡੂ ਗਰੀਬ ਮਜ਼ਦੂਰਾਂ ਨੂੰ ਰੁਜ਼ਗਾਰ ਦੀ ਗਰੰਟੀ ਦੇਣ ਵਾਲੀ ਯੋਜਨਾ ਮਨਰੇਗਾ ਨੂੰ ਵਿੰਗ ਵਲਾਵਾਂ ਪਾ ਕੇ ਖਤਮ ਕਰਨ ਦਾ ਉਹਨਾਂ ਭਾਰੀ ਵਿਰੋਧ ਕੀਤਾ ਉਹਨਾਂ ਕਿਹਾ ਕਿ ਰਾਜ ਸਰਕਾਰਾਂ ਤੇ ਅੱਗੇ ਹੀ ਕਰਜੇ ਵਿੱਚ ਦੱਬੀਆਂ ਹਨ ਉਹ ਆਪਣੇ ਹਿਸੇ ਦਾ 40% ਕਿੱਥੋਂ ਦੇਣਗੀਆਂ ਪੰਚਾਇਤਾਂ ਦੇ ਅਧਿਕਾਰ ਵੀ ਘਟਾ ਦਿੱਤੇ ਗਏ ਹਨ ਤਿੰਨ ਵਾਰਾਂ ਹਾਜ਼ਰੀ ਉਹ ਵੀ ਡਿਜੀਟਲ ਤਰੀਕੇ ਦੇ ਨਾਲ ਮਜ਼ਦੂਰਾਂ ਦਾ ਅਪਮਾਨ ਹੈ ਕੀ ਸਰਕਾਰ ਬਾਕੀ ਕਰਮਚਾਰੀਆਂ ਦੀ ਵੀ ਤਿੰਨ ਵਾਰ ਹਾਜ਼ਰੀ ਲਗਾਏਗੀ ਪਾਣੀ ਦੀ ਯੋਜਨਾ ਛੱਪੜ ਦੀ ਯੋਜਨਾ ਸਿਰੇ ਚੜਾਉਣ ਲਈ ਮਜ਼ਦੂਰਾਂ ਨੂੰ ਵਿੱਚੋਂ ਕੱਢ ਕੇ ਮਸ਼ੀਨਾਂ ਰਾਹੀਂ ਕੰਮ ਕਰਾਉਣ ਦਾ ਰਾਹ ਲੱਭ ਲਿਆ ਗਿਆ ਹੈ ਤੇ ਭਾਜਪਾ ਤੋਂ ਵਿਰੋਧੀ ਸਰਕਾਰਾਂ ਕੋਲ ਆਪਣਾ ਹਿੱਸਾ ਨਾਂ ਦੇਣ ਦਾ ਬਹਾਨਾ ਲਾ ਕੇ ਸਰਕਾਰ ਹੁਣ ਉਹਨਾਂ ਦੇ ਫੰਡ ਰੋਕੇਗੀ ਇਸ ਨਾਲ ਉਹ ਸਰਕਾਰਾਂ ਜੋ ਭਾਜਪਾ ਦੀਆਂ ਵਿਰੋਧੀਆਂ ਉਹ ਆਪਣਾ ਮਨਰੇਗਾ ਦਾ ਕੰਮ ਨਹੀਂ ਕਰ ਸਕਣਗੀਆਂ ਦੂਜਾ ਰਾਸ਼ਟਰਪਿਤਾ ਮਹਾਤਮਾ ਗਾਂਧੀ ਦਾ ਨਾਂ ਕੱਟ ਕੇ ਸਰਕਾਰ ਨੇ ਰਾਸ਼ਟਰਪਿਤਾ ਦਾ ਵੀ ਅਪਮਾਨ ਕੀਤਾ ਹੈਂ ਭਾਰਤ ਦੇ ਲੋਕ ਇਸ ਧੱਕੇਸ਼ਾਹੀ ਨੂੰ ਬਰਦਾਸ਼ਤ ਨਹੀਂ ਕਰਨਗੇ ਦਿੱਲੀ ਦੀ ਕੇਂਦਰੀ ਸਰਕਾਰ ਨੂੰ ਚਾਹੀਦਾ ਹੈ ਕਿ ਇਹ ਕਾਨੂੰਨ ਨੂੰ ਰਾਸ਼ਟਰਪਤੀ ਕੋਲ ਭੇਜਣ ਤੋਂ ਪਹਿਲਾਂ ਸੰਸਦੀ ਕਮੇਟੀ ਨੂੰ ਭੇਜੇ ਤੇ ਇਸ ਕਾਨੂੰਨ ਤੇ ਸਾਰੇ ਦੇਸ਼ ਵਿੱਚ ਚਰਚਾ ਹੋਣੀ ਚਾਹੀਦੀ ਹੈ ਜੇ ਇਸੇ ਤਰ੍ਹਾਂ ਹੀ ਸਰਕਾਰ ਨੇ ਨੇ ਕਾਨੂੰਨ ਪਾਸ ਕਰ ਦਿੱਤਾ ਪਾਸ ਕਰ ਦਿੱਤਾ ਤਾਂ ਇਹ ਕਾਨੂੰਨ ਵੀ ਤਿੰਨੇ ਖੇਤੀ ਕਾਨੂੰਨਾਂ ਵਾਂਗ ਸਰਕਾਰ ਨੂੰ ਲੋਕਾਂ ਦੇ ਵਿਰੋਧ ਕਾਰਨ ਵਾਪਸ ਲੈਣਾ ਪਏਗਾ।

ਸ਼ਹੀਦੀ ਹਫਤਾ ਵਿਸ਼ੇਸ਼ (8 ਪੋਹ)

# ਵੱਡੇ ਸਾਹਿਬਜ਼ਾਦਿਆਂ ਦੀ ਸ਼ਹਾਦਤ

**ਸ੍ਰੀ** ਅਨੰਦਪੁਰ ਸਾਹਿਬ ਤੇ 1704 ਈ: ਤੱਕ ਜ਼ਾਲਿਮ ਸਰਕਾਰ ਵੱਲੋਂ ਕਈ ਹਮਲੇ ਕੀਤੇ ਗਏ। ਸ੍ਰੀ ਅਨੰਦਪੁਰ ਸਾਹਿਬ ਦੀ ਅਖੀਰਲੀ ਜੰਗ 1704 ਈ: ਵਿੱਚ ਹੋਈ, ਜਦ ਗੁਰੂ ਜੀ ਨੂੰ ਪ੍ਰੀਵਾਰ ਸਮੇਤ ਅਨੰਦਪੁਰ ਸਾਹਿਬ ਛੱਡਣਾ ਪਿਆ।ਗੁਰੂ ਜੀ ਦਾ ਪ੍ਰੀਵਾਰ ਨਾਲੋਂ ਤੇ ਸਿੱਖਾਂ ਨਾਲੋਂ ਸਰਸਾ ਕੰਢੇ ਵਿਛੋੜਾ ਪਿਆ। ਪੋਹ ਦੀਆਂ ਠੰਡੀਆਂ ਰਾਤਾਂ ਵਿੱਚ ਘਰੋਂ ਬੇਘਰ ਹੋਏ ਗੁਰੂ ਤੇ ਸਿੱਖਾਂ ਤੇ ਮੁਸੀਬਤਾਂ ਦੇ ਪਹਾੜ ਟੁੱਟ ਪਏ। ਗੁਰੂ ਜੀ ਨੇ ਸਰਸਾ ਕੰਢੇ ਤੋਂ ਮਾਤਾ ਸੁੰਦਰੀ ਜੀ ਤੇ ਮਾਤਾ ਸਾਹਿਬ ਕੌਰ ਜੀ ਨੂੰ ਭਾਈ ਮਨੀ ਸਿੰਘ ਜੀ ਨਾਲ ਦਿੱਲੀ ਵੱਲ ਭੇਜ ਦਿੱਤਾ। ਛੋਟੇ ਸਾਹਿਬਜ਼ਾਦਿਆਂ ਤੇ ਮਾਤਾ ਗੁਜਰੀ ਜੀ ਨੂੰ ਗੰਗੂ ਬ੍ਰਹਮਣ ਜੋ ਗੁਰੂ ਘਰ ਦਾ ਰਸੋਈਆ ਸੀ, ਆਪਣੇ ਨਾਲ ਆਪਣੇ ਪਿੰਡ ਖੇੜੀ (ਸਹੇੜੀ) ਲੈ ਗਿਆ।

ਗੁਰੂ ਗੋਬਿੰਦ ਸਿੰਘ ਜੀ ਦੋ ਵੱਡੇ ਸਾਹਿਬਜ਼ਾਦਿਆਂ ਤੇ ਚਾਲੀ ਕੁ ਸਿੰਘਾਂ ਸਮੇਤ ਚਮਕੌਰ ਦੀ ਕੱਚੀ ਗੜ੍ਹੀ ਵਿੱਚ ਪੁੱਜ ਗਏ।ਇਹ ਚਮਕੌਰ ਦੀ ਗੜ੍ਹੀ ਇੱਕ ਚੌਧਰੀ ਦੀ ਸੀ। ਮੁਗਲ ਫੌਜਾਂ ਪਿੱਛੇ ਚੜ੍ਹੀਆਂ ਆ ਰਹੀਆਂ ਸਨ। ਇਸ ਲਈ ਗੁਰੂ ਜੀ ਨੂੰ ਵੱਡੇ ਸਾਹਿਬਜ਼ਾਦਿਆਂ ਤੇ ਚਾਲੀ ਸਿੰਘਾਂ ਸਮੇਤ ਇਸ ਕੱਚੀ ਗੜ੍ਹੀ ਵਿੱਚ ਟਿਕਾਣਾ ਕਰਨਾ ਪਿਆ।ਮੁਗਲ ਫੌਜਾਂ ਨੇ ਘੇਰਾ ਪਾ ਲਿਆ। ਨਵਾਬ ਸ਼ੇਰ ਮੁਹੰਮਦ ਖਾਨ ਨੇ ਇਹ ਢੰਡੋਰਾ ਪਿਟਵਾ ਦਿੱਤਾ ਕਿ ਸਾਰੇ ਆਪਣੇ ਆਪ ਨੂੰ ਸਾਡੇ ਹਵਾਲੇ ਕਰ ਦਿਉ ਨਹੀਂ ਤਾਂ ਮਾਰ ਦਿੱਤੇ ਜਾਉਗੇ।ਇਸ ਦਾ ਮੋੜਵਾਂ ਜਵਾਬ ਗੁਰੂ ਗੋਬਿੰਦ ਸਿੰਘ ਜੀ ਨੇ ਤੀਰਾਂ ਦੀ ਵਾਛੜ ਕਰ ਕੇ ਦਿੱਤਾ।ਇਤਿਹਾਸ ਦੱਸਦਾ ਹੈ ਕਿ ਗੁਰੂ ਜੀ ਅਤੇ ਚਾਲੀ ਸਿੰਘਾਂ ਨੂੰ ਦਸ ਲੱਖ ਦੀ ਫੌਜ ਨੇ ਘੇਰਾ ਪਾ ਰੱਖਿਆ ਸੀ। ਯੁੱਧ ਸ਼ੁਰੂ ਹੋ ਗਿਆ। ਸਿੱਖਾਂ ਨੇ ਗੁਰੂ ਗੋਬਿੰਦ ਸਿੰਘ ਪਾਤਸ਼ਾਹ ਜੀ ਨੂੰ ਬੇਨਤੀ ਕੀਤੀ ਕਿ ਆਪ ਸਾਹਿਬਜ਼ਾਦਿਆਂ ਨੂੰ ਲੈ ਕੇ ਨਿਕਲ ਜਾਉ। ਅਸੀਂ ਇਸ ਫੌਜ ਦਾ ਮੁਕਾਬਲਾ ਕਰਾਂਗੇ। ਆਪ ਜੀ ਦੀ ਪੰਥ ਨੂੰ ਬਹੁਤ ਜਰੂਰਤ ਹੈ।ਆਪ ਬਾਹਰ ਜਾ ਕੇ ਫਿਰ ਸਿੱਖਾਂ ਨੂੰ ਇੱਕਠੇ ਕਰਕੇ ਵੈਰੀਆਂ ਨੂੰ ਸਬਕ ਸਿਖਾ ਸਕਦੇ ਹੋ।ਸਿੱਖਾਂ ਦੇ ਬਾਰ-ਬਾਰ ਬੇਨਤੀ ਕਰਨ ਤੇ ਗੁਰੂ ਗੋਬਿੰਦ ਸਿੰਘ ਜੀ ਨੇ ਸਿੱਖਾਂ ਨੂੰ ਫੁਰਮਾਇਆ ਕਿ 'ਤੁਸੀ ਕਿਹੜੇ ਸਾਹਿਬਜ਼ਾਦਿਆਂ ਦੀ ਗੱਲ ਕਰਦੇ ਹੋ, ਤੁਸੀਂ ਸਾਰੇ ਹੀ ਮੇਰੇ ਸਾਹਿਬਜ਼ਾਦੇ ਹੋ।' ਸਿੰਘ ਚੁੱਪ ਹੋ ਗਏ। ਬਾਬਾ ਅਜੀਤ ਸਿੰਘ ਜੀ ਨੇ ਗੁਰੂ ਪਿਤਾ ਜੀ ਕੋਲੋਂ ਜੰਗ ਵਿੱਚ ਜਾਣ ਦੀ ਆਗਿਆ ਮੰਗੀ। ਸਾਹਿਬਜ਼ਾਦਾ ਅਜੀਤ ਸਿੰਘ ਜੀ ਨਾਲ ਗੁਰੂ ਜੀ ਨੇ ਅੱਠ ਸਿੰਘ ਜਿੰਨ੍ਹਾਂ ਵਿੱਚ ਭਾਈ ਮੋਹਕਮ ਸਿੰਘ, ਭਾਈ ਈਸ਼ਰ ਸਿੰਘ, ਭਾਈ ਲਾਲ ਸਿੰਘ, ਭਾਈ ਨੰਦ ਸਿੰਘ, ਭਾਈ ਕੇਸਰ ਸਿੰਘ, ਭਾਈ ਦੇਵਾ ਸਿੰਘ, ਭਾਈ ਕੀਰਤੀ ਸਿੰਘ ਤੇ ਭਾਈ ਮੋਹਰ ਸਿੰਘ ਜੀ ਜੰਗ ਕਰਨ ਲਈ ਨਾਲ ਭੇਜੇ।ਬਾਬਾ ਅਜੀਤ ਸਿੰਘ ਜੀ ਦੀ ਉਮਰ ਉਸ ਵੇਲੇ 17 ਸਾਲ 11 ਮਹੀਨੇ ਤੇ 15 ਦਿਨ ਦੀ ਸੀ।

ਤਾਹਿ ਸਮੈ ਕਾਰਨ ਕਰਨ ਲੀਨੋ ਸਿੰਘ ਬੁਲਾਇ।
ਕਹੀ ਸਿੰਘ ਰਣਜੀਤ ਮੋ ਦੂਤਨ ਦੇਹੁ ਸਜਾਇ।
ਬਿਨਉ ਕਰੀ ਕਰ ਜੋਰਿ ਕੈ ਖੁਸ਼ੀ ਕਰਉ ਕਰਤਾਰ।
ਕਰਉ ਬੀਰ ਸੰਗ੍ਰਾਮ ਮੈਂ ਦੇਖਉ ਆਪਿ ਨਿਹਾਰ। (ਸ੍ਰੀ ਗੁਰੂ ਸੋਭਾ)

ਬਾਬਾ ਅਜੀਤ ਸਿੰਘ ਜੀ ਸਿੰਘਾਂ ਸਮੇਤ ਹਵੇਲੀ ਦਾ ਦਰਵਾਜ਼ਾ ਖੁੱਲਣ ਤੇ ਜੈਕਾਰੇ ਲਗਾਉਂਦੇ ਹੋਏ ਬਾਹਰ ਨਿਕਲੇ। ਬਾਬਾ ਅਜੀਤ ਸਿੰਘ ਜੀ ਨੇ ਵੈਰੀਆਂ ਤੇ ਤਾਬੜਤੋੜ ਹਮਲਾ ਕਰਕੇ ਵੈਰੀ ਨੂੰ ਚਨੇ ਚਬਾ ਛੱਡੇ। ਵੈਰੀ ਕੰਬ ਉੱਠੇ। ਗੁਰੂ ਪਾਤਸ਼ਾਹ ਜੀ ਮੰਮਟੀ ਤੇ ਬੈਠ ਕੇ ਯੁੱਧ ਦਾ ਨਜ਼ਾਰਾ ਦੇਖ ਰਹੇ ਸਨ ਉਸ ਵੇਲੇ ਦਾ ਨਜ਼ਾਰਾ ਕਵੀ ਸੈਨਾਪਤਿ ਲਿੱਖਦਾ ਹੈ ਕਿ:

ਕਰੀ ਅਵਾਜ਼, ਅਬ ਆਉ ਅਰਮਾਨ ਜਿਹ,
ਸਕਲ ਦਲ ਦੇਖਿ ਦਉਰੇ ਅਪਾਰੋ।
ਘੇਰ ਚਹੂ ਦਿਸ ਲਿਯੋ ਆਨਿ ਤੁਰਕਾਨ ਨੇ,
ਕਰਤ ਸੰਗ੍ਰਾਮ ਰਣਜੀਤ ਭਾਰੋ।

ਭਾਵ ਕਿ ਕਈ ਵੈਰੀ ਭੱਜ-ਭੱਜ ਕੇ ਸਾਹਮਣੇ ਆਏ। ਬਾਬਾ ਅਜੀਤ ਸਿੰਘ ਜੀ ਨੇ ਐਸੀ ਕਰਾਰੀ ਮਾਰ ਮਾਰੀ ਕਿ ਸਭ ਅਲਾਹ-ਅਲਾਹ ਪੁਕਾਰਨ ਲੱਗੇ। ਕਾਫੀ ਦੇਰ ਟਾਕਰਾ ਹੁੰਦਾ ਰਿਹਾ। ਬਾਬਾ ਜੀ ਦੇ ਤੀਰ ਮੁੱਕ ਗਏ। ਫਿਰ ਨੇਜ਼ਾ ਸੰਭਾਲ ਲਿਆ। ਨੇਜਾ ਸੰਜੋਅ ਵਿੱਚ ਅੜ ਗਿਆ। ਜਦ ਜ਼ੋਰ ਨਾਲ ਖਿੱਚਿਆ ਤਾਂ ਨੇਜਾ ਟੁੱਟ ਗਿਆ। ਬਾਬਾ ਅਜੀਤ ਸਿੰਘ ਜੀ ਨੇ ਤਲਵਾਰ ਸੰਭਾਲ ਲਈ ਤੇ ਘੋੜਾ ਦੁੜਾ ਕੇ ਦੁਸ਼ਮਣ ਦੇ ਝੁੰਡ ਵਿੱਚ ਵੜ ਗਏ।ਉਸ ਵੇਲੇ ਦਾ ਸੀਨ ਗਿ. ਗਿਆਨ ਸਿੰਘ ਪੰਥ ਪ੍ਰਕਾਸ਼ ਵਿੱਚ ਲਿੱਖਦੇ ਹਨ ਕਿ:

ਗੁਰ ਬਾਲਕ ਰੂਪ ਅਨੂਪਮ ਅੰਗਨ ਪੇਖ ਅਨੰਦ ਸੁ ਲਾਜੈ।
ਅਤਿ ਛੈਲ ਛਬੀਲੇ ਛਟੋ ਛਪ ਛੁੰਗਨ ਛੋਭ ਛਕੈ ਛਿ ਛਤ੍ਰੀ ਛਿਤ ਛਾਜੈ।
ਰਖ ਤਾਲਕ ਖਾਲਕ ਮਾਲਕ ਸੋ, ਅਰਿ ਗਾਲਕ ਪਾਲਕ ਹਿੰਦਨ ਲਾਜੈ।
ਜਨ ਕੰਦਰ ਅੰਦਰ ਤੇ ਨਿਕਸੇ, ਮਰਗਿੰਦ ਨਿਹਾਰ ਗਜਿੰਦ ਸਮਾਜੈ।



ਇਸ ਯੁੱਧ ਵਿੱਚ ਸਾਰੇ ਅੱਠ ਸਿੰਘ ਸ਼ਹੀਦ ਹੋ ਗਏ। ਬਾਬਾ ਅਜੀਤ ਸਿੰਘ ਜੀ ਨੂੰ ਵੈਰੀਆਂ ਦੇ ਟਿੱਡੀ ਦਲ ਨੇ ਘੇਰ ਲਿਆ।ਬਾਬਾ ਜੀ ਦਾ ਘੋੜਾ ਵੀ ਜ਼ਖਮੀ ਹੋ ਗਿਆ। ਬਾਬਾ ਅਜੀਤ ਸਿੰਘ ਜੀ ਪੈਦਲ ਹੀ ਤਲਵਾਰ ਸੂਤ ਕੇ ਵੈਰੀਆਂ ਤੇ ਭੁੱਖੇ ਸ਼ੇਰ ਵਾਂਗ ਟੁੱਟ ਪਏ।ਬਾਬਾ ਜੀ ਨੂੰ ਇੱਕਲਾ ਦੇਖ ਕੇ ਵੈਰੀ ਇੱਕਠੇ ਹੋ ਕੇ ਪੈ ਗਏ।ਚਾਰ ਚੁਫੇਰੇ ਤੋਂ ਘੇਰ ਕੇ ਹਮਲਾ ਕਰ ਦਿੱਤਾ। ਬਾਬਾ ਅਜੀਤ ਸਿੰਘ ਜੀ 22 ਦਸੰਬਰ 1704 ਈ: ਨੂੰ ਸ਼ਹੀਦ ਹੋ ਗਏ। ਗੁਰੂ ਜੀ ਨੇ ਇਹ ਸਾਰਾ ਯੁੱਧ ਅੱਖੀਂ ਡਿੱਠਾ ਤੇ ਸਾਹਿਬਜ਼ਾਦੇ ਦੀ ਸ਼ਹਾਦਤ ਤੇ ਜੈਕਾਰਾ ਛੱਡਿਆ। ਮਿਰਜ਼ਾ ਅਬਦੁੱਲ ਗਨੀ ਨੇ ਬੜਾ ਸੁੰਦਰ ਲਿਖਿਆ ਹੈ ਕਿ:

ਸ਼ੁਕਰ ਅਕਾਲ ਪੁਰਖ ਕਾ ਕੀਆ ਤਬ ਉਠਾ ਕੇ ਸਰ।
ਔਰ ਅਰਜ਼ ਕੀ ਕਿ ਬੰਦਾ ਪੈ ਕ੍ਰਿਪਾ ਕੀ ਕਰ ਨਜ਼ਰ।
ਮੁਝ ਪਰ ਸੇ ਆਜ਼ ਤੇਰੀ ਅਮਾਨਤ ਅਦਾ ਹੂਈ।
ਬੇਟੇ ਕੀ ਜਾਂ ਧਰਮ ਕੀ ਖਾਤਰ ਫਿਦਾ ਹੂਈ।

ਬਾਬਾ ਅਜੀਤ ਸਿੰਘ ਜੀ ਦੀ ਸ਼ਹਾਦਤ ਤੋਂ ਬਾਦ ਬਾਬਾ ਜੁਝਾਰ ਸਿੰਘ ਜੀ ਨੇ ਵੀ ਪਿਤਾ ਕੋਲੋਂ ਜੰਗ ਵਿੱਚ ਜਾ ਕੇ ਭਰਾ ਵਾਂਗ ਵੈਰੀਆਂ ਦੇ ਟੋਟੇ ਕਰਨ ਦੀ ਇਜ਼ਾਜਤ ਮੰਗੀ।ਗੁਰੂ ਗੋਬਿੰਦ ਸਿੰਘ ਜੀ ਨੇ ਛੋਟੇ ਪੁੱਤਰ ਨੂੰ ਆਪਣੇ ਹੱਥੀਂ ਸ਼ਸਤਰ ਸਜਾ ਕੇ ਤਿਆਰ ਕੀਤਾ।ਜੰਗ ਵਿੱਚ ਕੰਮ ਆਉਣ ਵਾਲੇ ਕੁੱਝ ਜਰੂਰੀ ਨੁਕਤੇ ਸਮਝਾਏ। ਭਾਈ ਹਿੰਮਤ ਸਿੰਘ ਜੀ, ਭਾਈ ਨੰਦ ਸਿੰਘ ਜੀ, ਭਾਈ ਆਲਮ ਸਿੰਘ ਜੀ ਤੇ ਹੋ ਸਿੰਘ ਯੁੱਧ ਲਈ ਨਾਲ ਭੇਜੇ।ਗੜ੍ਹੀ ਤੋਂ ਬਾਹਰ ਨਿਕਲਦਿਆਂ ਹੀ ਬਾਬਾ ਜੁਝਾਰ ਸਿੰਘ ਨੇ ਬਹਾਦਰ ਖਾਂ, ਨਾਹਰ ਖਾਂ, ਅਸਮਤ ਖਾਂ ਤੇ ਕਈ ਹੋਰ ਸਰਦਾਰਾਂ ਨੂੰ ਪਾਰ ਬੁਲਾ ਦਿੱਤਾ। ਬਾਬਾ ਜੁਝਾਰ ਸਿੰਘ ਜੀ ਬਾਬਾ ਅਜੀਤ ਸਿੰਘ ਵਾਂਗ ਯੁੱਧ ਵਿੱਦਿਆ ਵਿੱਚ ਬਹੁਤ ਹੀ ਨਿਪੁੰਨ ਸਨ।

ਅੱਲ੍ਹਾ ਯਾਰ ਖਾਂ ਜੋਗੀ ਬਾਬਾ ਜੁਝਾਰ ਸਿੰਘ ਜੀ ਬਾਰੇ ਇਸ ਤਰ੍ਹਾਂ ਲਿੱਖਦੇ ਹਨ ਕਿ:

ਰੋਕੇ ਸੇ ਕਬੀ ਸ਼ੇਰ ਕਾ ਬੱਚਾ ਭੀ ਰੁਕਾ ਹੈ ?
ਝੂਠੇ ਤੋ ਰੁਕੇਂ ਕੋਈ ਸੱਚਾ ਭੀ ਰੁਕਾ ਹੈ ?
ਪਤਝੜ ਮੇਂ ਸਮਰ ਸ਼ਾਖ ਪਿ ਬੱਚਾ ਭੀ ਰੁਕਾ ਹੈ ?
ਸਰ ਦੇਨੇ ਸੇ ਰਬ ਕੋ, ਕੋਈ ਅੱਛਾ ਭੀ ਰੁਕਾ ਹੈ ?

ਬਾਬਾ ਜੁਝਾਰ ਸਿੰਘ ਜੀ ਦੀ ਉਮਰ ਉਸ ਵੇਲੇ 14 ਸਾਲ ਦੀ ਸੀ।ਬਾਬਾ ਜੁਝਾਰ ਸਿੰਘ ਜੀ ਦੁਸ਼ਮਣ ਦੇ ਆਹੂ ਲਾਹੁੰਦੇ ਹੋਏ ਅੱਗੇ ਹੀ ਅੱਗੇ ਵੱਧ ਰਹੇ ਸਨ। ਪਹਿਲਾਂ ਤੀਰਾਂ ਨਾਲ ਤੇ ਫਿਰ ਤਲਵਾਰ ਦੇ ਜੌਹਰ ਦਿਖਾਏ। ਅੰਤ ਬਾਬਾ ਜੁਝਾਰ ਸਿੰਘ ਜੀ ਦੁਸ਼ਮਣ ਦੇ ਘੇਰੇ ਵਿੱਚ ਆ ਗਏ। ਬਾਬਾ ਜੁਝਾਰ ਸਿੰਘ ਜੀ ਦੀ ਸ਼ਹੀਦੀ ਲੌਢੇ ਵੇਲੇ 22 ਦਸੰਬਰ 1704 ਈ: ਨੂੰ ਹੋਈ। ਕਵੀ ਸ਼ਰਨ ਗੁਪਤ ਨੇ ਆਪਣੇ ਮਹਾਂ ਕਾਵਿ ਵਿੱਚ ਲਿਖਿਆ ਹੈ ਕਿ:

**ਜਿਸ ਕੁਲ ਕੌਮ ਜਾਤ ਕੇ ਬੱਚੇ, ਦੇ ਸਕਤੇ ਯੂੰ ਬਲੀਦਾਨ।**
**ਉਸ ਕਾ ਵਰਤਮਾਨ ਕੁਛ ਭੀ ਹੋ, ਭਵਿਸ਼ ਹੈ ਮਹਾਂ ਮਹਾਨ।**

ਸਾਹਿਬਜ਼ਾਦਿਆਂ ਤੇ ਚਮਕੌਰ ਸਾਹਿਬ ਦੇ ਹੋਰ ਸ਼ਹੀਦਾਂ ਦੀ ਸ਼ਹੀਦੀ ਨੂੰ ਕੋਟਿਨ-ਕੋਟਿ ਪ੍ਰਣਾਮ।ਜਿਸ ਗੁਰੂ ਨੇ ਸਾਡੇ ਲਈ ਆਪਣੇ ਸਾਹਿਬਜ਼ਾਦੇ ਸ਼ਹੀਦ ਕਰਵਾਏ। ਜਾਨ ਤੋਂ ਪਿਆਰੇ ਸਿੱਖ ਸ਼ਹੀਦ ਕਰਵਾਏ।ਆਉ ਅਸੀਂ ਉਸ ਗੁਰੂ ਜੀ ਦੇ ਚਰਨਾਂ ਨਾਲ ਜੁੜੀਏ। ਆਪਣਾ ਤਨ, ਮਨ ਤੇ ਧੰਨ ਗੁਰੂ ਜੀ ਨੂੰ ਅਰਪਣ ਕਰੀਏ। ਰੋਜ਼ਾਨਾ ਅੰਮ੍ਰਿਤ ਵੇਲੇ ਉੱਠ ਕੇ ਗੁਰੂ ਗੋਬਿੰਦ ਸਿੰਘ ਜੀ ਦਾ ਧੰਨਵਾਦ ਕਰਨਾ ਕਰੀਏ।ਅੰਮ੍ਰਿਤ ਦੀ ਪਵਿੱਤਰ ਦਾਤ ਪ੍ਰਾਪਤ ਕਰਕੇ ਨਾਮ ਬਾਣੀ ਦੇ ਧਾਰਨੀ ਬਣੀਏ।

**-ਧਰਮਿੰਦਰ ਸਿੰਘ(ਚੱਬਾ), ਪਿੰਡ ਤੇ ਡਾਕ:ਚੱਬਾ,**
**ਤਰਨ ਤਾਰਨ ਰੋਡ, ਅੰਮ੍ਰਿਤਸਰ**

## ਡਾ. ਵਿਨੀਤਾ ਕਤਲ ਕੇਸ 'ਚ ਫਾਸਟ ਟਰੈਕ ਅਦਾਲਤ ਦਾ ਵੱਡਾ ਫੈਸਲਾ

# ਨੌਕਰਾਣੀ ਤੇ ਉਸ ਦੇ ਪ੍ਰੇਮੀ ਸਮੇਤ 5 ਨੂੰ ਫਾਂਸੀ

**ਚੰਡੀਗੜ੍ਹ, 21 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਤਿੰਨ ਸਾਲ ਪਹਿਲਾਂ ਸੈਕਟਰ 13 ਵਿੱਚ ਸ਼ਹਿਰ ਦੇ ਮਸ਼ਹੂਰ ਅਤੁਲ ਕਲੀਨਿਕ ਵਿੱਚ ਹੋਈ ਡਕੈਤੀ ਤੋਂ ਬਾਅਦ ਗਾਇਨੀਕੋਲੋਜਿਸਟ ਡਾਕਟਰ ਵਿਨੀਤਾ ਦੇ ਕਤਲ ਕੇਸ ਵਿੱਚ ਫਾਸਟ ਟਰੈਕ ਅਦਾਲਤ ਨੇ ਡਾਕਟਰਨੀ ਦੀ ਸਾਬਕਾ ਨੌਕਰਾਣੀ ਅਤੇ ਉਸਦੇ ਪ੍ਰੇਮੀ ਸਮੇਤ ਪੰਜ ਲੋਕਾਂ ਨੂੰ ਡਕੈਤੀ ਅਤੇ ਕਤਲ ਦੀ ਸਾਜ਼ਿਸ਼ ਰਚਣ ਦਾ ਦੋਸ਼ੀ ਠਹਿਰਾਇਆ ਹੈ। ਡਿਪਟੀ ਜ਼ਿਲ੍ਹਾ ਅਟਾਰਨੀ ਰਾਜਕੁਮਾਰ ਨੇ ਦੱਸਿਆ ਕਿ ਇਹ ਮਾਮਲਾ ਵਧੀਕ ਜ਼ਿਲ੍ਹਾ ਅਤੇ ਸੈਸ਼ਨ ਜੱਜ ਹੇਮਰਾਮ ਦੀ ਫਾਸਟ-ਟਰੈਕ ਅਦਾਲਤ ਵਿੱਚ ਵਿਚਾਰ ਅਧੀਨ ਹੈ। ਅਦਾਲਤ ਨੇ ਪਿੰਡ ਟਿਟਾਨਾ ਦੀ ਰਹਿਣ ਵਾਲੀ ਪੂਨਮ, ਜੋ ਕਿ ਇਸ ਸਮੇਂ ਮੋਹਨ ਨਗਰ, ਕੁਰੂਕਸ਼ੇਤਰ ਵਿੱਚ ਰਹਿੰਦੀ ਹੈ, ਵਿਕਰਮ ਉਰਫ਼ ਵਿੱਕੀ, ਉਸਦੇ ਪਿੰਡ ਤੋਂ ਵੀ, ਵਿਕਰਮਜੀਤ ਉਰਫ਼ ਬਿੱਟੂ, ਜੋ ਕਿ ਵਾਰਡ 17, ਚੀਕਾ, ਕੈਥਲ ਦਾ ਰਹਿਣ ਵਾਲਾ ਹੈ, ਸੁਨੀਲ ਕੁਮਾਰ ਮੂਲ ਰੂਪ ਵਿੱਚ ਪਿੰਡ ਕਿੰਨਰ, ਫਿਰ ਮਾਤਾ ਗੇਟ, ਕੈਥਲ ਦਾ ਰਹਿਣ ਵਾਲਾ ਹੈ ਅਤੇ ਪਿੰਡ ਭਗਵਾਨਗੜ੍ਹੀ, ਅਲੀਗੜ੍ਹ (ਉੱਤਰ ਪ੍ਰਦੇਸ਼) ਦੇ ਰਹਿਣ ਵਾਲੇ ਮਨੀਸ਼ ਕੁਮਾਰ ਨੂੰ ਅਸਲਾ ਐਕਟ, ਡਕੈਤੀ ਦੀ ਸਾਜ਼ਿਸ਼ ਰਚਣ ਅਤੇ ਕਤਲ ਦਾ ਦੋਸ਼ੀ ਠਹਿਰਾਇਆ। ਪੰਜਾਂ ਨੂੰ ਮੌਤ ਦੀ ਸਜ਼ਾ ਸੁਣਾਈ ਗਈ। ਡਾਕਟਰ ਦੇ ਨੌਕਰ, ਕੇਤਰਾਮ, ਉੱਤਰ ਪ੍ਰਦੇਸ਼ ਦਾ ਰਹਿਣ ਵਾਲਾ, ਅਤੇ ਹਥਿਆਰ ਸਪਲਾਇਰ ਉਮੇਸ਼, ਉੱਤਰ ਪ੍ਰਦੇਸ਼ ਦਾ ਰਹਿਣ ਵਾਲਾ, ਸਬੂਤਾਂ ਦੀ ਘਾਟ ਕਾਰਨ ਬਰੀ ਕਰ ਦਿੱਤਾ ਗਿਆ। ਜ਼ਿਕਰਯੋਗ ਹੈ ਕਿ 9 ਜਨਵਰੀ, 2023 ਨੂੰ ਰਾਤ 9:30 ਵਜੇ ਦੇ ਕਰੀਬ, ਅਪਰਾਧੀਆਂ ਨੇ ਸ਼ਹਿਰ ਦੇ ਸੈਕਟਰ 13 ਵਿੱਚ ਸਥਿਤ ਪ੍ਰਸਿੱਧ ਡਾਕਟਰ ਡਾ. ਅਤੁਲ ਅਰੋੜਾ ਦੇ ਕਲੀਨਿਕ ਦੇ ਉੱਪਰ ਸਥਿਤ ਘਰ ਵਿੱਚ ਕੇਕ ਖਰੀਦਣ ਦੇ ਬਹਾਨੇ ਦਾਖਲ ਹੋ ਕੇ ਡਾ. ਅਤੁਲ ਅਰੋੜਾ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਬੰਦੂਕ ਦੀ ਨੋਕ 'ਤੇ ਬੰਧਕ ਬਣਾ ਲਿਆ। ਡਾ. ਅਤੁਲ ਅਰੋੜਾ ਦੀ ਪਤਨੀ, ਗਾਇਨੀਕੋਲੋਜਿਸਟ ਡਾ. ਵਿਨੀਤਾ ਅਰੋੜਾ ਦੀ ਸਿਰ 'ਤੇ ਭਾਰੀ ਚੀਜ਼ ਨਾਲ ਵਾਰ ਕਰਕੇ ਹੱਤਿਆ ਕਰ ਦਿੱਤੀ ਗਈ ਸੀ। ਅਪਰਾਧੀ ਡਾਕਟਰ ਜੋੜੇ ਦੇ ਘਰ ਦੇ ਮੰਦਰ ਵਿੱਚ ਰੱਖੇ ਸੋਨੇ-ਚਾਂਦੀ ਦੇ ਗਹਿਣੇ ਅਤੇ 1.5 ਲੱਖ ਰੁਪਏ ਦੀ ਨਕਦੀ ਲੈ ਕੇ ਭੱਜ ਗਏ। ਕਮਰੇ ਵਿੱਚ ਬੰਧਕ ਬਣਾਏ ਗਏ ਡਾ. ਅਤੁਲ ਅਰੋੜਾ ਨੇ ਗੁਆਂਢੀ ਛੱਤ 'ਤੇ ਛਾਲ ਮਾਰ ਕੇ ਅਤੇ ਅਲਾਰਮ ਵਜਾ ਕੇ ਆਪਣੀ ਜਾਨ ਬਚਾਈ। ਉਦੋਂ ਤੱਕ, ਅਪਰਾਧੀ ਅਪਰਾਧ ਕਰ ਚੁੱਕੇ ਸਨ ਅਤੇ ਭੱਜ ਗਏ ਸਨ।



ਥਾਨੇਸਰ ਪੁਲਿਸ ਸਟੇਸ਼ਨ ਨੇ ਡਕੈਤੀ, ਕਤਲ ਅਤੇ ਅਸਲਾ ਐਕਟ ਸਮੇਤ ਕਈ ਧਾਰਾਵਾਂ ਤਹਿਤ ਮਾਮਲਾ ਦਰਜ ਕਰ ਲਿਆ ਸੀ। ਪੁਲਿਸ ਨੂੰ ਇਸ ਅਪਰਾਧ ਵਿੱਚ ਕਿਸੇ ਕਰਮਚਾਰੀ ਦੀ ਸ਼ਮੂਲੀਅਤ ਦਾ ਸ਼ੱਕ ਸੀ ਕਿਉਂਕਿ ਬਦਮਾਸ਼ ਵਾਰ-ਵਾਰ ਡਾਕਟਰ ਤੋਂ ਪੁੱਛਦੇ ਸਨ ਕਿ ਘਰ ਵਿੱਚ ਮੰਦਰ ਕਿੱਥੇ ਹੈ। ਪੁਲਿਸ ਜਾਂਚ ਤੋਂ ਬਾਅਦ, ਅਪਰਾਧ ਦੀ ਮਾਸਟਰਮਾਈਂਡ, ਮੋਹਨ ਨਗਰ ਦੀ ਰਹਿਣ ਵਾਲੀ ਪੂਨਮ ਨੂੰ ਫੜ ਲਿਆ ਗਿਆ, ਜੋ ਕਿ ਇੱਕ ਨੌਕਰਾਣੀ ਸੀ, ਜੋ ਡਾਕਟਰ ਜੋੜੇ ਦੇ ਘਰ ਕੁਝ ਮਹੀਨਿਆਂ ਤੋਂ ਕੰਮ ਕਰਦੀ ਸੀ। ਪੁੱਛਗਿੱਛ ਦੌਰਾਨ ਪੂਰੇ ਅਪਰਾਧ ਦਾ ਖੁਲਾਸਾ ਹੋਇਆ। ਪੂਨਮ ਨੇ ਆਪਣੇ ਪ੍ਰੇਮੀ ਵਿਕਰਮ, ਜੋ ਕਿ ਟਿਟਾਨਾ ਕੈਥਲ ਦਾ ਰਹਿਣ ਵਾਲਾ ਹੈ ਅਤੇ ਉਸਦੇ ਦੋਸਤਾਂ ਨਾਲ ਮਿਲ ਕੇ ਇਸ ਅਪਰਾਧ ਨੂੰ ਅੰਜਾਮ ਦਿੱਤਾ ਸੀ। ਪੂਨਮ, ਵਿਕਰਮ ਅਤੇ ਡਾਕਟਰ ਜੋੜੇ ਦੇ ਨੌਕਰ ਕੇਤਰਾਮ ਸਮੇਤ ਸੱਤ ਦੋਸ਼ੀਆਂ ਨੂੰ ਪੁਲਿਸ ਨੇ ਗ੍ਰਿਫ਼ਤਾਰ ਕਰ ਲਿਆ।

# ਹੇਟ ਸਪੀਚ ਵਿਰੁੱਧ ਕਾਨੂੰਨ ਹੋਏ ਹੋਰ ਸਖ਼ਤ ! ਦੂਜੇ ਧਰਮ ਦਾ ਅਪਮਾਨ ਕਰਨ ਵਾਲਿਆਂ 'ਤੇ ਕੱਸਿਆ ਜਾਵੇਗਾ ਸ਼ਿਕੰਜਾ

**ਨਵੀਂ ਦਿੱਲੀ, 21 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਦੇਸ਼ ਵਿੱਚ ਹੇਟ ਸਪੀਚ (ਨਫ਼ਰਤ ਭਰੇ ਭਾਸ਼ਣ) ਨੂੰ ਕੰਟਰੋਲ ਕਰਨ ਲਈ ਕਾਨੂੰਨੀ ਸ਼ਿਕੰਜਾ ਲਗਾਤਾਰ ਕਸਿਆ ਜਾ ਰਿਹਾ ਹੈ। ਚਾਹੇ ਸੋਸ਼ਲ ਮੀਡੀਆ 'ਤੇ ਲਿਖੀ ਕੋਈ ਪੋਸਟ ਹੋਵੇ ਜਾਂ ਜਨਤਕ ਮੰਚ ਤੋਂ ਦਿੱਤਾ ਗਿਆ ਬਿਆਨ, ਹੁਣ ਨਫ਼ਰਤ ਫੈਲਾਉਣ ਵਾਲੇ ਸ਼ਬਦ ਨਿੱਜੀ ਆਜ਼ਾਦੀ ਲਈ ਖਤਰਾ ਬਣ ਸਕਦੇ ਹਨ।ਭਾਰਤ ਦੇ ਕਈ ਸੂਬੇ ਮੌਜੂਦਾ ਕਾਨੂੰਨਾਂ ਨੂੰ ਹੋਰ ਸਖ਼ਤ ਕਰਨ ਦੀ ਤਿਆਰੀ ਵਿੱਚ ਹਨ। ਕਰਨਾਟਕ ਅਤੇ ਤੇਲੰਗਾਨਾ ਸਰਕਾਰਾਂ ਦਾ ਸਖ਼ਤ ਰੁਖ ਕਰਨਾਟਕ ਵਿਧਾਨ ਸਭਾ ਨੇ ਇੱਕ ਨਵਾਂ ਬਿੱਲ ਪਾਸ ਕੀਤਾ ਹੈ ਜਿਸ ਵਿੱਚ ਹੇਟ ਸਪੀਚ ਦੀ ਪਰਿਭਾਸ਼ਾ ਨੂੰ ਬਹੁਤ ਵਿਆਪਕ ਬਣਾਇਆ ਗਿਆ ਹੈ। ਇਸ ਦੇ ਤਹਿਤ ਬੋਲੇ ਗਏ ਸ਼ਬਦ, ਲਿਖਤੀ ਸਮੱਗਰੀ, ਇਸ਼ਾਰੇ, ਦ੍ਰਿਸ਼ ਮਾਧਿਅਮ ਅਤੇ ਡਿਜੀਟਲ ਸੰਚਾਰ ਰਾਹੀਂ ਫੈਲਾਈ ਗਈ ਨਫ਼ਰਤ ਨੂੰ ਅਪਰਾਧ ਮੰਨਿਆ ਜਾਵੇਗਾ। ਖਾਸ ਗੱਲ ਇਹ ਹੈ ਕਿ ਜੇਕਰ ਕੋਈ ਵਿਅਕਤੀ ਕਿਸੇ ਜਿਉਂਦੇ ਜਾਂ ਮ੍ਰਿਤਕ ਵਿਅਕਤੀ ਜਾਂ ਸਮੂਹ ਵਿਰੁੱਧ ਜਾਣਬੁੱਝ ਕੇ ਦੁਸ਼ਮਣੀ ਫੈਲਾਉਂਦਾ ਹੈ ਤਾਂ ਉਸ ਵਿਰੁੱਧ ਕਾਰਵਾਈ ਹੋ ਸਕਦੀ ਹੈ। ਦੂਜੇ ਪਾਸੇ, ਤੇਲੰਗਾਨਾ ਦੇ ਮੁੱਖ ਮੰਤਰੀ ਰੇਵੰਤ ਰੈੱਡੀ ਨੇ ਵੀ ਸੰਕੇਤ ਦਿੱਤੇ ਹਨ ਕਿ ਉਨ੍ਹਾਂ ਦੀ ਸਰਕਾਰ ਦੂਜੇ ਧਰਮਾਂ ਦਾ ਅਪਮਾਨ ਕਰਨ ਵਾਲਿਆਂ ਵਿਰੁੱਧ ਨਿਯਮਾਂ ਵਿੱਚ ਬਦਲਾਅ ਕਰਕੇ ਹੋਰ ਸਖ਼ਤ ਕਾਨੂੰਨ ਲਿਆਉਣ ਦੀ ਯੋਜਨਾ ਬਣਾ ਰਹੀ ਹੈ। ਮੌਜੂਦਾ ਕਾਨੂੰਨੀ ਵਿਵਸਥਾ ਦੇਸ਼ ਵਿੱਚ ਪਹਿਲਾਂ ਹੀ ਭਾਰਤੀ ਨਿਆ ਸੰਹਿਤਾ ਤਹਿਤ ਹੇਟ ਸਪੀਚ ਵਿਰੁੱਧ ਕਾਰਵਾਈ ਹੁੰਦੀ ਹੈ। BNS ਦੀ ਧਾਰਾ 196 (ਜੋ ਪਹਿਲਾਂ IPC ਦੀ ਧਾਰਾ 1531 ਸੀ), ਧਰਮ, ਜਾਤੀ, ਭਾਸ਼ਾ ਜਾਂ ਭਾਈਚਾਰੇ ਦੇ ਆਧਾਰ 'ਤੇ ਦੁਸ਼ਮਣੀ ਫੈਲਾਉਣ ਨੂੰ ਅਪਰਾਧ ਮੰਨਦੀ ਹੈ। ਇਸ ਤੋਂ ਇਲਾਵਾ, ਭੜਕਾਊ ਜਾਂ ਝੂਠੀਆਂ ਅਫ਼ਵਾਹਾਂ ਰਾਹੀਂ ਕਾਨੂੰਨ ਵਿਵਸਥਾ ਵਿਗਾੜਨ 'ਤੇ ਪੁਰਾਣੀ IPC ਦੀ ਧਾਰਾ 505 ਵਰਗੇ ਪ੍ਰਬੰਧ ਵੀ ਲਾਗੂ ਹਨ। ਇਨ੍ਹਾਂ ਸੂਬਿਆਂ ਵਿੱਚ ਪਹਿਲਾਂ ਹੀ ਹੈ ਸਖ਼ਤੀ ਉੱਤਰ ਪ੍ਰਦੇਸ਼, ਮੱਧ ਪ੍ਰਦੇਸ਼ ਅਤੇ ਅਸਾਮ ਵਰਗੇ ਸੂਬਿਆਂ ਵਿੱਚ ਹੇਟ ਸਪੀਚ ਅਤੇ ਫਿਰਕੂ ਬਿਆਨਬਾਜ਼ੀ ਵਿਰੁੱਧ ਪਹਿਲਾਂ ਹੀ ਬਹੁਤ ਸਖ਼ਤ ਰੁਖ ਅਪਣਾਇਆ ਜਾਂਦਾ ਹੈ। ਕਈ ਗੰਭੀਰ ਮਾਮਲਿਆਂ ਵਿੱਚ ਰਾਸ਼ਟਰੀ ਸੁਰੱਖਿਆ ਕਾਨੂੰਨਾਂ ਦੀ ਵਰਤੋਂ ਵੀ ਕੀਤੀ ਗਈ ਹੈ। ਇਨ੍ਹਾਂ ਸਖ਼ਤ ਕਾਨੂੰਨਾਂ ਕਾਰਨ ਅਭਿਵਿਅਕਤੀ ਦੀ ਆਜ਼ਾਦੀ 'ਤੇ ਪੈਣ ਵਾਲੇ ਪ੍ਰਭਾਵ ਨੂੰ ਲੈ ਕੇ ਬਹਿਸ ਵੀ ਤੇਜ਼ ਹੋ ਗਈ ਹੈ। ਹਾਲਾਂਕਿ ਸੰਵਿਧਾਨ ਬੋਲਣ ਦੀ ਆਜ਼ਾਦੀ ਦਿੰਦਾ ਹੈ, ਪਰ ਸਰਕਾਰਾਂ ਦਾ ਤਰਕ ਹੈ ਕਿ ਜਨਤਕ ਵਿਵਸਥਾ ਅਤੇ ਸਮਾਜਿਕ ਸਦਭਾਵਨਾ ਬਣਾਈ ਰੱਖਣ ਲਈ ਇਨ੍ਹਾਂ 'ਤੇ ਉਚਿਤ ਪਾਬੰਦੀਆਂ ਲਗਾਉਣੀਆਂ ਜ਼ਰੂਰੀ ਹਨ। ਆਉਣ ਵਾਲੇ ਸਮੇਂ ਵਿੱਚ ਡਿਜੀਟਲ ਪਲੇਟਫਾਰਮਾਂ ਅਤੇ ਸੋਸ਼ਲ ਮੀਡੀਆ 'ਤੇ ਕੀਤੇ ਗਏ ਬਿਆਨਾਂ ਦੀ ਕਾਨੂੰਨੀ ਜਾਂਚ ਹੋਰ ਵਧ ਸਕਦੀ ਹੈ। ਕਰਨਾਟਕ ਅਤੇ ਤੇਲੰਗਾਨਾ ਤੋਂ ਬਾਅਦ ਹੋਰ ਸੂਬਿਆਂ ਵਿੱਚ ਵੀ ਹੇਟ ਸਪੀਚ ਕਾਨੂੰਨਾਂ ਦੀ ਸਮੀਖਿਆ ਕੀਤੇ ਜਾਣ ਦੀ ਸੰਭਾਵਨਾ ਹੈ। ਹੁਣ ਇੱਕ ਗਲਤ ਬਿਆਨ ਸਿਰਫ਼ ਵਿਵਾਦ ਹੀ ਨਹੀਂ, ਸਗੋਂ ਗੰਭੀਰ ਕਾਨੂੰਨੀ ਸੰਕਟ ਵੀ ਪੈਦਾ ਕਰ ਸਕਦਾ ਹੈ।



ਜੌਹਲ ਪਰਿਵਾਰ ਵੱਲੋਂ ਧੰਨ ਧੰਨ ਗੁਰੂ ਗੋਬਿੰਦ ਸਿੰਘ ਸਰਬੰਸਦਾਨੀ ਦੇ ਪਰਿਵਾਰ ਵਿਛੋੜੇ ਨੂੰ ਅਤੇ ਸਮੂਹ ਸ਼ਹੀਦਾਂ ਨੂੰ ਸਮਰਪਿਤ ਅਤੇ

# ਸਰਦਾਰ ਪਿਆਰਾ ਸਿੰਘ ਭਲਵਾਨ ਜੀ ਅੱਠਵੀਂ ਬਰਸੀ ਤੇ ਸ਼੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਕਰਵਾ ਕੇ ਧਾਰਮਿਕ ਸਮਾਗਮ ਸਜਾਏ ਗਏ



















ਸਵ. ਸ. ਪਿਆਰਾ ਸਿੰਘ ਜੀ ਪਹਿਲਵਾਨ

**ਵਾਲਸਾਲ, 21 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਜੌਹਲ ਪਰਿਵਾਰ ਵੱਲੋਂ ਧੰਨ ਧੰਨ ਗੁਰੂ ਗੋਬਿੰਦ ਸਿੰਘ ਸਰਬੰਸਦਾਨੀ ਦੇ ਪਰਿਵਾਰ ਵਿਛੋੜੇ ਨੂੰ ਅਤੇ ਸਮੂਹ ਸ਼ਹੀਦਾਂ ਨੂੰ ਸਮਰਪਿਤ ਪ੍ਰੋਗਰਾਮ ਅਤੇ ਆਪਣੇ ਪਿਤਾ ਸਰਦਾਰ ਪਿਆਰਾ ਸਿੰਘ ਭਲਵਾਨ ਜੀ ਅੱਠਵੀਂ ਬਰਸੀ ਤੇ ਸ਼੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਕਰਵਾ ਕੇ ਧਾਰਮਿਕ ਸਮਾਗਮ ਸਜਾਏ ਗਏ। ਵਾਲਸਲ ਇੰਗਲੈਂਡ ਦੇ ਸ਼ਹਿਰ ਵਾਲਸਾਲ ਦੇ ਗੁਰਦੁਆਰਾ ਨਾਨਕਸਰ ਪਲੈਕ ਵਾਲਸਾਲ ਵਿਖੇ ਸ਼੍ਰੀ ਅਖੰਡ ਪਾਠ ਸਾਹਿਬ ਜੀ ਸੇਵਾ ਕਰਵਾਈ ਗਈ ਅਤੇ ਬਾਅਦ ਦੇ ਵਿੱਚ ਧਾਰਮਿਕ ਸਮਾਗਮ ਸਜਾਏ ਜਿਸ ਵਿੱਚ ਗੁਰੂ ਘਰ ਦੇ ਹਜੂਰੀ ਜਥੇ ਨੇ ਸੰਗਤਾਂ ਨੂੰ ਕੀਰਤਨ ਦੁਆਰਾ ਨਿਹਾਲ ਕੀਤਾ ਬਾਬਾ ਬਘੇਲ ਸਿੰਘ ਜੀ ਨੇ ਗੁਰਬਾਣੀ ਕਥਾ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ ਭਾਈ ਹਰਮੇਲ ਸਿੰਘ ਦਿਲਬਰ ਭਾਈ ਗੁਰਬਚਨ ਸਿੰਘ ਅਣਖੀ ਭਾਈ ਕਪਤਾਨ ਸਿੰਘ ਦੇ ਢਾਡੀ ਜਥੇ ਨੇ ਸੰਗਤਾਂ ਨੂੰ ਧੰਨ ਧੰਨ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਪ੍ਰਸੰਗ ਅਤੇ ਕੱਲ ਕੀਤਾ ਅਨੰਦਪੁਰ ਛੱਡਣ ਦੇ ਪ੍ਰਸੰਗ ਨੂੰ ਢਾਡੀ ਵਾਰਾਂ ਨਾਲ ਨਿਹਾਲ ਕਰਕੇ ਸੰਗਤਾਂ ਨੂੰ ਸੁਣਾਇਆ। ਇਸ ਮੌਕੇ ਸੰਬੋਧਨ ਕਰਦਿਆਂ ਇੰਟਰਨੈਸ਼ਨਲ ਪੰਥਕ ਦਲ ਦੇ ਮੁੱਖ ਬੁਲਾਰੇ ਭਾਈ ਕਪਤਾਨ ਸਿੰਘ ਨੇ ਸਮੂਹ ਸਿੱਖ ਭਾਈਚਾਰੇ ਨੂੰ ਸ਼ਹੀਦੀ ਹਫ਼ਤੇ ਤੋਂ ਜਾਣੂ ਕਰਵਾਇਆ ਅਤੇ ਸਮੂਹ ਸਿੱਖ ਭਾਈਚਾਰੇ ਨੂੰ ਅਪੀਲ ਕੀਤੀ ਕਿ ਆਪਣੇ ਬੱਚਿਆਂ ਨੂੰ ਸਿੱਖਾਂ ਦੇ ਸ਼ਹੀਦੀਆਂ ਭਰੇ ਇਤਿਹਾਸ ਤੋਂ ਜ਼ਰੂਰ ਜਾਣੂ ਕਰਵਾਉਣ ਅਤੇ ਖਾਸ ਤੌਰ ’ਤੇ ਆਪਣੀ ਮਾਂ ਬੋਲੀ ਪੰਜਾਬੀ ਨਾਲ ਜ਼ਰੂਰ ਜੋੜਨ। ਇਸ ਮੌਕੇ ਧੰਨਵਾਦੀ ਸ਼ਬਦ ਬੋਲਦਿਆਂ ਭਾਈ ਰਘਵੀਰ ਸਿੰਘ ਵਾਲਸਾਲ ਨੇ ਸਮੂਹ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਉਨ੍ਹਾਂ ਦੇ ਪਿਤਾ ਜੀ ਸਰਦਾਰ ਪਿਆਰਾ ਸਿੰਘ ਭਲਵਾਨ ਜੀ ਅੱਠਵੀਂ ਬਰਸੀ ਦੇ ਮੌਕੇ ’ਤੇ ਪਹੁੰਚੀਆਂ ਸਮੂਹ ਸੰਗਤਾਂ ਦਾ ਧੰਨਵਾਦ। ਵਾਹਿਗੁਰੂ ਸਭ ’ਤੇ ਮਿਹਰ ਭਰਿਆ ਹੱਥ ਰੱਖਣ। ਇਸ ਮੌਕੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।



(ਹੋਰ ਤਸਵੀਰਾਂ ਅਗਲੇ ਪੰਨਿਆਂ ’ਤੇ)

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਜੌਹਲ ਪਰਿਵਾਰ ਵੱਲੋਂ ਧੰਨ ਧੰਨ ਗੁਰੂ ਗੋਬਿੰਦ ਸਿੰਘ ਸਰਬੰਸਦਾਨੀ ਦੇ ਪਰਿਵਾਰ ਵਿਛੋੜੇ ਨੂੰ ਅਤੇ ਸਮੂਹ ਸ਼ਹੀਦਾਂ ਨੂੰ ਸਮਰਪਿਤ ਅਤੇ



# ਸਰਦਾਰ ਪਿਆਰਾ ਸਿੰਘ ਭਲਵਾਨ ਜੀ ਅੱਠਵੀਂ ਬਰਸੀ ਤੇ ਸ੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਕਰਵਾ ਕੇ ਧਾਰਮਿਕ ਸਮਾਗਮ ਸਜਾਏ ਗਏ













ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਨਿਊਜ਼ੀਲੈਂਡ ਵਿੱਚ ਨਗਰ ਕੀਰਤਨ ਨੂੰ ਰੋਕਣ ਦੀ ਕੋਸ਼ਿਸ਼ ਧਾਰਮਿਕ ਆਜ਼ਾਦੀ ’ਤੇ ਸਿੱਧਾ ਹਮਲਾ

# ਸੁਖਬੀਰ ਬਾਦਲ, ਐਡਵੋਕੇਟ ਧਾਮੀ ਤੇ ਜਥੇਦਾਰ ਗੜਗੱਜ ਸਮੇਤ ਅਨੇਕਾਂ ਸ਼ਖਸੀਅਤਾਂ ਵੱਲੋਂ ਨਿੰਦਾ

**ਚੰਡੀਗੜ੍ਹ/ਅੰਮ੍ਰਿਤਸਰ, 21 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਨਿਊਜ਼ੀਲੈਂਡ ਦੇ ਆਕਲੈਂਡ ’ਚ ਹੋਏ ਨਗਰ ਕੀਰਤਨ ਦੇ ਵਿਰੋਧ ਦੀ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਸਖ਼ਤ ਸ਼ਬਦਾਂ ਵਿਚ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਨਿਊਜ਼ੀਲੈਂਡ ਦੇ ਦੱਖਣੀ ਆਕਲੈਂਡ ਵਿੱਚ ਕੱਲ੍ਹ ਸਥਾਨਕ ਲੋਕਾਂ ਵੱਲੋਂ ਸ਼ਾਂਤਮਈ ਕੱਢੇ ਜਾ ਰਹੇ ’ਨਗਰ ਕੀਰਤਨ’ ਵਿੱਚ ਵਿਘਨ ਪਾਉਣ ਦੀ ਸਖ਼ਤ ਨਿੰਦਾ ਕਰਦਾ ਹਾਂ।ਸੁਖਬੀਰ ਬਾਦਲ ਨੇ ਕਿਹਾ ਕਿ ਨਗਰ ਕੀਰਤਨ ਇਕ ਪਵਿੱਤਰ ਸਿੱਖ ਪਰੰਪਰਾ ਹੈ-ਇਹ ਇਕ ਖ਼ੁਸ਼ੀ ਨਾਲ ਭਰੀ ਧਾਰਮਿਕ ਪਰੇਡ ਹੈ, ਜਿਸ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ਼ਬਦ ਗਾਇਨ ਕੀਤੇ ਜਾਂਦੇ ਹਨ, , ਜੋ ਸ਼ਰਧਾ, ਏਕਤਾ ਅਤੇ ਸਾਰੀ ਮਨੁੱਖਤਾ ਨਾਲ ਅਸੀਸਾਂ ਦੇਣ ਨੂੰ ਵਾਧਾ ਦਿੰਦੇ ਹਨ।। ਮੈਨੂੰ ਇਹ ਵੇਖ ਕੇ ਖ਼ੁਸ਼ੀ ਹੋ ਰਹੀ ਹੈ ਕਿ ਸਿੱਖ ਭਾਈਚਾਰੇ ਨੇ ਭੜਕਾਹਟ ਦੇ ਬਾਵਜੂਦ ਸ਼ਾਨਦਾਰ ਸੰਜਮ ਅਤੇ ਸ਼ਾਂਤੀ ਨਾਲ ਗੁਰੂ ਸਾਹਿਬ ਦੀਆਂ ’ਚੜ੍ਹਦੀ ਕਲਾ’ ਅਤੇ ’ਸਰਬੱਤ ਦਾ ਭਲਾ’ ਦੀਆਂ ਸਿੱਖਿਆਵਾਂ ਦੇ ਅਨੁਸਾਰ ਜਵਾਬ ਦਿੱਤਾ। ਉਨ੍ਹਾਂ ਕਿਹਾ ਕਿ ਅਜਿਹੀ ਧਮਕੀ ਧਾਰਮਿਕ ਆਜ਼ਾਦੀ ਅਤੇ ਵਿਸ਼ਵਵਿਆਪੀ ਭਾਈਚਾਰੇ ਦੀ ਭਾਵਨਾ ਨੂੰ ਖ਼ਤਰਾ ਹੈ। ਉਨ੍ਹਾਂ ਵਿਦੇਸ਼ ਮੰਤਰੀ ਡਾ. ਐੱਸ. ਜੈ ਸ਼ੰਕਰ ਨੂੰ ਅਪੀਲ ਕਰਦੇ ਕਿਹਾ ਕਿ ਉਹ ਇਸ ਮਾਮਲੇ ਨੂੰ ਨਿਊਜ਼ੀਲੈਂਡ ਸਰਕਾਰ ਕੋਲ ਉਠਾਉਣ ਅਤੇ ਭਾਰਤੀ ਪ੍ਰਵਾਸੀਆਂ ਦੇ ਅਧਿਕਾਰਾਂ ਦੀ ਰੱਖਿਆ ਲਈ ਸਖ਼ਤ ਉਪਾਅ ਕੀਤੇ ਜਾਣ ਅਤੇ ਅਜਿਹੀਆਂ ਘਟਨਾਵਾਂ ਦੇ ਮੁੜ ਵਾਪਰਨ ਨੂੰ ਰੋਕਣ ਲਈ ਸਖ਼ਤ ਕਦਮ ਚੁੱਕਣ। ਜ਼ਿਕਰਯੋਗ ਹੈ ਕਿ ਨਿਊਜ਼ੀਲੈਂਡ ਦੇ ਮੇਨੁਰੇਵਾ ਇਲਾਕੇ ਵਿੱਚ ਬੀਤੇ ਦਿਨ ਜਦੋਂ ਗੁਰਦੁਆਰਾ ਨਾਨਾਕਸਰ ਠਾਠ ਈਸ਼ਰ ਦਰਬਾਰ ਵੱਲੋਂ ਸ਼ਹੀਦੀ ਪੰਦਰਵਾੜੇ ਨੂੰ ਸਮਰਪਿਤ ਸਜਾਏ ਗਏ ਨਗਰ ਕੀਰਤਨ ਦੇ ਰਸਤੇ ਵਿੱਚ ਕੁਝ ਸ਼ਰਾਰਤੀ ਅਨਸਰਾਂ ਨੇ ਵਿਘਨ ਪਾਉਣ ਦੀ ਕੋਸ਼ਿਸ਼ ਕੀਤੀ ਸੀ।ਸਰੋਤਾਂ ਅਨੁਸਾਰ ਪੋਹ ਦੇ ਮਹੀਨੇ ਦੇ ਸਿੱਖ ਸ਼ਹੀਦਾਂ ਦੀ ਯਾਦ ਵਿੱਚ ਇਹ ਵਿਸ਼ਾਲ ਨਗਰ ਕੀਰਤਨ ਮੇਨੁਰੇਵਾ ਦੀਆਂ ਸੜਕਾਂ ’ਤੇ ਸਜਾਇਆ ਗਿਆ ਸੀ, ਜਿਸ ਵਿੱਚ ਵੱਡੀ ਗਿਣਤੀ ਵਿੱਚ ਸਿੱਖ ਸੰਗਤ ਨੇ ਸ਼ਰਧਾ ਨਾਲ ਹਿੱਸਾ ਲਿਆ। ਨਗਰ ਕੀਰਤਨ ਦੇ ਸਾਰੇ ਪ੍ਰਬੰਧ ਬਹੁਤ ਸੁਚਾਰੂ ਸਨ ਅਤੇ ਇਹ ਨਿਰਵਿਘਨ ਅੱਗੇ ਵੱਧ ਰਿਹਾ ਸੀ ਪਰ ਜਦੋਂ ਨਗਰ ਕੀਰਤਨ ਵਾਪਸੀ ਦੇ ਰਸਤੇ ’ਤੇ ਸੀ ਤਾਂ ਗੁਰਦੁਆਰਾ ਸਾਹਿਬ ਤੋਂ ਕੁਝ ਦੂਰੀ ’ਤੇ ਗਰੇਟ ਸਾਊਥ ਰੋਡ ’ਤੇ 30 ਤੋਂ 35 ਨੌਜਵਾਨਾਂ ਦੇ ਇਕ ਗਰੁੱਪ ਨੇ ਰਸਤਾ ਰੋਕ ਲਿਆ। ਇਨ੍ਹਾਂ ਨੌਜਵਾਨਾਂ ਨੇ ਨਾ ਸਿਰਫ਼ ਨਗਰ ਕੀਰਤਨ ਦਾ ਰਸਤਾ ਰੋਕਿਆ ਸਗੋਂ ਨਫ਼ਰਤ ਭਰੇ ਸਲੋਗਨ ਵਿਖਾ ਕੇ ਨਗਰ ਕੀਰਤਨ ਦਾ ਸਖ਼ਤ ਵਿਰੋਧ ਕੀਤਾ। ਜਾਣਕਾਰੀ ਮੁਤਾਬਕ ਇਹ ਨੌਜਵਾਨ ਇਕ ਵਿਸ਼ੇਸ਼ ਭਾਈਚਾਰੇ ਨਾਲ ਸਬੰਧਤ ਹਨ ਜੋ ਪਿਛਲੇ ਕੁਝ ਸਮੇਂ ਤੋਂ ਨਿਊਜ਼ੀਲੈਂਡ ਵਿੱਚ ਹਰ ਧਰਮ ਅਤੇ ਹੋਰ ਵਰਗਾਂ ਦੇ ਲੋਕਾਂ ਦਾ ਵਿਰੋਧ ਕਰ ਰਹੇ ਹਨ। ਪ੍ਰਦਰਸ਼ਨਕਾਰੀ ਨੌਜਵਾਨਾਂ ਦਾ ਦਾਅਵਾ ਹੈ ਕਿ ਨਿਊਜ਼ੀਲੈਂਡ ਸਿਰਫ਼ ਉਨ੍ਹਾਂ ਦਾ ਹੈ। ਦੱਸਣਯੋਗ ਹੈ ਕਿ ਕੁਝ ਮਹੀਨੇ ਪਹਿਲਾਂ ਇਨ੍ਹਾਂ ਲੋਕਾਂ ਵੱਲੋਂ ਵੱਖ-ਵੱਖ ਧਰਮਾਂ ਦੇ ਝੰਡੇ ਸਾੜਨ ਦੀਆਂ ਘਟਨਾਵਾਂ ਨੂੰ ਵੀ ਅੰਜਾਮ ਦਿੱਤਾ ਗਿਆ ਸੀ।

**ਪ੍ਰਧਾਨ ਹਰਜਿੰਦਰ ਸਿੰਘ ਧਾਮੀ ਦਾ ਵੱਡਾ ਬਿਆਨ**

ਸਿੱਖਾਂ ਵੱਲੋਂ ਨਿਊਜ਼ੀਲੈਂਡ ਵਿਚ ਸ਼ਾਂਤੀਪੂਰਵਕ ਅਤੇ ਧਾਰਮਿਕ ਮਰਿਆਦਾ ਅਨੁਸਾਰ ਸਜਾਏ ਗਏ ਨਗਰ ਕੀਰਤਨ ਦਾ ਕੁਝ ਸਥਾਨਕ ਲੋਕਾਂ ਵੱਲੋਂ ਵਿਰੋਧ ਕੀਤਾ ਜਾਣਾ ਬੇਹੱਦ ਦੁੱਖਦਾਈ ਅਤੇ ਚਿੰਤਾਜਨਕ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਇਸ ਮਾਮਲੇ ’ਤੇ ਡੂੰਘੀ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਸਿੱਖ ਭਾਈਚਾਰਾ ਸਦਾ ਤੋਂ ਹੀ ਵਿਸ਼ਵ ਭਾਈਚਾਰੇ ਦੀ ਭਲਾਈ, ਸ਼ਾਂਤੀ, ਸਹਿਣਸ਼ੀਲਤਾ ਅਤੇ ਤਰੱਕੀ ਲਈ ਆਪਣਾ ਮਿਸਾਲੀ












ਯੋਗਦਾਨ ਪਾਉਂਦਾ ਆ ਰਿਹਾ ਹੈ ਪਰ ਇਸ ਦੇ ਬਾਵਜੂਦ ਸਿੱਖਾਂ ਦੀਆਂ ਧਾਰਮਿਕ ਰਵਾਇਤਾਂ ਨੂੰ ਨਫ਼ਰਤੀ ਨਜ਼ਰੀਏ ਨਾਲ ਵੇਖਿਆ ਜਾਣਾ ਅਤਿ ਨਿੰਦਣਯੋਗ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਸਿੱਖ ਧਰਮ ਦੀ ਬੁਨਿਆਦ ਸਰਬੱਤ ਦਾ ਭਲਾ, ਭਰਾਤਰੀ ਭਾਵ ਅਤੇ ਮਨੁੱਖਤਾ ਦੀ ਸੇਵਾ ’ਤੇ ਟਿਕੀ ਹੋਈ ਹੈ। ਨਗਰ ਕੀਰਤਨ ਸਿੱਖ ਧਰਮ ਦੀ ਇਕ ਪਵਿੱਤਰ ਧਾਰਮਿਕ ਪਰੰਪਰਾ ਹੈ, ਜੋ ਸਮਾਜ ਵਿਚ ਆਪਸੀ ਸਾਂਝ, ਪਿਆਰ ਅਤੇ ਏਕਤਾ ਦਾ ਸੰਦੇਸ਼ ਦਿੰਦੀ ਹੈ ਅਤੇ ਅਜਿਹੇ ਧਾਰਮਿਕ ਸਮਾਗਮਾਂ ਦਾ ਵਿਰੋਧ ਕਰਨਾ ਗੁਰੂ ਸਾਹਿਬਾਨ ਦੇ ਸਰਬ-ਸਾਂਝੇ ਸੰਦੇਸ਼ ’ਤੇ ਸਿੱਧੀ ਸੱਟ ਹੈ। ਉਨ੍ਹਾਂ ਆਖਿਆ ਕਿ ਦੁਨੀਆ ਭਰ ਦੇ ਵੱਖ-ਵੱਖ ਦੇਸ਼ਾਂ ਵਿਚ ਵੱਸਦਾ ਸਿੱਖ ਭਾਈਚਾਰਾ ਸਦਾ ਹੀ ਸਥਾਨਕ ਲੋਕਾਂ ਨਾਲ ਰਲ ਮਿਲ ਕੇ ਰਹਿੰਦਾ ਹੈ ਅਤੇ ਹਰ ਦੇਸ਼ ਦੇ ਕਾਨੂੰਨਾਂ ਅਤੇ ਸਥਾਨਕ ਸਭਿਆਚਾਰ ਦਾ ਪੂਰਾ ਸਤਿਕਾਰ ਕਰਦਾ ਆਇਆ ਹੈ। ਉਨ੍ਹਾਂ ਹੋਰ ਕਿਹਾ ਕਿ ਸਿੱਖ ਸਮਾਗਮਾਂ ਦੌਰਾਨ ਲੰਗਰ ਅਤੇ ਨਿਸ਼ਕਾਮ ਸੇਵਾ ਰਾਹੀਂ ਮਨੁੱਖਤਾ ਦੀ ਭਲਾਈ ਦਾ ਸੁਨੇਹਾ ਦਿੱਤਾ ਜਾਂਦਾ ਹੈ, ਜਿਸ ਨਾਲ ਸਮਾਜਿਕ ਸਾਂਝ ਮਜ਼ਬੂਤ ਹੁੰਦੀ ਹੈ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਨੇ ਨਿਊਜੀਲੈਂਡ ਅਤੇ ਭਾਰਤ ਦੀ ਸਰਕਾਰ ਨੂੰ ਅਪੀਲ ਕੀਤੀ ਕਿ ਉਹ ਇਸ ਮਾਮਲੇ ਦਾ ਗੰਭੀਰਤਾ ਨਾਲ ਨੋਟਿਸ ਲੈਣ ਅਤੇ ਸਿੱਖ ਭਾਈਚਾਰੇ ਨੂੰ ਆਪਣੇ ਧਾਰਮਿਕ ਅਧਿਕਾਰਾਂ ਦੇ ਅਨੁਸਾਰ ਸਮਾਗਮ ਕਰਨ ਲਈ ਸੁਰੱਖਿਅਤ ਅਤੇ ਸਹਿਯੋਗੀ ਮਾਹੌਲ ਮੁਹੱਈਆ ਕਰਵਾਉਣ। ਉਨ੍ਹਾਂ ਕਿਹਾ ਕਿ ਧਾਰਮਿਕ ਆਜ਼ਾਦੀ ਅਤੇ ਆਪਸੀ ਸਤਿਕਾਰ ਹੀ ਕਿਸੇ ਵੀ ਬਹੁ-ਸੱਭਿਆਚਾਰਕ ਸਮਾਜ ਦੀ ਅਸਲ ਪਛਾਣ ਹੁੰਦੀ ਹੈ। ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਨਿਊਜ਼ੀਲੈਂਡ ਦੇ ਮੋਹਰੀ ਸਿੱਖਾਂ ਨੂੰ ਇਸ ਘਟਨਾ ਸਬੰਧੀ ਉਥੇ ਦੀ ਸਰਕਾਰ ਅਤੇ ਵਿਰੋਧ ਪ੍ਰਦਰਸ਼ਨ ਕਰਨ ਵਾਲੇ ਲੋਕਾਂ ਨਾਲ ਮਿਲ ਬੈਠ ਕੇ ਵਿਚਾਰ ਚਰਚਾ ਕਰਨ ਦੀ ਵੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਗੁਰੂ ਉਪਦੇਸ਼ਾਂ ਦੀ ਸੇਧ ਵਿਚ ਹੀ ਇਸ ਮਸਲੇ ਨੂੰ ਨਜਿੱਠਣ ਲਈ ਯਤਨ ਕੀਤੇ ਜਾਣ ਅਤੇ ਤਲਖ਼ੀ ਵਾਲੇ ਮਾਹੌਲ ਤੋਂ ਬਚਿਆ ਜਾਵੇ।

ਆਵਾਜ਼ਿ ਕੌਮ AWAZE QAUM International Newspaper & WEB TV

**ਨਿਊਜ਼ੀਲੈਂਡ ’ਚ ਨਗਰ ਕੀਰਤਨ ਦਾ ਵਿਰੋਧ ਸਿੱਖਾਂ ਅਤੇ ਭਾਈਚਾਰਕ ਸਾਂਝ ਲਈ ਚੁਣੌਤੀ : ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ :** ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਨਿਊਜ਼ੀਲੈਂਡ ਦੇ ਸਾਊਥ ਔਕਲੈਂਡ ਦੇ ਮਾਨੁਰੇਵਾ ਕਸਬੇ ਵਿਖੇ ਕੁਝ ਸ਼ਰਾਰਤੀ ਲੋਕਾਂ ਵੱਲੋਂ ਸਿੱਖ ਸੰਗਤ ਦੀ ਤਰਫ਼ੋਂ ਸਜਾਏ ਜਾ ਰਹੇ ਨਗਰ ਕੀਰਤਨ ਦੇ ਵਿਰੋਧ ਵਾਲੀ ਘਟਨਾ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਇਸ ਨੂੰ ਸਿੱਖਾਂ ਅਤੇ ਸਮਾਜਕ, ਭਾਈਚਾਰਕ ਸਾਂਝ ਲਈ ਚੁਣੌਤੀ ਕਰਾਰ ਦਿੱਤਾ ਹੈ। ਉਨ੍ਹਾਂ ਆਖਿਆ ਕਿ ਕੁਝ ਲੋਕਾਂ - ਜਿਨ੍ਹਾਂ ਦੀ ਅਗਵਾਈ ਬ੍ਰਾਇਨ ਤਾਮਾਕੀ ਨਾਮ ਦੇ ਵਿਅਕਤੀ ਵੱਲੋਂ ਕੀਤੀ ਦੱਸੀ ਜਾ ਰਹੀ ਹੈ ਜੋ ਕਿ ਇੱਕ ਸਮੂਹ ਦਾ ਵਿਵਾਦਤ ਆਗੂ ਹੈ - ਵੱਲੋਂ ਜਾਣਬੁੱਝ ਕੇ ਨਿਊਜ਼ੀਲੈਂਡ ਦੀਆਂ ਸਥਾਨਕ ਰਵਾਇਤਾਂ ਦੀ ਦੁਰਵਰਤੋਂ ਕਰਦਿਆਂ ਨਫ਼ਰਤੀ ਭਾਵਨਾ ਨਾਲ ਸਿੱਖਾਂ ਨੂੰ ਇਹ ਚੁਣੌਤੀ ਦਿੱਤੀ ਗਈ ਹੈ, ਜਿਸ ਪ੍ਰਤੀ ਨਿਊਜ਼ੀਲੈਂਡ ਦੀ ਸਰਕਾਰ ਨੂੰ ਵਿਸ਼ੇਸ਼ ਧਿਆਨ ਦੇ ਕੇ ਅਜਿਹੇ ਅਨਸਰਾਂ ਨੂੰ ਰੋਕਣ ਦੀ ਲੋੜ ਹੈ ਜੋ ਸਮਾਜਕ ਭਾਈਚਾਰਕ ਸਾਂਝ ਵਿੱਚ ਕੁੜੱਤਣ ਪੈਦਾ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਜਥੇਦਾਰ ਗੜਗੱਜ ਨੇ ਕਿਹਾ ਕਿ ਸਿੱਖ ਹਰ ਧਰਮ ਅਤੇ ਫਿਰਕੇ ਦਾ ਸਤਿਕਾਰ ਕਰਦੇ ਹਨ ਅਤੇ ਇਸੇ ਤਰ੍ਹਾਂ ਬਾਕੀਆਂ ਦਾ ਵੀ ਇਹ ਫ਼ਰਜ਼ ਹੈ ਕਿ ਸਿੱਖਾਂ ਦੀ ਧਾਰਮਿਕ ਅਜ਼ਾਦੀ ਦਾ ਵੀ ਸਤਿਕਾਰ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਨਗਰ ਕੀਰਤਨ ਸਰਕਾਰੀ ਪ੍ਰਵਾਨਗੀਆਂ ਤੋਂ ਬਾਅਦ ਹੀ ਸਜਾਏ ਜਾਂਦੇ ਹਨ, ਇਸ ਲਈ ਸੁਰੱਖਿਅਤ ਮਾਹੌਲ ਮੁਹੱਈਆ ਕਰਵਾਉਣਾ ਸਥਾਨਕ ਸਰਕਾਰ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਨਿਊਜ਼ੀਲੈਂਡ ਦੇ ਸਿੱਖਾਂ ਵੱਲੋਂ ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਉੱਥੋਂ ਦੇ ਸਥਾਨਕ ਮਾਓਰੀ ਲੋਕ ਸਿੱਖਾਂ ਨਾਲ ਰਲ ਮਿਲ ਕੇ ਰਹਿੰਦੇ ਹਨ ਅਤੇ ਤਾਜ਼ਾ ਘਟਨਾ ਪਿੱਛੇ ਸਿਰਫ਼ ਇੱਕ ਸ਼ਰਾਰਤੀ ਸਮੂਹ ਦਾ ਹੱਥ ਹੈ। ਇਸ ਘਟਨਾ ਤੋਂ ਬਾਅਦ ਨਿਊਜ਼ੀਲੈਂਡ ਦੇ 25 ਗੁਰਦੁਆਰਾ ਸਾਹਿਬਾਨ ਦੀਆਂ ਪ੍ਰਬੰਧਕੀ ਕਮੇਟੀਆਂ ਲਗਾਤਾਰ ਸਥਾਨਕ ਸਰਕਾਰ ਤੇ ਪੁਲਿਸ ਪ੍ਰਸ਼ਾਸਨ ਨਾਲ ਰਾਬਤੇ ਵਿੱਚ ਹਨ, ਜਿਨ੍ਹਾਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਪੂਰਨ ਸਮਰਥਨ ਦਾ ਭਰੋਸਾ ਦਿੱਤਾ।

ਜਥੇਦਾਰ ਗੜਗੱਜ ਨੇ ਕਿਹਾ ਕਿ ਆਪਣੀ ਕਰੜੀ ਮਿਹਨਤ ਤੇ ਲਿਆਕਤ ਸਦਕਾ ਸਿੱਖ ਅੱਜ ਦੁਨੀਆ ਦੇ ਵੱਖ-ਵੱਖ ਦੇਸ਼ਾਂ ਵਿੱਚ ਵੱਸਦੇ ਹਨ ਅਤੇ ਉਨ੍ਹਾਂ ਨੇ ਉੱਥੇ ਚੰਗੇ ਰੁਤਬੇ ਹਾਸਲ ਕੀਤੇ ਹਨ। ਉਨ੍ਹਾਂ ਕਿਹਾ ਕਿ ਸਿੱਖਾਂ ਨੇ ਨਿਊਜ਼ੀਲੈਂਡ ਜਾਂ ਕਿਸੇ ਵੀ ਹੋਰ ਦੇਸ਼ ਜਿੱਥੇ ਉਹ ਵੱਸਦੇ ਹਨ, ਉੱਥੇ ਸਥਾਨਕ ਕਾਨੂੰਨਾਂ ਅਤੇ ਨਿਯਮਾਂ ਦੀ ਪਾਲਣਾ ਕਰਦਿਆਂ ਕਰੜੀ ਮਿਹਨਤ ਨਾਲ ਆਪਣਾ ਸਥਾਨ ਕਾਇਮ ਕਰਦਿਆਂ ਨਾਗਰਿਕਤਾ ਜਾਂ ਕੰਮ ਕਰਨ ਦੀਆਂ ਪ੍ਰਵਾਨਗੀਆਂ ਹਾਸਲ ਕੀਤੀਆਂ ਹਨ। ਉਨ੍ਹਾਂ ਕਿਹਾ ਕਿ ਸਿੱਖ ਜਿੱਥੇ ਵੀ ਵੱਸਦੇ ਹਨ ਉੱਥੋਂ ਦੀ ਤਰੱਕੀ ਅਤੇ ਵਿਕਾਸ ਵਿੱਚ ਅਹਿਮ ਯੋਗਦਾਨ ਪਾਉਂਦੇ ਹਨ। ਇਸੇ ਤਰ੍ਹਾਂ ਸਿੱਖਾਂ ਨੇ ਨਿਊਜ਼ੀਲੈਂਡ ਦੀ ਤਰੱਕੀ ਅਤੇ ਵਿਕਾਸ ਵਿੱਚ ਵੀ ਚੰਗਾ ਯੋਗਦਾਨ ਪਾਇਆ ਹੈ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸਿੱਖ ਕੌਮ ਰੋਜ਼ਾਨਾ ਅਰਦਾਸ ਵਿੱਚ ਸਰਬੱਤ ਦਾ ਭਲਾ ਮੰਗਦੀ ਹੈ ਅਤੇ ਅਮਨ ਸ਼ਾਂਤੀ ਨੂੰ ਪਸੰਦ ਕਰਨ ਵਾਲੀ ਕੌਮ ਹੈ। ਉਨ੍ਹਾਂ ਨਿਊਜ਼ੀਲੈਂਡ ਦੀ ਸਿੱਖ ਸੰਗਤ ਦੀ ਸ਼ਲਾਘਾ ਕੀਤੀ ਕਿ ਸਥਾਨਕ ਲੋਕਾਂ ਵੱਲੋਂ ਕੀਤੇ ਗਏ ਵਿਰੋਧ ਦੇ ਬਾਵਜੂਦ ਵੀ ਉਨ੍ਹਾਂ ਜਾਬਤਾ ਬਣਾਈ ਰੱਖਿਆ ਅਤੇ ਕਿਸੇ ਤਰ੍ਹਾਂ ਦੀ ਭੜਕਾਹਟ ਨਹੀਂ ਦਿਖਾਈ। ਉਨ੍ਹਾਂ ਕਿਹਾ ਕਿ ਸਿੱਖੀ ਵਿੱਚ ਅਨੁਸ਼ਾਸਨ ਅਤੇ ਸਮਰਪਣ ਭਾਵ ਬਹੁਤ ਅਹਿਮੀਅਤ ਰੱਖਦੇ ਹਨ, ਇਸ ਲਈ ਨਿਊਜ਼ੀਲੈਂਡ ਦੀ ਸਿੱਖ ਸੰਗਤ ਅਜਿਹੇ ਘਟਨਾਕ੍ਰਮ ਪ੍ਰਤੀ ਸੁਚੇਤ ਰਹੇ ਅਤੇ ਅਮਨ ਕਾਨੂੰਨ ਨਾਲ ਹੀ ਸਥਿਤੀ ਨੂੰ ਨਜਿੱਠਿਆ ਜਾਵੇ। ਜਥੇਦਾਰ ਗੜਗੱਜ ਨੇ ਨਿਊਜ਼ੀਲੈਂਡ ਦੇ ਆਗੂ ਸਿੱਖਾਂ ਨੂੰ ਆਦੇਸ਼ ਕੀਤਾ ਕਿ ਉਹ ਨਿਊਜ਼ੀਲੈਂਡ ਦੇ ਪ੍ਰਧਾਨ ਮੰਤਰੀ, ਸਥਾਨਕ ਸਰਕਾਰ ਦੇ ਆਗੂਆਂ ਅਤੇ ਮਾਓਰੀ ਭਾਈਚਾਰੇ ਦੇ ਵੱਡੇ ਆਗੂਆਂ ਨਾਲ ਮਿਲ ਬੈਠ ਕੇ ਇਹ ਮਾਮਲਾ ਵਿਚਾਰਨ ਅਤੇ ਉਨ੍ਹਾਂ ਨੂੰ ਸਿੱਖੀ ਕਦਰਾਂ ਕੀਮਤਾਂ ਤੇ ਰਵਾਇਤਾਂ ਦੀ ਜਾਣਕਾਰੀ ਦੇਣ।

ਉਨ੍ਹਾਂ ਆਖਿਆ ਕਿ ਨਿਊਜ਼ੀਲੈਂਡ ਦੇ ਸਿੱਖ ਇਸ ਮਾਮਲੇ ਸਬੰਧੀ ਉੱਥੋਂ ਦੀ ਸਰਕਾਰ ਨਾਲ ਵਿਚਾਰ ਚਰਚਾ ਕਰਕੇ ਇਹ ਯਕੀਨੀ ਬਣਾਉਣ ਕਿ ਨਗਰ ਕੀਰਤਨ ਸਜਾਉਣ ਜਾਂ ਹੋਰ ਸਿੱਖ ਸਮਾਗਮਾਂ ਨੂੰ ਕਰਵਾਉਣ ਲਈ ਉਨ੍ਹਾਂ ਨੂੰ ਸੁਰੱਖਿਅਤ ਮਾਹੌਲ ਮੁਹੱਈਆ ਕਰਵਾਇਆ ਜਾਵੇ ਤਾਂ ਜੋ ਅਗਾਂਹ ਤੋਂ ਅਜਿਹੀ ਸਥਿਤੀ ਨਾ ਬਣੇ। ਜਥੇਦਾਰ ਗੜਗੱਜ ਨੇ ਨਿਊਜ਼ੀਲੈਂਡ ਦੇ ਪ੍ਰਧਾਨ ਮੰਤਰੀ ਕ੍ਰਿਸਟੋਫਰ ਲਕਸਨ ਤੇ ਵਿਦੇਸ਼ ਮੰਤਰੀ ਵਿੰਸਟਨ ਪੀਟਰਜ਼ ਅਤੇ ਭਾਰਤ ਦੇ ਵਿਦੇਸ਼ ਮੰਤਰੀ ਡਾ. ਐੱਸ ਜੈਸ਼ੰਕਰ ਨੂੰ ਆਖਿਆ ਕਿ ਉਹ ਇਸ ਮਾਮਲੇ ਵੱਲ ਵਿਸ਼ੇਸ਼ ਧਿਆਨ ਦੇ ਕੇ ਇਹ ਯਕੀਨੀ ਬਣਾਉਣ ਕਿ ਸ਼ਰਾਰਤੀ ਲੋਕ ਦੋਵੇਂ ਦੇਸ਼ਾਂ ਅਤੇ ਭਾਈਚਾਰਿਆਂ ਵਿਚਕਾਰ ਸਾਂਝ ਨੂੰ ਸੱਟ ਨਾ ਮਾਰ ਸਕਣ।

# ਨੌਜਵਾਨ ਨੂੰ ਸਿਰੀ ਸਾਹਿਬ ਤੇ ਕੜਾ ਪਾ ਕੇ ਪੇਪਰ ਦੇਣ ਤੋਂ ਰੋਕਿਆ

**ਹੁਸ਼ਿਆਰਪੁਰ, 21 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਹੁਸ਼ਿਆਰਪੁਰ ਤੋਂ ਵੱਡੀ ਖ਼ਬਰ ਸਾਹਮਣੇ ਆਈ ਹੈ। ਹੁਸ਼ਿਆਰਪੁਰ ਦੇ ਇਕ ਨਿੱਜੀ ਸਕੂਲ ਵਿਚ ਅੱਜ ਸੀਨੀਅਰ ਅਸਿਸਟੈਂਟ ਦੇ ਪੇਪਰ ਨੂੰ ਲੈ ਕੇ ਇਕ ਸਿੱਖ ਨੌਜਵਾਨ ਨੂੰ ਸਿਰੀ ਸਾਹਿਬ ਅਤੇ ਕੜਾ ਲਹਾਉਣ ਲਈ ਕਿਹਾ ਗਿਆ। ਇਸ ਦੇ ਬਾਅਦ ਪਰਿਵਾਰ ਵੱਲੋਂ ਇਤਰਾਜ਼ ਜਤਾਉਂਦੇ ਹੋਏ ਜਦੋਂ ਸਕੂਲ ਅਧਿਕਾਰੀਆਂ ਨਾਲ ਗੱਲਬਾਤ ਕੀਤੀ ਗਈ ਤਾਂ ਸਕੂਲ ਵੱਲੋਂ ਕਿਹਾ ਗਿਆ ਕਿ ਸਿਰੀ ਸਾਹਿਬ ਪਾ ਕੇ ਅੰਦਰ ਪੇਪਰ ਦੇਣ ਲਈ ਨਹੀਂ ਜਾ ਸਕਦੇ। ਜਦੋਂ ਪਰਿਵਾਰ ਨੇ ਵਾਰ-ਵਾਰ ਇਸ ਵਾਰ ਜ਼ੋਰ ਪਾਇਆ ਕਿ ਸਿਰੀ ਸਾਹਿਬ ਪਾ ਕੇ ਕਿਉਂ ਨਹੀਂ ਜਾ ਸਕਦੇ ਤਾਂ ਪੁਲਸ ਵੱਲੋਂ ਉਸ ਬੱਚੇ ਨੂੰ ਅੰਦਰ ਜਾਨ ਦੇ ਦਿੱਤਾ ਗਿਆ। ਇਸ ਮੌਕੇ ਲੜਕੇ ਦੇ ਪਿਤਾ ਹਰਜੀਤ ਸਿੰਘ ਨੇ ਇਤਰਾਜ਼ ਜਤਾਇਆ ਕਿ ਜੇਕਰ ਪੰਜਾਬ ਦੇ ਵਿੱਚ ਵੀ ਸਿੱਖ ਨੌਜਵਾਨਾਂ ਨਾਲ ਇਹੋ ਜਿਹਾ ਬਤੀਰਾ ਹੋਵੇਗਾ ਤਾਂ ਅੱਗੇ ਕਿਵੇਂ ਚੱਲੇਗਾ।



# ਭਾਈ ਜੈਤਾ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਰਾਜ ਪੱਧਰੀ ਸਮਾਗਮ ਬਾਬਾ ਬਕਾਲਾ ਸਾਹਿਬ ਵਿਖੇ 23 ਦਸੰਬਰ ਨੂੰ - ਡਿਪਟੀ ਕਮਿਸ਼ਨਰ



ਜੰਡਿਆਲਾ ਗੁਰੂ 21 ਦਸੰਬਰ ( ਕੁਲਵੰਤ ਸਿੰਘ ਵਿਰਦੀ )ਪੰਜਾਬ ਸਰਕਾਰ ਵੱਲੋਂ ਭਾਈ ਜੈਤਾ ਜੀ (ਸ਼ਹੀਦ ਭਾਈ ਜੀਵਨ ਸਿੰਘ ਜੀ) ਦੇ ਦੇ ਸ਼ਹੀਦੀ ਦਿਹਾੜੇ ਸਬੰਧੀ ਰਾਜ ਪਧਰੀ ਸਮਾਗਮ ਬਾਬਾ ਬਕਾਲਾ ਸਾਹਿਬ ਦੀ ਪਵਿੱਤਰ ਧਰਤੀ ਉੱਤੇ 23 ਦਸੰਬਰ ਨੂੰ ਕਰਵਾਇਆ ਜਾ ਰਿਹਾ ਹੈ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ, ਜਿਨਾਂ ਦਾ ਹਾਲ ਹੀ ਵਿੱਚ ਪੰਜਾਬ ਸਰਕਾਰ ਵੱਲੋਂ 350 ਸਾਲਾ ਸ਼ਹੀਦੀ ਦਿਹਾੜਾ ਬੜੇ ਵੱਡੇ ਪੱਧਰ ਉੱਤੇ ਦੇਸ਼ ਭਰ ਵਿੱਚ ਮਨਾਇਆ ਗਿਆ ਹੈ, ਦਾ ਸੀਸ ਦਿੱਲੀ ਦੇ ਚਾਂਦਨੀ ਚੌਂਕ ਤੋਂ ਸ੍ਰੀ ਆਨੰਦਪੁਰ ਸਾਹਿਬ ਲਿਆਉਣ ਵਾਲੇ ਭਾਈ ਜੈਤਾ ਜੀ ਦਾ ਸ਼ਹੀਦੀ ਦਿਵਸ ਰਾਜ ਪਧਰੀ ਸਮਾਗਮ ਵਜੋਂ ਮਨਾਉਣ ਦਾ ਫੈਸਲਾ ਪੰਜਾਬ ਸਰਕਾਰ ਵੱਲੋਂ ਲਿਆ ਗਿਆ ਹੈ। ਉਹਨਾਂ ਦੱਸਿਆ ਕਿ ਇਹ ਸਮਾਗਮ ਬਾਬਾ ਬਕਾਲਾ ਸਾਹਿਬ ਦੀ ਪਵਿੱਤਰ ਧਰਤੀ ਉੱਤੇ ਸਥਿਤ ਸਰਕਾਰੀ ਆਈ ਟੀ ਆਈ ਵਿਖੇ ਕਰਵਾਇਆ ਜਾਵੇਗਾ। ਉਹਨਾਂ ਦੱਸਿਆ ਕਿ ਇਸ ਸਮਾਗਮ ਦੇ ਮੁੱਖ ਮਹਿਮਾਨ ਕੈਬਨਿਟ ਮੰਤਰੀ ਸ ਹਰਭਜਨ ਸਿੰਘ ਈਟੀਓ ਹੋਣਗੇ ਅਤੇ ਵਿਸ਼ੇਸ਼ ਮਹਿਮਾਨ ਵਜੋਂ ਹਲਕਾ ਵਿਧਾਇਕ ਬਾਬਾ ਬਕਾਲਾ ਸਾਹਿਬ ਸ ਦਲਬੀਰ ਸਿੰਘ ਟੌਂਗ ਹਾਜ਼ਰੀ ਭਰਨਗੇ। ਉਹਨਾਂ ਨੇ ਇਸ ਸਮਾਗਮ ਦੀ ਤਿਆਰੀ ਲਈ ਜ਼ਿਲ੍ਹਾ ਅਧਿਕਾਰੀਆਂ ਨਾਲ ਮੀਟਿੰਗ ਕਰਦੇ ਹੋਏ ਪ੍ਰੋਗਰਾਮ ਦੀ ਤਿਆਰੀ ਦਾ ਜਾਇਜ਼ਾ ਲਿਆ ਅਤੇ ਜ਼ਰੂਰੀ ਨਿਰਦੇਸ਼ ਦਿੱਤੇ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਸ੍ਰੀਮਤੀ ਅਮਨਦੀਪ ਕੌਰ, ਐਸਡੀਐਮ ਬਾਬਾ ਬਕਾਲਾ ਸ ਅਮਨਪ੍ਰੀਤ ਸਿੰਘ, ਡੀਐਸਪੀ ਸ ਬਲਜਿੰਦਰ ਸਿੰਘ ਖਹਿਰਾ , ਨਿਗਰਾਨ ਇੰਜੀਨੀਅਰ ਸ੍ਰੀ ਰਾਜੀਵ ਸ਼ਰਮਾ, ਨਿਗਰਾਨ ਇੰਜੀਨੀਅਰ ਸ੍ਰੀ ਖੁਸ਼ਪਾਲ ਸਿੰਘ ਰੰਧਾਵਾ ਅਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ।

# 31ਵਾਂ ਪੈਨਸ਼ਨਰਜ਼ ਦਿਵਸ ਬੜੀ ਸ਼ਰਧਾ ਨਾਲ ਮਨਾਇਆ



ਫ਼ਿਰੋਜ਼ਪੁਰ, 21 ਦਸੰਬਰ (ਮਨੋਹਰ ਲਾਲ):— 31ਵਾਂ ਪੈਨਸ਼ਨਰਜ਼ ਦਿਵਸ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਚੁੰਗੀ ਖਾਨਾ ਰੋਡ ਲੜਕੀਆਂ ਬਲਾਕ ਫ਼ਿਰੋਜ਼ਪੁਰ ਵਿਖੇ ਕ੍ਰਿਸ਼ਨ ਕੁਮਾਰ ਜੈਦਕਾ ਸਟੇਟ ਪ੍ਰਧਾਨ ਸਰਪ੍ਰਸਤ, ਰਮੇਸ਼ ਚੰਦਰ ਗੋਇਲ, ਬਨਾਰਸੀਦਾਸ ਸਚਦੇਵਾ, ਪ੍ਰਧਾਨ ਨਛੱਤਰ ਸਿੰਘ, ਮੀਤ ਪ੍ਰਧਾਨ ਪ੍ਰੇਮ ਨਾਥ ਸੇਠੀ, ਰਾਜਪਾਲ ਸਿੰਘ ਬੈਂਸ, ਜਨਰਲ ਸਕੱਤਰ ਰਮੇਸ਼ ਕੁਮਾਰ ਗਰੋਵਰ, ਪ੍ਰਬੰਧਕ ਸਕੱਤਰ ਬਰਿਜ ਭੂਸ਼ਨ ਧਵਨ, ਬਲਵਿੰਦਰ ਸ਼ਰਮਾ, ਦੀਵਾਨ ਚੰਦ ਸੁਖੀਜਾ, ਉਮ ਪ੍ਰਕਾਸ਼ ਗਰੋਵਰ, ਰਜਿੰਦਰ ਗੁਪਤਾ, ਕੈਸ਼ੀਅਰ ਜੱਗਾ ਸਿੰਘ ਦੀ ਰਹਿਨੁਮਾਈ ਹੇਠ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਤੇ ਮੁੱਖ ਮਹਿਮਾਨ ਡਾ: ਸਦੇਸ਼ ਕੁਮਾਰ ਬਾਗੀ ਹਸਪਤਾਲ ਹੋਏ, ਇਸ ਮੌਕੇ ਤੇ ਵੱਖ—ਵੱਖ ਬੁਲਾਰਿਆਂ ਨੇ ਜਿਨ੍ਹਾਂ ਵਿਚ ਸੀਨੀਅਰ ਮੀਤ ਪ੍ਰਧਾਨ ਡਾ: ਦੀਵਾਨ ਚੰਦ ਸੁਖੀਜਾ, ਪੀ.ਡੀ ਸ਼ਰਮਾ ਪ੍ਰਧਾਨ ਸੀਨੀਅਰ ਸਿਟੀਜਨ ਕੌਂਸਲ, ਕ੍ਰਿਸ਼ਨ ਕੁਮਾਰ ਜੈਦਕਾ ਐਸੋਸੀਏਸ਼ਨ ਦੇ ਬਾਨੀ ਅਤੇ ਸਟੇਟ ਬਾਡੀ ਸਲਾਹਕਾਰ ਪ੍ਰਧਾਨ ਨਛੱਤਰ ਸਿੰਘ, ਮੀਤ ਪ੍ਰਧਾਨ ਪ੍ਰੇਮ ਨਾਥ, ਸੀਨੀਅਰ ਮੀਤ ਰਾਜਪਾਲ ਸਿੰਘ, ਰਮੇਸ਼ ਗਰੋਵਰ ਜਨਰਲ ਸਕੱਤਰ, ਮੰਗਲ ਦਾਸ ਗਰੋਵਰ, ਮੁੱਖ ਸਲਾਹਕਾਰ ਜ਼ਸਬੀਰ ਸਿੰਘ, ਪ੍ਰਬੰਧਕੀ ਸਕੱਤਰ ਬਲਵਿੰਦਰਪਾਲ ਸ਼ਰਮਾ, ਰਜਿੰਦਰ ਗੁਪਤਾ, ਖਜਾਨਚੀ ਬ੍ਰਿਜ ਭੂਸ਼ਣ ਧਵਨ, ਜੱਗਾ ਸਿੰਘ, ਕਾਰਜਕਾਰੀ ਮੈਂਬਰਜ਼ ਦਰਸ਼ਨ ਲਾਲ ਛਾਬੜਾ, ਉਮ ਪ੍ਰਕਾਸ਼ ਗਰੋਵਰ, ਬਚਿੱਤਰ ਸਿੰਘ, ਯਸ਼ਪਾਲ, ਵਿਜੈ ਕੁਮਾਰ, ਵੇਦ ਪ੍ਰਕਾਸ਼ ਧਵਨ, ਮੋਹਨ ਲਾਲ, ਜਗਤਾਰ ਸਿੰਘ, ਪੁਸ਼ਪਲਤਾ, ਨੱਥੂ ਰਾਮ, ਸਰੋਜ਼ ਕੁਮਾਰੀ, ਰਾਮ ਲੁਬਾਈ ਆਗੂਆਂ ਨੇ ਰਲ ਮਿਲ ਕੇ ਪੈਨਸ਼ਨ ਦਿਵਸ ਬੜੇ ਹੀ ਵਧੀਆ ਢੰਗ ਨਾਲ ਮਨਾਇਆ। ਇਸ ਮੌਕੇ ਤੇ ਮੁੱਖ ਮਹਿਮਾਨ ਡਾ: ਸੁਦੇਸ਼ ਕੁਮਾਰ ਬਾਗੀ ਹਸਪਤਾਲ ਨੇ ਬੋਲਦਿਆਂ ਕਿਹਾ ਕਿ ਸਾਨੂੰ ਆਪਣੀ ਸੋਚ ਬਦਲਣ ਦੀ ਜ਼ਰੂਰਤ ਹੈ, ਕਿਉਂਕਿ ਅਸੀਂ ਆਪਣੀ ਉਮਰ ਦੇ ਆਖਰੀ ਪੜਾਅ ਵਿਚ ਹਾਂ ਅਤੇ ਸਾਨੂੰ ਰਲ ਮਿਲ ਕੇ ਇਹੋ ਜਿਹੇ ਖੁਸ਼ੀ ਦੇ ਪਲ ਮਨਾਉਣੇ ਚਾਹੀਦੇ ਹਨ, ਮੈਂ ਆਪ ਜੀ ਨੂੰ ਵਿਸਵਾਸ਼ ਦਿਵਾਉਂਦਾ ਹਾਂ ਕਿ ਜਦੋਂ ਵੀ ਕਿਸੇ ਵੀ ਪੈਨਸ਼ਨਰਜ਼ ਨੂੰ ਕਿਸੇ ਵੇਲੇ ਵੀ ਸਾਡੀ ਜ਼ਰੂਰਤ ਪਵੇ, ਉਹ ਬੇਝਿਝਕ ਆ ਸਕਦੇ ਹਨ, ਉਹ ਆਪਣੀ ਜੇਬ ਵਿਚੋਂ 10 ਹਜ਼ਾਰ ਰੁਪਏ ਪੈਨਸ਼ਨਰਜ਼ ਐਸੋਸੀਏਸ਼ਨ ਨੂੰ ਦਿੱਤੇ। ਇਸ ਮੌਕੇ ਤੇ ਸ੍ਰੀ ਪੀ.ਡੀ ਸ਼ਰਮਾ ਸੀਨੀਅਰ ਸਿਟੀਜਨ ਕੌਂਸਲ ਨੇ ਬੋਲਦਿਆਂ ਕਿਹਾ ਕਿ ਅਸੀਂ ਸਮੇਂ—ਸਮੇਂ ਤੇ ਪੰਜਾਬ ਸਰਕਾਰ ਅਤੇ ਸੈਂਟਰ ਸਰਕਾਰ ਨੂੰ ਚਿੱਠੀਆਂ ਲਿਖ ਚੁੱਕੇ ਹਨ ਕਿ 60 ਸਾਲ ਤੋਂ ਉਪਰ ਹਰ ਮਹਿਕਮੇ ਵਿਚ ਸਰਕਾਰ ਬਜ਼ੁਰਗਾਂ ਦਾ ਕੰਮ ਪਹਿਲ ਦੇ ਆਧਾਰ ਤੇ ਕਰਨ, ਇਸ ਤੋਂ ਇਲਾਵਾ ਜਿਨ੍ਹਾਂ ਬਜੁਰਗਾਂ ਦੇ ਕੇਸ ਜ਼ਿਲ੍ਹਾ ਅਦਾਲਤ, ਪੰਜਾਬ ਐਂਡ ਹਰਿਆਣਾ ਹਾਈਕੋਰਟ ਅਤੇ ਸੁਪਰੀਮ ਕੋਰਟ ਕੇਸ ਚਲਦੇ ਹਨ, ਉਹ ਪਹਿਲ ਦੇ ਆਧਾਰ ਤੇ ਜਲਦੀ ਹੱਲ ਕਰਨ। ਇਸ ਮੌਕੇ ਤੇ 80 ਸਾਲਾ ਉਮਰ ਦੇ 12 ਪੈਨਸ਼ਨਰਜ਼ ਨੂੰ ਸਨਮਾਨਿਤ ਕੀਤਾ ਗਿਆ, ਜਿਨ੍ਹਾਂ ਵਿਚ ਰਾਮ ਲਾਲ, ਰਾਮ ਲੁਭਾਈ, ਮੈਡਮ ਕਮਲੇਸ਼ ਕੁਮਾਰੀ, ਮੈਡਮ ਚਰਨ ਕੌਰ, ਮੈਡਮ ਕਮਲਾ ਰਾਣੀ, ਗੁਰਦਿੱਤਾ ਮੱਲ ਚਾਨਣਾ, ਸ਼ਿਵ ਦਰਸ਼ਨ, ਅਵਤਾਰ ਸਿੰਘ, ਬੂਟਾ ਸਿੰਘ, ਮਨੋਹਰ ਲਾਲ ਪੱਤਰਕਾਰ ਅਤੇ ਡਾ: ਸੁਦੇਸ਼ ਕੁਮਾਰ ਅਤੇ ਡਾ: ਹਿਮਾਸ਼ੀ ਸ਼ਰਮਾ, ਡਾ: ਬਿਰਜੀ ਪੁਰੀ ਤੋਂ ਇਲਾਵਾ ਹੋਰ ਵੀ ਬਹੁਤ ਸਾਥੀਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਅੰਬ ਸਿੰਘ, ਰਮੇਸ਼ ਬਜਾਜ, ਅਸ਼ੋਕ ਚੁੱਘ, ਮੁਖਤਿਆਰ ਸਿੰਘ ਰਿਟਾਇਰਡ ਇੰਸਪੈਕਟਰ ਜ਼ਸਪਾਲ ਸਿੰਘ ਪ੍ਰਧਾਨ ਰਿਟਾਇਰਡ ਪੰਜਾਬ ਪੁਲਿਸ, ਜ਼ਸਵੰਤ ਸਿੰਘ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਮੈਂਬਰ ਹਾਜ਼ਰ ਸਨ। ਇਸ ਮੌਕੇ ਤੇ ਬਹੁਤ ਹੀ ਵਧੀਆ ਲੰਗਰ, ਚਾਹ, ਸਨੈਕਸ ਤੋਂ ਇਲਾਵਾ ਹੋਰ ਵੀ ਬਹੁਤ ਵਧੀਆ ਇੰਤਜਾਮ ਸਨ। ਇਸ ਮੌਕੇ ਤੇ ਸਟੇਜ਼ ਦੀ ਸੇਵਾ ਰਮੇਸ਼ ਗਰੋਵਰ ਜਨਰਲ ਸਕੱਤਰ ਨੇ ਬਹੁਤ ਹੀ ਵਧੀਆ ਢੰਗ ਨਾਲ ਨਿਭਾਈ।

ਗੱਲਬਾਤ ਕਰਦਿਆਂ ਰਮੇਸ਼ ਕੁਮਾਰ ਗਰੋਵਰ ਜਨਰਲ ਸਕੱਤਰ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਪੈਨਸ਼ਨਰਜ਼ ਅਤੇ ਮੁਲਾਜ਼ਮਾਂ ਦੀਆਂ ਸਾਂਝੀਆਂ ਮੰਗਾਂ ਜਿਵੇਂ 242 ਮਹੀਨੇ ਦਾ ਡੀ.ਏ ਦਾ ਬਕਾਇਆ, ਪੰਜਾਬ ਹਰਿਆਣਾ ਹਾਈਕੋਰਟ ਦੇ ਫੈਸਲੇ ਅਨੁਸਾਰ 119 ਫੀਸਦੀ ਡੀ.ਏ ਲਾ ਕੇ ਤਨਖਾਹ ਫਿਕਸ ਕਰਕੇ ਬਕਾਇਆ ਦੇਣਾ, ਪੁਰਾਣੀ ਪੈਨਸ਼ਨ ਬਹਾਲ ਕਰਨੀ, ਕੱਚੇ—ਠੇਕਾ ਆਧਾਰਤ ਕਰਮਚਾਰੀਆਂ ਦੀਆਂ ਸੇਵਾਵਾਂ ਰੈਗੂਲਰ ਕਰਨਾ, ਮੁਫਤ ਸਕੀਮ ਲਾਗੂ ਕਰਨੀ ਅਤੇ ਹੋਰ ਮੰਗਾਂ ਲਾਗੂ ਕੀਤੀਆਂ ਜਾਣ ਤਾਂ ਜ਼ੋ ਸਰਕਾਰੀ ਵਿਭਾਗਾਂ ਵਿਚ ਕੰਮ ਕਰਦੇ ਅਤੇ ਕੰਮ ਕਰ ਚੁੱਕੇ ਕਾਮਿਆਂ ਨੂੰ ਸੰਘਰਸ਼ ਦਾ ਰਾਹ ਅਖਤਿਆਰ ਨਾ ਕਰਨਾ ਪਵੇ।

## ਬਾਬਾ ਬੁੱਢਾ ਸਾਹਿਬ ਅਤੇ ਤਰਨਤਾਰਨ ਦੇ ਸਰਹੱਦੀ ਇਲਾਕੇ ਵਿੱਚ ਜਾਣ ਲਈ ਅੰਮ੍ਰਿਤਸਰ ਤੋਂ ਨਵਾਂ ਬਾਈਪਾਸ ਬਨਾਉਣ ਦੀ ਈ ਟੀ ਓ ਨੇ ਕੀਤੀ ਸ਼ੁਰੂਆਤ

# ਅੰਮ੍ਰਿਤਸਰ-ਤਰਨਤਾਰਨ ਰੋਡ ਵੀ ਛੇਤੀ ਚੌੜੀ ਹੋਵੇਗੀ -ਨਿੱਜਰ



ਜੰਡਿਆਲਾ ਗੁਰੂ , 21 ਦਸੰਬਰ ( ਕੁਲਵੰਤ ਸਿੰਘ ਵਿਰਦੀ ) ਜਲੰਧਰ ਵਾਲੇ ਪਾਸੇ ਤੋਂ ਬਾਬਾ ਬੁੱਢਾ ਸਾਹਿਬ ਅਤੇ ਤਰਨਤਾਰਨ ਦੇ ਸਰਹੱਦੀ ਇਲਾਕੇ ਵਿੱਚ ਜਾਣ ਲਈ ਨਵਾਂ ਰਸਤਾ ਬਨਾਉਣ ਦੀ ਸ਼ੁਰੂਆਤ ਅੱਜ ਲੋਕ ਨਿਰਮਾਣ ਵਿਭਾਗ ਦੇ ਕੈਬਨਿਟ ਮੰਤਰੀ ਸ ਹਰਭਜਨ ਸਿੰਘ ਈਟੀਓ ਨੇ ਕੀਤੀ। ਇਸ ਮੌਕੇ ਬਾਬਾ ਦਰਸ਼ਨ ਸਿੰਘ ਟਾਹਲਾ ਸਾਹਿਬ ਵਾਲੇ ਵੀ ਵਿਸ਼ੇਸ਼ ਤੌਰ ਉੱਤੇ ਹਾਜ਼ਰ ਹੋਏ।

ਇਸ ਮੌਕੇ ਕੈਬਨਿਟ ਮੰਤਰੀ ਨੇ ਦੱਸਿਆ ਕਿ ਪੰਜਾਬ ਦੇ ਵੱਡੇ ਇਲਾਕੇ ਵਿੱਚੋਂ ਬਾਬਾ ਬੁੱਢਾ ਸਾਹਿਬ ਜਾਣ ਵਾਲੇ ਲੱਖਾਂ ਦੀ ਗਿਣਤੀ ਵਿੱਚ ਸ਼ਰਧਾਲੂ, ਤਰਨਤਾਰਨ ਦੇ ਸਰਹੱਦੀ ਇਲਾਕੇ ਤੋਂ ਬਾਬਾ ਦੀਪ ਸਿੰਘ ਜੀ ਦੇ ਅਸਥਾਨ ਗੁਰਦੁਆਰਾ ਸ਼ਹੀਦਾਂ ਸਾਹਿਬ ਆਉਣ ਵਾਲੇ ਸ਼ਰਧਾਲੂਆਂ ਅਤੇ ਹੋਰ ਲੋਕਾਂ ਦੀ ਲੋੜ ਨੂੰ ਸਮਝਦੇ ਹੋਏ ਅੰਮ੍ਰਿਤਸਰ ਤਰਨਤਾਰਨ ਮੌਜੂਦਾ ਸੜਕ ਤੋਂ ਇਸ ਨਵੀਂ ਸੜਕ ਦਾ ਨਿਰਮਾਣ ਕੀਤਾ ਜਾਵੇਗਾ, ਜੋ ਕਿ ਬੋਹੜੂ ਅੱਡੇ ਨਾਲ ਜੁੜ ਜਾਵੇਗੀ। ਉਹਨਾਂ ਦੱਸਿਆ ਕਿ ਪੁਰਾਣੀ ਅੰਮ੍ਰਿਤਸਰ ਤਰਨਤਾਰਨ ਸੜਕ ਉੱਪਰ ਬਣੇ ਰੋਟਰੀ ਵਾਲੇ ਪੁੱਲ ਦਾ ਨਿਰਮਾਣ ਪਹਿਲਾਂ ਮੁਕੰਮਲ ਕੀਤਾ ਜਾ ਚੁੱਕਾ ਹੈ ਅਤੇ ਇਸ ਅਧੀਨ ਇਸ ਦੇ ਤਿੰਨ ਪਾਸਿਆਂ ਦੇ ਪੁਲ ਮੁਕੰਮਲ ਹੋ ਚੁੱਕੇ ਸਨ ਪਰ ਚੌਥਾ ਪਾਸਾ ਜੋ ਕਿ ਝਬਾਲ ਵਾਲੀ ਸੜਕ ਨਾਲ ਜੁੜਨਾ ਸੀ, ਉਹ ਲੰਬਿਤ ਪਿਆ ਸੀ। ਉਹਨਾਂ ਦੱਸਿਆ ਕਿ ਹੁਣ ਸ਼ਰਧਾਲੂਆਂ ਦੀ ਲੋੜ ਅਤੇ ਸ਼ਹਿਰ ਵਿੱਚ ਵੱਧ ਰਹੀ ਟਰੈਫਿਕ ਦੀ ਸਮੱਸਿਆ ਨੂੰ ਦੇਖਦੇ ਹੋਏ ਇਸ ਰੋਟਰੀ ਦੀ ਚੌਥੇ ਪਾਸੇ ਨੂੰ ਪੂਰਾ ਕੀਤਾ ਜਾਵੇਗਾ। ਉਹਨਾਂ ਦੱਸਿਆ ਕਿ ਲੋਕ ਨਿਰਮਾਣ ਵਿਭਾਗ ਪੰਜਾਬ ਵੱਲੋਂ ਇਸ ਚੌਥੇ ਪਾਸੇ ਦੀ ਉਸਾਰੀ ਦਾ ਕੰਮ ਸ਼ੁਰੂ ਕੀਤਾ ਜਾ ਰਿਹਾ ਹੈ, ਜਿਸ ਅਧੀਨ 550 ਮੀਟਰ ਲੰਬੇ ਰੇਲਵੇ ਓਵਰ ਬ੍ਰਿਜ ਦਾ ਨਿਰਮਾਣ ਕੀਤਾ ਜਾਵੇਗਾ ਅਤੇ ਉਸ ਤੋਂ ਅੱਗੇ ਲਗਭਗ 5.49 ਕਿਲੋਮੀਟਰ ਸੜਕ ਬਣਾਈ ਜਾਵੇਗੀ। ਉਹਨਾਂ ਦੱਸਿਆ ਕਿ ਇਹ ਸੜਕ ਇਥੋਂ ਸਿੱਧੀ ਝਬਾਲ ਰੋਡ ਉੱਤੇ ਪੈਂਦੇ ਬੋਹੜੂ ਅੱਡੇ ਨਾਲ ਜੁੜ ਜਾਵੇਗੀ, ਜਿਸ ਨਾਲ ਅੰਮ੍ਰਿਤਸਰ ਸ਼ਹਿਰ ਤੋਂ ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਜੀ ਅਤੇ ਸਰਹੱਦੀ ਇਲਾਕੇ ਜਿਵੇਂ ਕਿ ਵਲਟੋਹਾ, ਝਬਾਲ, ਭਿੱਖੀਵਿੰਡ, ਖੇਮਕਰਨ ਆਦਿ ਜਾਣ ਵਾਲੇ ਯਾਤਰੀਆਂ ਦਾ ਰਸਤਾ ਸੁਖਾਲਾ ਹੋ ਜਾਵੇਗਾ। ਇਸ ਨਾਲ ਸਮਾਂ ਤੇ ਡੀਜ਼ਲ ਦੀ ਬਚਤ ਵੀ ਹੋਵੇਗੀ। ਉਹਨਾਂ ਨੇ ਦੱਸਿਆ ਕਿ ਇਹ ਸੜਕ ਅੰਮ੍ਰਿਤਸਰ ਸ਼ਹਿਰ ਦੇ ਬਾਈਪਾਸ ਵਜੋਂ ਵੀ ਕੰਮ ਕਰੇਗੀ। ਕੈਬਨਿਟ ਮੰਤਰੀ ਨੇ ਦੱਸਿਆ ਕਿ ਇਸ ਪ੍ਰੋਜੈਕਟ ਦੇ ਨਿਰਮਾਣ ਉੱਤੇ ਲਗਭਗ 55 ਕਰੋੜ ਰੁਪਏ ਦੀ ਲਾਗਤ ਆਵੇਗੀ ਅਤੇ ਦੋ ਸਾਲ ਦੇ ਸਮੇਂ ਵਿੱਚ ਪੂਰਾ ਹੋ ਜਾਵੇਗਾ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹਲਕਾ ਅੰਮ੍ਰਿਤਸਰ ਦੱਖਣੀ ਦੇ ਵਿਧਾਇਕ ਡਾਕਟਰ ਇੰਦਰਵੀਰ ਸਿੰਘ ਨਿਜਰ ਨੇ ਦੱਸਿਆ ਕਿ ਇਸ ਤੋਂ ਪਹਿਲਾਂ ਅੰਮ੍ਰਿਤਸਰ ਤਰਨਤਾਰਨ ਮੌਜੂਦਾ ਸੜਕ ਨੂੰ ਚੌੜਾ ਕਰਨ ਦਾ ਕੰਮ ਸ਼ੁਰੂ ਕੀਤਾ ਜਾ ਚੁੱਕਾ ਹੈ, ਜੋ ਕਿ ਛੇਤੀ ਹੀ ਮੁਕੰਮਲ ਕਰ ਲਈ ਜਾਵੇਗੀ। ਉਹਨਾਂ ਕਿਹਾ ਕਿ ਇਸ ਸੜਕ ਦੇ ਬਣਨ ਨਾਲ ਦੋਵਾਂ ਸ਼ਹਿਰਾਂ ਦਾ ਸੰਪਰਕ ਸੁਖਾਲਾ ਹੋਵੇਗਾ। ਇਸ ਮੌਕੇ ਮੇਅਰ ਸ ਜਤਿੰਦਰ ਸਿੰਘ ਮੋਤੀ ਭਾਟੀਆ ਨੇ ਦੱਸਿਆ ਕਿ ਗੁਰਦੁਆਰਾ ਬਾਬਾ ਸ਼ਹੀਦਾਂ ਸਾਹਿਬ ਨੂੰ ਜਾਣ ਵਾਲੀ ਸੜਕ ਵੀ ਨਿਰਮਾਣ ਅਧੀਨ ਹੈ ਅਤੇ ਛੇਤੀ ਹੀ ਇਸਨੂੰ ਮੁਕੰਮਲ ਕਰ ਲਿਆ ਜਾਵੇਗਾ। ਇਸ ਮੌਕੇ ਪੀ ਏ ਨਵਨੀਤ ਕੁਮਾਰ, ਮਨਪ੍ਰੀਤ ਸਿੰਘ, ਕੰਵਲਬੀਰ ਸਿੰਘ, ਨੰਬਰਦਾਰ ਇੰਦਰਜੀਤ ਸਿੰਘ, ਮਨਜੀਤ ਸਿੰਘ ਫੌਜੀ, ਰਵੀਸ਼ੇਰ ਸਿੰਘ ਖਾਲਸਾ, ਜੋਗਿੰਦਰਪਾਲ ਸਿੰਘ ਘੋਗਾ, ਹਿੰਮਤ ਸਿੰਘ, ਜਸਵੰਤ ਸਿੰਘ ਪੱਖੋਕੇ, ਪ੍ਰਿਸੀਪਲ ਮੋਹਨ ਸਿੰਘ, ਰਜਿੰਦਰ ਸਿੰਘ ਜੇਈ, ਬਲਜੀਤ ਸਿੰਘ ਰਿੰਕੂ, ਗੁਰਜੰਟ ਸਿੰਘ ਸ਼ਾਹ, ਭੁਪਿੰਦਰ ਸਿੰਘ, ਸੁਖਵਿੰਦਰ ਸਿੰਘ ਬੋਬੀ, ਸਰਬਜੀਤ ਸਿੰਘ, ਗੁਰਜੰਟ ਸਿੰਘ ਚੀਟੂ, ਜਗਜੀਤ ਸਿੰਘ ਜੱਗਾ, ਰਣਜੀਤ ਸਿੰਘ, ਕੁਲਦੀਪ ਸਿੰਘ ਢਿੱਲੋਂ ਆਦਿ ਹਾਜ਼ਰ ਸਨ ।

## ਐੱਸਐੱਮਓ ਤਲਵੰਡੀ ਸਾਬੋ ਵੱਲੋਂ ਪੰਜਾਬ ਸਿਹਤ ਕਾਰਪੋਰੇਸ਼ਨ ਦੇ ਨਵ ਨਿਯੁਕਤ ਡਾਇਰੈਕਟਰ ਡਾ. ਸੁਨੀਲ ਬਾਂਸਲ ਨੂੰ ਪਦ ਉੱਨਤੀ ਦੀਆਂ ਦਿੱਤੀਆਂ ਵਧਾਈਆਂ

# ਡਾਇਰੈਕਟਰ ਸਿਹਤ ਕਾਰਪੋਰੇਸ਼ਨ ਡਾ. ਸੁਨੀਲ ਬਾਂਸਲ ਵੱਲੋਂ ਬਲਾਕ ਤਲਵੰਡੀ ਸਾਬੋ ਨੂੰ ਹਰੇਕ ਖੇਤਰ ਮਦਦ ਕਰਨ ਦਾ ਦਿੱਤਾ ਭਰੋਸਾ



ਤਲਵੰਡੀ ਸਾਬੋ, 21 ਦਸੰਬਰ (ਗੁਰਜੰਟ ਸਿੰਘ ਨਥੇਹਾ)- ਅੱਜ ਸ਼ਹੀਦ ਬਾਬਾ ਦੀਪ ਸਿੰਘ ਸਿਵਲ ਹਸਪਤਾਲ ਤਲਵੰਡੀ ਸਾਬੋ ਦੇ ਐੱਸਐੱਮਓ ਡਾ. ਰਵੀ ਕਾਂਤ ਗੁਪਤਾਵੱਲੋਂ ਪ੍ਰੈੱਸ ਨੂੰ ਮੁਖ਼ਾਤਿਬ ਹੁੰਦੇ ਹੋਏ ਜਾਣਕਾਰੀ ਦਿੱਤੀ ਗਈ ਕਿ ਉਹਨਾਂ ਦੇ ਵੱਲੋਂ ਪੰਜਾਬ ਸਿਹਤ ਕਾਰਪੋਰੇਸ਼ਨ ਪੰਜਾਬ ਦੇ ਨਵੇਂ ਪਦ ਉੱਨਤ ਡਾ. ਸੁਨੀਲ ਬਾਂਸਲ ਜੀ ਨਾਲ ਉਹਨਾਂ ਦੀ ਰਿਹਾਇਸ਼ ਚੰਡੀਗੜ੍ਹ ਵਿਖੇ ਪਹੁੰਚ ਕਰਕੇ ਉਹਨਾਂ ਨੂੰ ਬਤੌਰ ਡਾਇਰੈਕਟਰ ਦਾ ਚਾਰਜ ਸੰਭਾਲਣ ਉੱਪਰ ਵਿਸੇਸ ਨਿੱਜੀ ਤੌਰ 'ਤੇ ਪਹੁੰਚ ਕਰਕੇ ਵਧਾਈਆਂ ਦਿੱਤੀਆਂ ਗਈਆਂ ਅਤੇ ਉਹਨਾ ਦਾ ਸਨਮਾਨ ਕੀਤਾ ਗਿਆ। ਐੱਸਐੱਮਓ ਡਾ. ਗੁਪਤਾ ਨੇ ਦੱਸਿਆ ਕਿ ਉਹਨਾਂ ਦੇ ਨਾਲ ਮਿਲਣੀ ਦੌਰਾਨ ਸਬ ਡਵੀਜਨਲ ਹਸਪਤਾਲ ਤਲਵੰਡੀ ਸਾਬੋ ਦੇ ਹਲਾਤਾਂ ਬਾਰੇ ਵੀ ਚਰਚਾ ਕੀਤੀ ਗਈ ਅਤੇ ਹਸਪਤਾਲ ਦੇ ਵਿੱਚ ਚੱਲ ਰਹੇ ਵਿਕਾਸਸੀਲ ਕਾਰਜਾਂ ਬਾਰੇ ਚਾਨਣਾ ਪਾਇਆ ਗਿਆ। ਉਹਨਾਂ ਦੱਸਿਆ ਗਿਆ ਕਿ ਡਾਇਰੈਕਟਰ ਸਾਹਿਬ ਦੇ ਸਾਹਮਣੇ ਸਬ ਡਵੀਜ਼ਨਲ ਹਸਪਤਾਲ ਤਲਵੰਡੀ ਸਾਬੋ ਦੇ ਲਈ ਸਮਾਨ, ਸਟਾਫ ਅਤੇ ਬਿਲਡਿੰਗ ਦੇ ਲਈ ਸਹਿਯੋਗ ਦੀ ਮੰਗ ਕੀਤੀ ਗਈ ਜਿਸ 'ਤੇ ਡਾਇਰੈਕਟਰ ਡਾ. ਸੁਨੀਲ ਬਾਂਸਲ ਵੱਲੋਂ ਐੱਸਐੱਮਓ ਡਾ. ਗੁਪਤਾ ਨੂੰ ਪੂਰਨ ਵਿਸ਼ਵਾਸ ਦਿਵਾਇਆ ਅਤੇ ਕਿਹਾ ਕਿ ਉਹ ਪੂਰਨ ਤੌਰ 'ਤੇ ਉਹਨਾਂ ਨਾਲ ਸਹਿਮਤ ਹਨ ਅਤੇ ਉਹ ਹਰ ਸੰਭਵ ਕੋਸ਼ਿਸ਼ ਕਰਕੇ ਉਹਨਾਂ ਦੀਆਂ ਮੰਗਾਂ ਦੇ ਪ੍ਰਤੀ ਪੂਰਾ ਧਿਆਨ ਦੇ ਕੇ ਉਹਨਾਂ ਨੂੰ ਜਲਦ ਹੀ ਪੂਰਾ ਕਰਨਗੇ। ਡਾ. ਰਵੀ ਕਾਂਤ ਗੁਪਤਾ ਨੇ ਦੱਸਿਆ ਕਿ ਉਹ ਸਾਡੇ ਬਲਾਕ ਦੇ ਕੰਮਾਂ ਤੋਂ ਬਹੁਤ ਖੁਸ਼ ਹਨ ਅਤੇ ਸਾਡੇ ਨਾਲ ਪੂਰਨ ਸਹਿਯੋਗ ਦੇਣ ਦੇ ਲਈ ਤਿਆਰ ਬਰ ਤਿਆਰ ਹਨ ਉਹਨਾਂ ਦੱਸਿਆ ਕਿ ਇਹ ਮਿਲਣੀ ਸਬ ਡਵੀਜ਼ਨਲ ਹਸਪਤਾਲ ਤਲਵੰਡੀ ਸਾਬੋ ਦੇ ਲਈ ਬਹੁਤ ਹੀ ਵਧੀਆ ਸਾਬਿਤ ਹੋਵੇਗੀ।

# ਸੰਪਰਦਾਵਾ ਟਕਸਾਲ ਸਮੇਤ ਸੁਖਬੀਰ ਬਾਦਲ ਨਾਲ ਜੋੜਨ ਲਈ ਕਲੈਂਡਰ ਦਾ ਕਮੇਟੀ ਪਤਾ ਖੇਡੇਗੀ—ਬੰਡਾਲਾ



ਫ਼ਿਰੋਜ਼ਪੁਰ, 21 ਦਸੰਬਰ (ਮਨੋਹਰ ਲਾਲ) :— ਦਮਦਮੀ ਟਕਸਾਲ ਦੇ ਜਥੇਦਾਰ ਗੁਰਨਾਮ ਸਿੰਘ ਬੰਡਾਲਾ ਨੇ ਪੰਥ ਨੂੰ ਸੁਚੇਤ ਕੀਤਾ ਕਿ ਸ਼੍ਰੋਮਣੀ ਕਮੇਟੀ ਜਦੋਂ ਦੀ ਹੋਂਦ ਵਿਚ ਆਈ ਇਸ ਦਾ ਪ੍ਰਧਾਨ ਵਿਕਾਰਾਂ ਤੋਂ ਮੁਕਤ ਸਵਾਸ—ਸਵਾਸ ਨਾਮ ਜਪਨ ਨਹੀਂ ਬਣ ਸਕਿਆ, ਸ਼ਰੋਮਣੀ ਕਮੇਟੀ ਵੋਟਾਂ ਦੀ ਵਿਧੀ ਕਾਰਨ ਸਿਆਸੀ ਲੋਕਾਂ ਦੀ ਮੁੱਠ ਵਿਚ ਚਲਦੀ ਹੈ। ਜਥੇਦਾਰ ਬੰਡਾਲਾ ਨੇ ਕਿਹਾ ਕਿ ਸਿੱਖਾਂ ਦੀਆਂ ਸਿਆਸੀ ਪਾਰਟੀਆਂ ਦਾ ਅਸਲੀ ਰਾਜਨੀਤਕ ਧੁਰਾ ਹਿੰਦੂ ਰਾਜ ਦੀਆਂ ਸਰਕਾਰੀ ਏਜੰਸੀਆਂ ਹਨ, ਸਿੱਖ ਆਪਣੀ ਮਰਜੀ ਅਨੁਸਾਰ ਆਪਣੇ ਸਿੱਖ ਧਰਮ ਨੂੰ ਪ੍ਰਫੁਲਤ ਨਹੀਂ ਕਰ ਸਕਦੇ ਪੁਰਾਤਨ ਇਤਹਾਸਕ ਸਿਧਾਂਤਾ ਅਨੁਸਾਰ ਜੇਕਰ ਸਿੱਖ ਅਪਨਾ ਜੀਵਨ ਢਾਲ ਕੇ ਨਾਮ ਦੀ ਕਮਾਈ ਕਰਕੇ ਜੇ ਸਿਰੀ ਆਕਾਲ ਤਖਤ ਸਾਹਿਬ ਤੇ ਆਉਂਦੇ ਹਨ ਤਾਂ ਸ਼ਰੋਮਣੀ ਕਮੇਟੀ ਨਾਰਾਇਣੂ ਮਹੰਤ ਵਾਂਗ ਪੁਲਿਸ ਤੋਂ ਡਾਗਾਂ ਮਰਵਾਉਂਦੀ ਹੈ ਸਖਤ ਕਨੂੰਨ ਹੇਠ ਅੱਤਵਾਦੀ ਖਿਤਾਬ ਦੇਕੇ ਦੂਰ ਜੇਲ੍ਹਾਂ ਵਿੱਚ ਸੁਟਾ ਦਿੰਦੀ ਹੈ। ਗੱਲਬਾਤ ਕਰਦਿਆਂ ਜਥੇਦਾਰ ਬੰਡਾਲਾ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਦਾ ਪ੍ਰਧਾਨ ਐਸ.ਐਸ.ਪੀ ਵਾਂਗ ਹਿੰਦੂ ਏਜੰਸੀਆਂ ਅਨੁਸਾਰ ਕਮੇਟੀ ਦੀ ਅਗਵਾਈ ਕਰਦਾ ਹੈ ਮਤਾ ਸੋਚੋ ਇਹ ਧਾਰਮਿਕ ਹਨ ਹੁਣ ਸ਼ਰੋਮਣੀ ਕਮੇਟੀ ਦਾ ਜੋਰ ਲਗ ਰਿਹਾ ਜੋ ਪੰਥਕ ਸਪਰਦਾਵਾਂ ਸੁਖਬੀਰ ਬਾਦਲ ਦੀਆਂ ਗਲਤ ਨੀਤੀਆਂ ਕਾਰਨ ਟੁਟੀਆਂ ਹਨ, ਉਨ੍ਹਾਂ ਨੂੰ ਕਿਸੇ ਤਰੀਕੇ ਸੁਖਬੀਰ ਬਾਦਲ ਦੀ ਬੁੱਕਲ ਵਿਚ ਲਿਆਂਦਾ ਜਾਵੇ, ਪਹਿਲਾ ਡਰਾਮਾ ਤਖਤ ਸਾਹਿਬ ਤੋਂ ਗੁਰਬਚਨ ਸਿੰਘ ਤੇ ਵਿਰਸੇ ਵਲਟੋਹਾ ਦਾ ਖੇਡਿਆ ਗਿਆ ਅਗਲਾ ਪੁਰੇਵਾਲ ਕਾਮਰੇਡ ਦਾ ਗੁਰਬਾਣੀ ਦੇ ਮੂਲ ਅਧਾਰ ਤੋਂ ਉਲਟ ਕਲੈਂਡਰ ਹੈ ਉਸ ਦਾ ਵਿਵਾਦ ਛੇੜ ਕੇ ਦਮਦਮੀ ਟਕਸਾਲ ਸੰਪਰਦਾਵਾਂ ਤੇ ਦਬਾਅ ਬਣਾਇਆ ਜਾਵੇਗਾ। ਜਥੇਦਾਰ ਬੰਡਾਲਾ ਨੇ ਕਿਹਾ ਕਿ ਹਰਜਿੰਦਰ ਸਿੰਘ ਧਾਮੀ ਦੀ ਚੁੱਪੀ ਵਿਚ ਸੁਖਬੀਰ ਬਾਦਲ ਬੈਠਾ ਹੈ ਗੁਰੂ ਨਾਨਕ ਦੇਵ ਜੀ ਗੁਰੂ ਅਰਜਨ ਦੇਵ ਜੀ ਬਾਰਹਾ ਮਾਹ ਥਿਤਾ ਵਾਰ ਕਲੈਂਡਰ ਸਿੱਖ ਕੌਮ ਨੂੰ ਨਾਨਕ ਸੰਮਤ ਕਲੈਂਡਰ ਦੇ ਕੇ ਗਏ ਹਨ ਮਿਸ਼ਨਰੀ ਕਾਮਰੇਡ ਲਾਣਾ ਸੂਰਜ ਚੰਦਰਮਾ ਦੀ ਰੌਸ਼ਨੀ ਇਹ ਅਖੌਤੀ ਸਿੱਖ ਮਾਨਦੇ ਹਨ ਇਹ ਕੁਦਰਤੀ ਸਰੋਤ ਨੂੰ ਹਿੰਦੂ ਧਰਮ ਦੀ ਜਾਇਦਾਦ ਬਣਾ ਰਹੇ ਹਨ, ਸ਼੍ਰੋਮਣੀ ਕਮੇਟੀ ਨੇ ਗੁਰਬਾਣੀ ਰਹਿਤ ਦੀ ਬਹੁਤ ਵੱਡ ਕੱਟ ਕੀਤੀ ਹੈ ਪਰਮੇਸ਼ਰ ਇਸ ਨੂੰ ਇਤਹਾਸ ਵਿਚ ਗਦਾਰੀ ਦਾ ਖਿਤਾਬ ਦੇ ਰਿਹਾ ਇਸ ਦੇ ਪ੍ਰਚਾਰ ਦਾ ਸਿੱਖ ਕੌਮ ਤੇ ਕੋਈ ਅਸਰ ਨਹੀਂ ਹੋ ਰਿਹਾ।

# ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਵਿਧਾਨ ਸਭਾ ਹਲਕਾ ਇੰਚਾਰਜਾਂ ਦੀ ਪਹਿਲੀ ਸੂਚੀ ਜਾਰੀ







**ਅੰਮ੍ਰਿਤਸਰ 21 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਵਾਰਿਸ ਪੰਜਾਬ ਦੇ ਸਟੇਟ ਮੀਡੀਆ ਇੰਚਾਰਜ ਭਾਈ ਸ਼ਮਸ਼ੇਰ ਸਿੰਘ ਪੱਧਰੀ ਵੱਲੋਂ ਜਾਰੀ ਕੀਤੇ ਪ੍ਰੈਸ ਨੋਟ ਵਿੱਚ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਖਾਲਸਾ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਨੇ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਪਾਰਟੀ ਦੇ ਢਾਂਚੇ ਨੂੰ ਮਜ਼ਬੂਤ ਕਰਨ ਲਈ ਵਿਧਾਨ ਸਭਾ ਹਲਕਾ ਇੰਚਾਰਜਾਂ ਦੀ ਪਹਿਲੀ ਸੂਚੀ ਜਾਰੀ ਕੀਤੀ ਗਈ ਹੈ। ਜਿਸ ਅਨੁਸਾਰ ਭਾਈ ਜੁਗਰਾਜ ਸਿੰਘ ਲਾਲੇਨੰਗਲ ਨੂੰ ਵਿਧਾਨ ਸਭਾ ਹਲਕਾ ਫ਼ਤਹਿਗੜ੍ਹ ਚੂੜੀਆਂ, ਭਾਈ ਅਜੇਪਾਲ ਸਿੰਘ ਢਿਲੋਂ ਨੂੰ ਗੁਰਦਾਸਪੁਰ, ਭਾਈ ਸਰਬਜੀਤ ਸਿੰਘ ਖ਼ਾਨਪੁਰ ਨੂੰ ਬਾਬਾ ਬਕਾਲਾ, ਭਾਈ ਗੁਰਪ੍ਰੀਤ ਸਿੰਘ ਘਾਂਗਾ ਨੂੰ ਜਲਾਲਾਬਾਦ ਅਤੇ ਅਡਵੋਕੇਟ ਇਮਾਨ ਸਿੰਘ ਖਾਰਾ ਨੂੰ ਸਰਦੂਲਗੜ ? ਦਾ ਹਲਕਾ ਇੰਚਾਰਜ ਨਿਯੁਕਤ ਕੀਤਾ ਗਿਆ ਹੈ। ਬਾਪੂ ਤਰਸੇਮ ਸਿੰਘ ਜੀ ਨੇ ਕਿਹਾ ਕਿ ਪਾਰਟੀ ਨੂੰ ਪੂਰਾ ਭਰੋਸਾ ਹੈ ਕਿ ਨਵੀਂ ਜ਼ਿੰਮੇਵਾਰੀਆਂ ਸੌਂਪੇ ਗਏ ਸਾਰੇ ਸਾਥੀ ਪੰਥਕ ਸੋਚ, ਇਨਸਾਫ਼ਪਸੰਦ ਰਾਜਨੀਤੀ ਅਤੇ ਪੰਜਾਬ ਦੇ ਲੋਕਾਂ ਦੇ ਹੱਕਾਂ ਦੀ ਰੱਖਿਆ ਲਈ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਕੰਮ ਕਰਨਗੇ ਅਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਸੰਘਰਸ਼ ਨੂੰ ਹਰ ਪਿੰਡ ਅਤੇ ਹਰ ਵਰਗ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਉਣਗੇ।

ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਪੋਹ ਦੇ ਸ਼ਹੀਦਾਂ ਦੀ ਯਾਦ ਨੂੰ ਸਮਰਪਿਤ ਸਾਹਿਤਕ ਸਮਾਗਮ

# ਪਹਿਲਾ ਮਾਤਾ ਸੁਰਜੀਤ ਕੌਰ "ਜੋਧੇ" ਐਵਾਰਡ ਡਾ: ਰਘਬੀਰ ਕੌਰ ਦੀ ਝੋਲੀ



**ਚੌਕ ਮਹਿਤਾ, 21 ਦਸੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਅੱਜ ਇੱਥੇ ਪਿਛਲੇ 40 ਸਾਲਾਂ ਤੋਂ ਨਿਰੰਤਰ ਸਾਹਿਤਕ ਸਮਾਗਮਾਂ ਰਾਹੀਂ ਪੰਜਾਬੀ ਮਾਂ ਬੋਲੀ ਦੀ ਸੇਵਾ ਵਿੱਚ ਜੁੱਟੀ ਚਰਚਿੱਤ ਸਾਹਿਤਕ ਸੰਸਥਾ, ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਹਿਯੋਗ ਨਾਲ ਪੋਹ ਦੇ ਸ਼ਹੀਦਾਂ ਦੀ ਯਾਦ ਨੂੰ ਸਮਰਪਿਤ ਸਾਹਿਤਕ ਸਮਾਗਮ ਮੀਟਿੰਗ ਹਾਲ, ਬਾਬਾ ਮੱਖਣ ਸ਼ਾਹ ਲੁਬਾਣਾ ਸਰਾਂ, ਬਾਬਾ ਬਕਾਲਾ ਸਾਹਿਬ ਵਿਖੇ ਕਰਵਾਇਆ ਗਿਆ । ਇਸ ਮੌਕੇ ਸਮਾਗਮ ਵਿੱਚ ਸਾਬਕਾ ਵਿਧਾਇਕ ਜਥੇਦਾਰ ਬਲਜੀਤ ਸਿੰਘ ਜਲਾਲ ਉਸਮਾ ਮੈਂਬਰ ਸ਼੍ਰੋਮਣੀ ਕਮੇਟੀ ਅਤੇ ਭਾਈ ਗੁਰਪ੍ਰੀਤ ਸਿੰਘ ਮੱਲੇਵਾਲ ਮੈਨੇਜਰ ਗੁ: ਨੌਵੀਂ ਪਾਤਸ਼ਾਹੀ ਬਤੌਰ ਮੁੱਖ ਮਹਿਮਾਨ ਵਜੋਂ ਪੁਜੇ, ਜਦਕਿ ਪ੍ਰਧਾਨਗੀ ਮੰਡਲ ਵਿੱਚ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ ਸ਼ੇਲਿੰਦਰਜੀਤ ਸਿੰਘ ਰਾਜਨ, ਡਾ: ਰਘਬੀਰ ਕੌਰ (ਸਾਬਕਾ ਮੁਖੀ ਪੰਜਾਬੀ ਵਿਭਾਗ ਗੁਰੂ ਨਾਨਕ ਦੇਵ ਯੂਨੀਵਰਸਿਟੀ ਲੱਧੇਵਾਲੀ (ਜਲੰਧਰ), ਪ੍ਰੋ: ਹਰਮੇਸ਼ ਕੌਰ ਜੋਧੇ ਸਾ: ਜ਼ਿਲ੍ਹਾ ਭਾਸ਼ਾ ਅਫਸਰ, ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ (ਮਹਿਲਾ ਵਿੰਗ) ਦੀ ਪ੍ਰਧਾਨ ਸੁਖਵੰਤ ਕੌਰ ਵੱਸੀ, ਗਾਇਕ ਮਨਜੀਤ ਪੱਪੂ, ਸੁਖਦੇਵ ਸਿੰਘ ਭੁੱਲਰ ਸੀ: ਮੈਨੇਜਰ ਪੰਜਾਬ ਸਕੂਲ ਸਿਖਿਆ ਬੋਰਡ, ਮੱਖਣ ਭੈਣੀਵਾਲਾ ਸਾਬਕਾ ਬੀ.ਈ.ਓ. ਅਤੇ ਸਰਬਪ੍ਰੀਤ ਸਿੰਘ ਸੰਧੂ ਆਦਿ ਸ਼ੁਸ਼ੋਭਿਤ ਹੋਏ । ਇਸ ਮੌਕੇ ਪ੍ਰੋ: ਹਰਮੇਸ਼ ਕੌਰ ਜੋਧੇ ਦੀ ਮਾਤਾ ਸੁਰਜੀਤ ਕੌਰ ਜੋਧੇ ਦੀ ਯਾਦ ਵਿੱਚ ਪਹਿਲਾ ਯਾਦਗਾਰੀ ਐਵਾਰਡ, ਡਾ: ਰਘਬੀਰ ਕੌਰ (ਸਾਬਕਾ ਮੁਖੀ ਪੰਜਾਬੀ ਵਿਭਾਗ ਗੁਰੂ ਨਾਨਕ ਦੇਵ ਯੂਨੀਵਰਸਿਟੀ ਜਲੰਧਰ ਨੂੰ ਦਿੱਤਾ ਗਿਆ । ਮੰਚ ਦਾ ਸੰਚਾਲਨ ਸਭਾ ਦੇ ਮੁੱਖ ਸੰਚਾਲਕ ਸ਼ੇਲਿੰਦਰਜੀਤ ਸਿੰਘ ਰਾਜਨ ਨੇ ਬਾਖੂਬੀ ਨਿਭਾਇਆ । ਇਸ ਦੌਰਾਨ ਸ਼ਹੀਦਾਂ ਨੂੰ ਸਮਰਪਿਤ ਹੋਏ ਕਵੀ ਦਰਬਾਰ ਵਿੱਚ ਬਲਵਿੰਦਰ ਕੌਰ ਸਰਘੀ, ਰਾਜਵਿੰਦਰ ਕੌਰ ਰਾਜ, ਗੁਰਮੀਤ ਕੌਰ ਬੱਲ, ਨਵਜੋਤ ਕੌਰ, ਰਵਿੰਦਰ ਕੌਰ, ਮੁਸਕਾਨਪ੍ਰੀਤ ਕੌਰ ਜੋਧੇ, ਅਮਨ ਢਿੱਲੋਂ ਕਸੇਲ, ਹਰਵਿੰਦਰ ਕੌਰ ਬਾਠ, ਸਿਮਰਨਜੀਤ ਕੌਰ ਮਾਹਲਾ, ਦਰਸ਼ਨ ਕੌਰ, ਪਰਮਜੀਤ ਕੌਰ, ਜਸਮੇਲ ਸਿੰਘ ਜੋਧੇ, ਰਾਮ ਸਿੰਘ ਸੋਖੀ ਜੋਧੇ, ਅਜੀਤ ਸਿੰਘ ਸਠਿਆਲਵੀ, ਪ੍ਰੇਮਪਾਲ ਸਿੰਘ ਰਈਆ, ਸਰਵਪ੍ਰੀਤ ਸਿੰਘ, ਆਨੰਦ ਸੰਤੋਖ ਸਿੰਘ, ਸਰਬਜੀਤ ਸਿੰਘ ਪੱਡਾ, ਨਵਦੀਪ ਸਿੰਘ ਬਦੇਸ਼ਾ, ਮਾ: ਬਲਬੀਰ ਸਿੰਘ ਬੀਰ ਬੋਲੇਵਾਲੀਆ, ਗੁਰਪ੍ਰੀਤ ਸਿੰਘ ਖਾਲਸਾ, ਗੁਰਮੀਤ ਸਿੰਘ ਨਿੱਕਾ ਮਾਨ, ਡਾ: ਅਰਜਿੰਦਰ ਬੁਤਾਲਵੀ, ਗੁਰਉਪਦੇਸ਼ ਸਿੰਘ ਜੋਧੇ, ਬਲਵਿੰਦਰ ਸਿੰਘ ਅਠੌਲਾ, ਸਕੱਤਰ ਸਿੰਘ ਪੁਰੇਵਾਲ, ਅਜੈਬ ਸਿੰਘ ਬੋਦੇਵਾਲ, ਸੁਬੇਗ ਸਿੰਘ ਮੀਆਂਵਿੰਡ, ਹਰਦੀਪ ਸਿੰਘ, ਗੁਰਦੇਵ ਸਿੰਘ, ਪ੍ਰਤਾਪ ਸਿੰਘ, ਦਵਿੰਦਰ ਸਿੰਘ, ਜੋਗਿੰਦਰ ਸਿੰਘ ਪਾਇਲਟ ਆਦਿ ਨੇ ਕਾਵਿ ਰਚਨਾਵਾਂ ਰਾਹੀਂ ਸ਼ਹੀਦਾਂ ਨੂੰ ਯਾਦ ਕੀਤਾ ।

ਆਵਾਜ਼ਿ ਕੌਮ AWAZE QAUM International Newspaper & WEB TV

ਐਸ. ਕੇ. ਬੈਡਮਿੰਟਨ ਕਲੱਬ ਨੇ ਕਰਵਾਇਆ ਜਿਲ੍ਹਾ ਪੱਧਰੀ ਬੈਡਮਿੰਟਨ ਟੂਰਨਾਮੈਂਟ

# ਸੀਨੀਅਰ ਵਰਗ ਡਬਲ 'ਚ ਦੀਪਕ ਸਿੰਘ ਤੇ ਰੋਹਿਤ ਕੁਮਾਰ ਨੇ ਜਿੱਤਿਆ ਫਾਈਨਲ ਵੱਖ-ਵੱਖ ਸਖਸ਼ੀਅਤਾਂ ਨੇ ਕੀਤਾ ਸਨਮਾਨਿਤ



ਜੰਡਿਆਲਾ ਗੁਰੂ, 21 ਦਸੰਬਰ ( ਕੁਲਵੰਤ ਸਿੰਘ ਵਿਰਦੀ )-ਐਸ. ਕੇ. ਬੈਡਮਿੰਟਨ ਕਲੱਬ, ਜੰਡਿਆਲਾ ਗੁਰੂ ਵਲੋਂ ਸਤਪਾਲ ਪੁਜਾਰਾ ਦੇ ਉਪਰਾਲੇ ਸਦਕਾ ਕਰਵਾਏ ਗਏ 15 ਰੋਜ਼ਾ ਜਿਲ੍ਹਾ ਪੱਧਰੀ ਬੈਡਮਿੰਟਨ ਟੂਰਨਾਮੈਂਟ ਦਾ ਫਾਈਨਲ ਅੱਜ ਜਾਹੋ ਜਲਾਲ ਨਾਲ ਸਮਾਪਤ ਹੋਇਆ। ਜਿਲਾ ਪੱਧਰੀ ਬੈਡਮਿੰਟਨ ਟੂਰਨਾਮੈਂਟ ਵਿੱਚ ਸੀਨੀਅਰ ਵਰਗ ਵਿੱਚ ਫਾਈਨਲ ਮੁਕਾਬਲਾ (ਡਬਲ) ਚਾਂਦਪ੍ਰੀਤ ਸਿੰਘ ਪ੍ਰੀਤ ਤੇ ਅਭਿਸ਼ੇਕ ਮਲਹੋਤਰਾ ਅਤੇ ਦੀਪਕ ਸਿੰਘ ਤੇ ਰੋਹਿਤ ਕੁਮਾਰ ਜੰਮੂ ਦੀਆਂ ਟੀਮਾਂ ਦਰਮਿਆਨ ਹੋਇਆ, ਜੋ ਦੀਪਕ ਸਿੰਘ ਤੇ ਰੋਹਿਤ ਕੁਮਾਰ ਜੰਮੂ ਦੀ ਟੀਮ ਨੇ 21-13, 21-14 ਅੰਕਾਂ ਦੇ ਫਰਕ ਨਾਲ ਜਿੱਤਿਆ ਜਦੋਂ ਕਿ ਜੂਨੀਅਰ ਵਰਗ (ਡਬਲ) ਵਿੱਚ ਇਆਨ ਮਲਹੋਤਰਾ ਤੇ ਹਰਮਨ ਪੁਜਾਰਾ ਅਤੇ ਰੋਨਿਤ ਪਾਸਾਹਨ ਤੇ ਸਰਵਨ ਪੁਜਾਰਾ ਦੀਆਂ ਟੀਮਾਂ ਵਿਚਕਾਰ ਹੋਇਆ, ਜਿਸ ਵਿੱਚ 21-17 ਅੰਕਾਂ ਦੇ ਫਰਕ ਨਾਲ ਰੋਨਿਤ ਪਾਸਾਹਨ ਤੇ ਸਰਵਨ ਪੁਜਾਰਾ ਦੀ ਟੀਮ ਨਾਲ ਬਾਜ਼ੀ ਮਾਰੀ। ਅਖੀਰ ਵਿੱਚ ਸਿੰਗਲ ਦਾ ਪਹਿਲਾ ਫਾਈਨਲ ਮੁਕਾਬਲਾ ਇਆਨ ਮਲਹੋਤਰਾ ਅਤੇ ਰੋਨਿਤ ਪਾਸਾਹਨ ਵਿਚਕਾਰ ਹੋਇਆ, ਜੋ ਰੋਨਿਤ ਪਸਾਹਨ ਨੇ 15-12 ਅੰਕਾਂ ਦੇ ਫਰਕ ਨਾਲ ਜਿੱਤਿਆ। ਸਿੰਗਲ ਦਾ ਦੂਸਰਾ ਫਾਈਨਲ ਮੁਕਾਬਲਾ ਸਰਵਨ ਪੁਜਾਰਾ ਤੇ ਹਰਮਨ ਪੁਜਾਰਾ ਵਿਚਕਾਰ ਹੋਇਆ, ਜੋ ਹਰਮਨ ਪੁਜਾਰਾ ਨੇ 15-11 ਅੰਕਾਂ ਨਾਲ ਜਿੱਤਿਆ ਅਤੇ ਤੀਸਰਾ ਮੁਕਾਬਲਾ ਰੋਨਿਤ ਪਸਾਹਨ ਤੇ ਹਰਮਨ ਪੁਜਾਰਾ ਵਿਚਕਾਰ ਖੇਡਿਆ ਗਿਆ, ਜੋ ਰੋਨਿਤ ਨੇ ਜਿੱਤਿਆ। ਇਸ ਟੂਰਨਾਮੈਂਟ ਦੇ ਇਨਾਮ ਵੰਡ ਸਮਾਰੋਹ ਵਿੱਚ ਬਤੌਰ ਮਹਿਮਾਨ ਪਹੁੰਚੇ ਜੰਡਿਆਲਾ ਗੁਰੂ ਸ਼ਹਿਰ ਦੇ ਨਾਮਵਰ ਸੀਨੀਅਰ ਖਿਡਾਰੀ ਬਲਦੇਵ ਰਾਜ, ਸੋਹਣਪਾਲ ਸਿੰਘ, ਜਬਰਜੀਤ ਸਿੰਘ ਲੱਕੀ, ਵਾਈਟ ਜੈਨ, ਮਾਸਟਰ ਧਰਮਿੰਦਰ ਸਿੰਘ, ਰੋਬਿਨ ਪਸਾਹਨ, ਮਾਝਾ ਪ੍ਰੈੱਸ ਕਲੱਬ, ਅੰਮ੍ਰਿਤਸਰ ਦੇ ਪ੍ਰਧਾਨ ਗੁਰਦੀਪ ਸਿੰਘ ਨਾਗੀ, ਗੁਲਸ਼ਨ ਜੈਨ ਨੇ ਜੇਤੂ ਟੀਮਾਂ ਨੂੰ ਸਰਟੀਫਕੇਟ, ਟਰਾਫ਼ੀ ਅਤੇ ਤੋਹਫ਼ੇ ਭੇਟ ਕਰਕੇ ਸਨਮਾਨਿਤ ਕੀਤਾ। ਮਾਝਾ ਪ੍ਰੈੱਸ ਕਲੱਬ, ਅੰਮ੍ਰਿਤਸਰ ਦੇ ਪ੍ਰਧਾਨ ਗੁਰਦੀਪ ਸਿੰਘ ਨਾਗੀ ਨੇ ਜੇਤੂ ਟੀਮਾਂ ਤੇ ਖਿਡਾਰੀਆਂ ਨੂੰ ਮੁਬਾਰਕਬਾਦ ਦਿੰਦਿਆਂ ਸਤਪਾਲ ਪੁਜਾਰਾ ਵਲੋਂ ਟੂਰਨਾਮੈਂਟ ਕਰਵਾਉਣ ਦੇ ਉਪਰਾਲੇ ਦੀ ਸ਼ਲਾਘਾ ਕੀਤੀ। ਸਤਪਾਲ ਪੁਜਾਰਾ ਨੇ ਕਿਹਾ ਕਿ ਨਵੀਂ ਪੀੜ੍ਹੀ ਨੂੰ ਖੇਡਾਂ ਦੇ ਨਾਲ ਜੋੜਨ ਦੇ ਉਦੇਸ਼ ਨਾਲ ਅਜਿਹੇ ਟੂਰਨਾਮੈਂਟ ਜਾਰੀ ਰਹਿਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

ਲਖੀਮਪੁਰ-ਖੇੜੀ ਵਿਚ ਗੈਰ-ਕਾਨੂੰਨੀ ਮਾਈਨਿੰਗ ਰੋਕਣ ਦੀ ਕੋਸ਼ਿਸ਼ ਕਰਦੇ

# ਸਿੱਖ ਭਾਈਚਾਰੇ 'ਤੇ ਹਮਲਾ, ਬਜ਼ੁਰਗ ਦੀ ਲਾਹੀ ਪੱਗ

ਨਵੀਂ ਦਿੱਲੀ 21 ਦਸੰਬਰ (ਮਨਪ੍ਰੀਤ ਸਿੰਘ ਖਾਲਸਾ):- ਮੇਰਠ ਉਪਰੰਤ ਦਿੱਲੀ ਵਿਚ ਸਿੱਖਾਂ ਨਾਲ ਕੀਤੀ ਗਈ ਬੇਹੂਰਮਤੀ ਦੀ ਖ਼ਬਰ ਦੀ ਸਿਆਹੀ ਹਾਲੇ ਮੁੱਕੀ ਨਹੀਂ ਹੈ ਲਖੀਮਪੁਰ-ਖੇੜੀ ਦੇ ਪਾਲੀਆ ਥਾਣਾ ਖੇਤਰ ਵਿੱਚ ਗੈਰ-ਕਾਨੂੰਨੀ ਮਾਈਨਿੰਗ ਰੋਕਣ ਗਏ ਸਿੱਖ ਭਾਈਚਾਰੇ ਦੇ ਮੈਂਬਰਾਂ ਅਤੇ ਕਿਸਾਨਾਂ 'ਤੇ ਹਮਲਾ ਕੀਤੇ ਜਾਣ ਦੀ ਦੁਖਦਾਈ ਘਟਨਾ ਦੀ ਜਾਣਕਾਰੀ ਮਿਲ਼ ਰਹੀ ਹੈ । ਮਾਈਨਿੰਗ ਮਾਫੀਆ ਮੈਂਬਰਾਂ ਨੇ ਉਨ੍ਹਾਂ 'ਤੇ ਡੰਡਿਆਂ ਨਾਲ ਹਮਲਾ ਕੀਤਾ ਤੇ ਇੱਕ ਬਜ਼ੁਰਗ ਸਿੱਖ ਦੀ ਪੱਗ ਲਾਹ ਦਿੱਤੀ । ਹਮਲੇ ਤੋਂ ਬਾਅਦ ਇਲਾਕੇ ਵਿੱਚ ਤਣਾਅ ਫੈਲ ਗਿਆ ਹੈ। ਸਿੱਖ ਭਾਈਚਾਰੇ ਦੇ ਮੈਂਬਰ ਅਤੇ ਕਿਸਾਨ ਹਮਲੇ ਦਾ ਵਿਰੋਧ ਕਰਨ ਲਈ ਇੱਕ ਚੌਰਾਹੇ 'ਤੇ ਇਕੱਠੇ ਹੋਏ। ਉਨ੍ਹਾਂ ਨੇ ਮਾਈਨਿੰਗ ਮਾਫੀਆ ਵਿਰੁੱਧ ਪ੍ਰਦਰਸ਼ਨ ਕੀਤਾ ਅਤੇ ਗੈਰ-ਕਾਨੂੰਨੀ ਮਾਈਨਿੰਗ ਨੂੰ ਤੁਰੰਤ ਰੋਕਣ ਦੀ ਮੰਗ ਕੀਤੀ। ਪ੍ਰਦਰਸ਼ਨਕਾਰੀਆਂ ਨੇ ਦੋਸ਼ੀਆਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਦੀ ਵੀ ਮੰਗ ਕੀਤੀ। ਜਾਣਕਾਰੀ ਮਿਲਣ 'ਤੇ, ਪੁਲਿਸ ਮੌਕੇ 'ਤੇ ਪਹੁੰਚੀ ਅਤੇ ਪ੍ਰਦਰਸ਼ਨਕਾਰੀਆਂ ਨੂੰ ਸ਼ਾਂਤ ਕੀਤਾ । ਪੁਲਿਸ ਨੇ ਪੀੜਤਾਂ ਨੂੰ ਢੁਕਵੀਂ ਕਾਰਵਾਈ ਦਾ ਭਰੋਸਾ ਦਿੱਤਾ। ਇਸ ਤੋਂ ਬਾਅਦ, ਕਿਸਾਨਾਂ ਅਤੇ ਪਿੰਡ ਵਾਸੀਆਂ ਨੇ ਪੁਲਿਸ ਸਟੇਸ਼ਨ ਨੂੰ ਇੱਕ ਪਟੀਸ਼ਨ ਸੌਂਪ ਕੇ ਦੋਸ਼ੀਆਂ ਵਿਰੁੱਧ ਕੇਸ ਦਰਜ ਕਰਨ ਦੀ ਮੰਗ ਕੀਤੀ।



ਆਵਾਜ਼ਿ ਕੌਮ AWAZE QAUM International Newspaper & WEB TV

# ਡਾ:ਗੁਰਦਿਆਲ ਸਿੰਘ ਯਾਦਗਾਰੀ ਮੇਲੇ ਚ ਸੇਂਟ ਸੋਲਜ਼ਰ ਸਕੂਲ ਦੇ ਵਿਦਿਆਰਥੀਆਂ ਨੇ ਮਾਰੀਆਂ ਮੱਲਾਂ

## ਓਵਰ ਆਲ ਟਰਾਫੀ ਤੇ ਕੀਤਾ ਕਬਜ਼ਾ ਡਾਇਰੈਕਟਰ ਸ੍ਰ: ਕਿਸ਼ਨਪੁਰੀ ਤੇ ਸਕੂਲ ਮੈਨੇਜਮੈਂਟ ਵੱਲੋਂ ਵਿਦਿਆਰਥੀਆਂ ਦਾ ਸਕੂਲ ਪਹੁੰਚਣ ਤੇ ਸ਼ਾਨਦਾਰ ਸਵਾਗਤ



**ਜੰਡਿਆਲਾ ਗੁਰੂ 21 ਦਸੰਬਰ ( ਕੁਲਵੰਤ ਸਿੰਘ ਵਿਰਦੀ )**-ਡਾ:ਗੁਰਦਿਆਲ ਸਿੰਘ ਯਾਦਗਾਰੀ ਮੇਲਾ ਪੰਡਤ ਕਿਸ਼ਨ ਦਵੇਸਰ ਦੀ ਅਗਵਾਈ ਵਿੱਚ ਮਿਤੀ 15 ਤੋਂ 17 ਦਸੰਬਰ ਤੱਕ ਵਿਰਸਾ ਵਿਹਾਰ ਅੰਮ੍ਰਿਤਸਰ ਵਿਖੇ ਕਰਵਾਇਆ ਗਿਆ। ਜਿਸ ਵਿੱਚ ਅੰਮ੍ਰਿਤਸਰ ਜ਼ਿਲ੍ਹੇ ਦੇ ਲਗਭਗ 70 ਸਕੂਲਾਂ ਨੇ ਭਾਗ ਲਿਆ। ਇਸ ਮੇਲੇ ਵਿੱਚ ਸੇਂਟ ਸੋਲਜਰ ਸੋਲਜਰ ਇਲੀਟ ਕਾਨਵੇਂਟ ਸਕੂਲ ਜੰਡਿਆਲਾ ਗੁਰੂ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਦੁਹਰਾਉਂਦਿਆਂ ਇਕ ਵਾਰ ਫੇਰ ਇਸ ਮੇਲੇ ਦੀ ਓਵਰ ਆਲ ਟਰਾਫੀ ਤੇ ਕਬਜ਼ਾ ਕੀਤਾ। ਸਾਲ 2025 ਦਾ ਅੰਤ ਸੈਂਟ ਸੋਲਜਰ ਸਕੂਲ ਲਈ ਵੱਡੀ ਖ਼ੁਸ਼ੀ ਅਤੇ ਜਿੱਤ ਨਾਲ ਸਮਾਪਤ ਹੋਇਆ।। ਇਸ ਮੇਲੇ ਵਿੱਚ ਸ਼ਬਦ ਕੀਰਤਨ, ਗਰੁੱਪ ਗੀਤ ,ਕਵਿਤਾ, ਕਵੀਸ਼ਰੀ ,ਭੰਗੜਾ ,ਗਿੱਧਾ, ਸੌਲੋ ਡਾਂਸ, ਸੁਪਰ ਸੀਨੀਅਰ ਡਾਂਸ, ਪੇਂਟਿੰਗ, ਇਕਾਂਗੀ ਅਤੇ ਹੋਰ ਵੱਖ ਵੱਖ ਈਵੈਂਟਸ ਦੇ ਮੁਕਾਬਲੇ ਕਰਵਾਏ ਗਏ। ਇਹਨਾਂ ਮੁਕਾਬਲਿਆਂ ਵਿੱਚ ਸੇਂਟ ਸੋਲਜਰ ਦੇ ਵਿਦਿਆਰਥੀਆਂ ਨੇ ਸ਼ਬਦ ਜੂਨੀਅਰ ਪਹਿਲਾ ਇਨਾਮ, ਗਰੁੱਪ ਗੀਤ ਜੂਨੀਅਰ ਪਹਿਲਾ ਇਨਾਮ ,ਗਰੁੱਪ ਗੀਤ ਸੀਨੀਅਰ ਪਹਿਲਾ ਇਨਾਮ,ਕਵੀਸ਼ਰੀ ਜੂਨੀਅਰ ਪਹਿਲਾ ਇਨਾਮ ,ਕਵੀਸ਼ਰੀ ਸੀਨੀਅਰ ਦੂਸਰਾ ਇਨਾਮ, ਸੋਲੋ ਡਾਂਸ ਜੂਨੀਅਰ ਪਹਿਲਾ ਇਨਾਮ, ਸੋਲੋ ਡਾਂਸ ਸੀਨੀਅਰ ਪਹਿਲਾ ਇਨਾਮ, ਪੇਂਟਿੰਗ ਸੀਨੀਅਰ ਪਹਿਲਾ ਇਨਾਮ ਪੇਂਟਿੰਗ ਜੂਨੀਅਰ ਦੂਸਰਾ ਇਨਾਮ,ਗਿੱਧਾ ਜੂਨੀਅਰ ਦੂਸਰਾ ਇਨਾਮ, ਗਿੱਧਾ ਸੀਨੀਅਰ ਪਹਿਲਾਂ ਇਨਾਮ ਸੁਪਰ ਸੀਨੀਅਰ ਡਾਂਸ ਮਨਪ੍ਰੀਤ ਮੈਮ ਪਹਿਲਾ ਇਨਾਮ ,ਅਤੇ ਕਵਿਤਾ ਮੁਕਾਬਲਿਆਂ ਵਿੱਚ ਦੂਸਰਾ ਇਨਾਮ ਹਾਸਿਲ ਕੀਤਾ। ਸਕੂਲ ਪਹੁੰਚਣ ਤੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ. ਮੰਗਲ ਸਿੰਘ ਕਿਸ਼ਨਪੁਰੀ ਅਤੇ ਪ੍ਰਿੰਸੀਪਲ ਡਾ.ਅਮਰਪ੍ਰੀਤ ਕੌਰ ਜੀ ਨੇ ਜੇਤੂ ਬੱਚਿਆਂ ਨੂੰ ਸ਼ਾਬਾਸ਼ੀ ਅਤੇ ਵਧਾਈ ਦਿੱਤੀ। ਅਤੇ ਸਬੰਧਤ ਅਧਿਆਪਕਾਂ ਗੁਰਵਿੰਦਰ ਸਿੰਘ ,ਸੁਸ਼ੀਲ ਕੁਮਾਰ, ਸਿਕੰਦਰ ਸਿੰਘ ,ਅਜੇ ਕੁਮਾਰ, ਮਨਪ੍ਰੀਤ ਕੌਰ, ਮਨਦੀਪ ਕੌਰ, ਪਰਮਿੰਦਰ ਕੌਰ ,ਰਜਨੀ ਮੈਮ , ਜਗਰੂਪ ਕੌਰ ਰਮਨਦੀਪ ਕੌਰਅਤੇ ਕਲਚਰਲ ਐਕਟੀਵਿਟੀ ਦੇ ਇੰਚਾਰਜ ਜਸਬੀਰ ਸਿੰਘ ਦੀ ਮਿਹਨਤ ਨੂੰ ਵੀ ਖ਼ੂਬ ਸਰਾਹਿਆ। ਅਤੇ ਅੱਗੇ ਤੋਂ ਵੀ ਇਸੇ ਤਰ੍ਹਾਂ ਹੋਰ ਮਿਹਨਤ ਕਰਨ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਤੇ ਸਕੂਲ ਦੇ ਵਾਈਸ ਪ੍ਰਿੰਸੀਪਲ ਸ੍ਰੀਮਤੀ ਗੁਰਪ੍ਰੀਤ ਕੌਰ, ਸ਼ਿਲਪਾ ਸ਼ਰਮਾ ਕੋਆਰਡੀਨੇਟਰ, ਨੀਲਾਕਸ਼ੀ ਗੁਪਤਾ ਕੋਆਰਡੀਨੇਟਰ, ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਮਨਰੇਗਾ ਦੇ ਮੂਲ਼ ਢਾਂਚੇ 'ਚ ਕੇਂਦਰ ਵੱਲੋਂ ਬਦਲਾਅ ਕਰਨ ਨਾਲ ਰੋਜ਼ਗਾਰ ਦਾ ਸਰੂਪ ਬਦਲੇਗਾ- ਸਿੱਧੂ



ਤਲਵੰਡੀ ਸਾਬੋ, 21 ਦਸੰਬਰ (ਗੁਰਜੰਟ ਸਿੰਘ ਨਥੇਹਾ)- ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਮਨਰੇਗਾ ਦੇ ਮੂਲ ਢਾਂਚੇ 'ਚ ਬਦਲਾਅ ਕਰਕੇ ਉਸਨੂੰ ਵਿਕਸਤ ਭਾਰਤ ਗਾਰੰਟੀ ਫਾਰ ਰੋਜ਼ਗਾਰ ਐਂਡ ਆਜ਼ੀਵਕਾ ਮਿਸ਼ਨ ਗ੍ਰਾਮੀਨਣ ਬਣਾ ਦੇਣ ਨਾਲ ਰੋਜ਼ਗਾਰ ਦਾ ਸਰੂਪ ਬਦਲ ਜਾਵੇਗਾ ਅਤੇ ਮਾਹਿਰਾਂ ਦੁਆਰਾ ਸੰਭਾਵਨਾ ਜਤਾਈ ਜਾ ਰਹੀ ਹੈ ਕਿ ਨਵਾਂ ਬਿੱਲ ਲਾਗੂ ਹੋਣ ਤੇ ਵੱਡੀ ਗਿਣਤੀ ਉਨਾਂ ਲੋਕਾਂ ਤੋਂ ਰੋਜ਼ਗਾਰ ਖੋਹ ਲਿਆ ਜਾਵੇਗਾ ਜਿੰਨ੍ਹਾਂ ਨੂੰ ਮਨਰੇਗਾ ਰਾਹੀਂ ਰੋਜ਼ਗਾਰ ਮਿਲ ਰਿਹਾ ਹੈ ੳਕਤ ਵਿਚਾਰਾਂ ਦਾ ਪ੍ਰਗਟਾਵਾ ਹਲਕੇ ਦੇ ਸਾਬਕਾ ਵਿਧਾਇਕ ਜੀਤਮਹਿੰਦਰ ਸਿੰਘ ਸਿੱਧੂ ਦੇ ਪੁੱਤਰ ਤੇ ਨੌਜਵਾਨ ਕਾਂਗਰਸੀ ਆਗੂ ਗੁਰਬਾਜ਼ ਸਿੰਘ ਸਿੱਧੂ ਨੇ ਗੱਲਬਾਤ ਦੌਰਾਨ ਕੀਤਾ ।ਸਿੱਧੂ ਜੋ ਕਿ ਪਿੰਡ ਲੇਲੇਵਾਲਾ :ਚ ਇੱਕ ਕ੍ਰਿਕੇਟ ਟੂਰਨਾਮੈਂਟ 'ਚ ਮੁੱਖ ਮਹਿਮਾਨ ਵਜੋਂ ਸ਼ਮੂਲੀਅਤ ਕਰਨ ਆਏ ਸਨ ਨੇ ਬਾਅਦ ਚ ਗੱਲਬਾਤ ਕਰਦਿਆਂ ਕਿਹਾ ਕਿ ਮਨਰੇਗਾ 3 ਮੁੱਖ ਸਿਧਾਂਤਾ ਰੋਜ਼ਗਾਰ ਪ੍ਰਦਾਨ ਕਰਨਾ, ਟਿਕਾਊ ਰੋਜ਼ੀ ਰੋਟੀ ਨੂੰ ਯਕੀਨੀ ਬਣਾਉਣ ਲਈ ਰੋਜ਼ਗਾਰ ਰਾਹੀਂ ਸਥਾਨਕ ਬੁਨਿਆਦੀ ਢਾਂਚਾ ਬਣਾਉਣਾ ਅਤੇ ਰੋਜ਼ਗਾਰ ਨਿਰਧਾਰਿਤ ਕਰਨ ਲਈ ਗ੍ਰਾਮ ਪੰਚਾਇਤ ਪੱਧਰ ਤੇ ਫੈਸਲਾ ਲੈਣਾ ਉੱਪਰ ਆਧਾਰਿਤ ਸੀ ਪਰ ਨਵਾਂ ਕਾਨੂੰਨ ਅਗਰ ਲਾਗੂ ਹੁੰਦਾ ਹੈ ਤਾਂ ਗ੍ਰਾਮ ਪੰਚਾਇਤਾਂ ਤੋਂ ਰੋਜ਼ਗਾਰ ਦੇਣ ਦੀ ਪ੍ਰਵਾਨਗੀ ਦੇ ਹੱਕ ਖੋਹ ਕੇ ਕੇਂਦਰ ਸਰਕਾਰ ਨੂੰ ਦੇ ਦਿੱਤੇ ਜਾਣਗੇ ਅਤੇ ਉਸ ਸੂਰਤ ਚ ਕੇਂਦਰ ਸਰਕਾਰ ਹੀ ਫੈਸਲਾ ਕਰੇਗੀ ਕਿ ਕਿਸਨੂੰ, ਕਿੱਥੇ ਅਤੇ ਕਦੋਂ ਰੋਜ਼ਗਾਰ ਦੇਣਾ ਹੈ। ਉਨਾਂ ਨੇ ਨਵੇਂ ਬਿੱਲ ਨੂੰ ਪੇਂਡੂ ਮਨਰੇਗਾ ਕਾਮਿਆਂ ਦੇ ਹੱਕਾਂ ਤੇ ਡਾਕਾ ਕਰਾਰ ਦਿੱਤਾ। ਉੱਧਰ ਟੂਰਨਾਮੈਂਟ ਦੌਰਾਨ ਸਿੱਧੂ ਨੇ ਟੂਰਨਾਮੈਂਟ ਪ੍ਰਬੰਧਕਾਂ ਦੇ ਉੱਦਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਬੱਚਿਆਂ ਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਅਜਿਹੇ ਉਪਰਾਲੇ ਸਮੇਂ ਦੀ ਲੋੜ ਹੈ। ਸਿੱਧੂ ਨਾਲ ਇਸ ਮੌਕੇ ਬਲਵੰਤ ਸਿੰਘ ਲੇਲੇਵਾਲਾ, ਮੇਜਰ ਸਿੰਘ ਸਾਬਕਾ ਸਰਪੰਚ ਲੇਲੇਵਾਲਾ, ਮਨਪ੍ਰੀਤ ਸਿੰਘ ਧਾਲੀਵਾਲ ਸ਼ੇਖਪੁਰਾ, ਸੁਰਜੀਤ ਸ਼ਿੰਦੀ ਜਗਾ ਰਾਮ ਤੀਰਥ, ਹਰਪਾਲ ਗਾਟਵਾਲੀ, ਹਰਜਿੰਦਰ ਸਿੰਘ ਜਿੰਦਾ ਜੀਵਨ ਸਿੰਘ ਵਾਲਾ ਤੇ ਗੁਰਵਿੰਦਰ ਸਿੰਘ ਦੁੱਨੇਵਾਲਾ ਆਦਿ ਮੌਜੂਦ ਦਿਖਾਈ ਦਿੱਤੇ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243